ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7l

International Daily Newspaper & WEB TV

awazeqaumtvpunjab@gmail.com

ਮੰਗਲਵਾਰ, 6 ਜਨਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੨੩ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243



## ਫ਼ਖਰ-ਏ-ਕੌਮ

## ਸ਼ਹੀਦ ਭਾਈ ਸਤਵੰਤ ਸਿੰਘ, ਸ਼ਹੀਦ ਭਾਈ ਬੇਅੰਤ ਸਿੰਘ, ਸ਼ਹੀਦ ਭਾਈ ਕੇਹਰ ਸਿੰਘ ਅਤੇ ਬੀਬੀ ਸੁਰਿੰਦਰ ਕੌਰ ਦੀ ਮਿੱਠੀ ਯਾਦ ਨੂੰ ਕੋਟਿਨ-ਕੋਟਿ ਪ੍ਰਣਾਮ ਕਰਦੇ ਹਾਂ

-- ⋆ ਵੱਲੋਂ ⋆--

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243




## ਸ਼ਹੀਦਾਂ ਦੀ ਯਾਦ 'ਚ ਅਤੇ ਭਲਵਾਨਾਂ ਦੀ ਚੜ੍ਹਦੀ ਕਲਾ ਲਈ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਇੰਗਲੈਂਡ ਨਿਵਾਸੀ ਸ. ਜੋਗਿੰਦਰ ਸਿੰਘ ਢੰਡੋਵਾਲ ਦੇ ਪਰਿਵਾਰ ਵੱਲੋਂ ਹੋਵੇਗੀ।

ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਆਰੰਭਤਾ 12 ਜਨਵਰੀ, 2026 (ਦਿਨ ਸੋਮਵਾਰ) ਸਵੇਰੇ 10.00 ਵਜੇ ਨੂੰ ਹੋਵੇਗੀ, ਜਿਨ੍ਹਾਂ ਦੇ ਭੋਗ 14 ਜਨਵਰੀ, 2026 (ਦਿਨ ਬੁੱਧਵਾਰ) ਨੂੰ ਸਵੇਰੇ 10.00 ਵਜੇ ਪਾਏ ਜਾਣਗੇ। ਅਰਦਾਸ ਉਪਰੰਤ ਦੀਵਾਨ ਸਜਣਗੇ, ਜਿਸ ਦੌਰਾਨ ਪੰਥ ਪ੍ਰਸਿੱਧ ਰਾਗੀ-ਢਾਡੀ ਸੰਗਤਾਂ ਨੂੰ ਨਿਹਾਲ ਕਰਨਗੇ। ਉਪਰੰਤ ਛਿੰਝ ਦੌਰਾਨ ਭਲਵਾਨ ਆਪਣੀ ਭਲਵਾਨੀ ਦੇ ਜੌਹਰ ਦਿਖਾਉਣਗੇ।

ਛਿੰਝ ਮੇਲੇ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।

**ਸਮੂਹ ਇਲਾਕਾਵਸੀਆਂ ਨੂੰ ਪਹੁੰਚਣ ਦਾ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ ਜੀ**

**ਵੱਲੋਂ: ਸਮੂਹ ਨਗਰ ਨਿਵਾਸੀ ਪਿੰਡ ਢੰਡੋਵਾਲ, ਸ਼ਾਹਕੋਟ (ਜਲੰਧਰ)**

ਸੰਪਰਕ: (ਨਛੱਤਰ ਸਿੰਘ ਸੱਤੀ) 98151-02950, 82840-32366 (ਬਲਿਹਾਰ ਸਿੰਘ ਨੰਬਰਦਾਰ), (ਜੀਤ ਸਿੰਘ) 92573-40139

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਮੰਗਲਵਾਰ, 6 ਜਨਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੨੩ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਸ੍ਰੀ ਅਕਾਲ ਤਖਤ ਸਾਹਿਬ ਵਿਖੇ

# ਮੁੱਖ ਮੰਤਰੀ ਭਗਵੰਤ ਮਾਨ ਨੂੰ ਕੀਤਾ ਗਿਆ ਤਲਬ





**ਚੰਡੀਗੜ੍ਹ/ਅੰਮ੍ਰਿਤਸਰ, 5 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਤਲਬ ਕੀਤਾ ਗਿਆ ਹੈ। ਜਾਣਕਾਰੀ ਅਨੁਸਾਰ, ਮੁੱਖ ਮੰਤਰੀ ਨੂੰ ਵਾਰ-ਵਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਗੋਲਕਾਂ ਬਾਰੇ ਬਿਆਨ ਦੇਣ ਦੇ ਮਾਮਲੇ 'ਚ ਤਲਬ ਕੀਤਾ ਗਿਆ ਹੈ। ਮੁੱਖ ਮੰਤਰੀ ਨੂੰ 15 ਜਨਵਰੀ ਨੂੰ ਨਿੱਜੀ ਤੌਰ 'ਤੇ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਪੇਸ਼ ਹੋ ਕੇ ਸਪੱਸ਼ਟੀਕਰਨ ਦੇਣ ਦਾ ਹੁਕਮ ਦਿੱਤਾ ਗਿਆ ਹੈ।

**"ਬਰਗਾੜੀ ਦੇ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਤੋਂ ਭੱਜ ਰਹੀ ਮਾਨ ਸਰਕਾਰ"**

ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਅਤੇ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਬਰਗਾੜੀ ਕਾਂਡ 'ਚ ਪ੍ਰਦੀਪ ਕਲੇਰ ਦੀ ਗ੍ਰਿਫ਼ਤਾਰੀ ਤੋਂ ਬਾਅਦ ਸੁਪਰੀਮ ਕੋਰਟ 'ਚ ਪੇਸ਼ੀ ਦੌਰਾਨ ਸਰਕਾਰ ਦਾ ਕੋਈ ਵਕੀਲ ਪੇਸ਼ ਨਹੀਂ ਹੋਇਆ। ਜਦਕਿ ਸਪੀਕਰ ਸੰਧਾਵਾ ਦਾ ਕਹਿਣਾ ਸੀ 24 ਘੰਟਿਆਂ 'ਚ ਬੇਅਦਬੀ ਦੋਸ਼ੀਆਂ ਨੂੰ ਇਨਸਾਫ਼ ਦੇਵਾਂਗੇ , ਪਰ ਅੱਜ 4 ਸਾਲ ਹੋ ਗਏ ਹਨ, ਧਰਨਾ ਵੀ ਚੁਕਵਾਇਆ ਗਿਆ, ਪਰੰਤੂ ਇਨਸਾਫ਼ ਨਹੀਂ ਦਿੱਤਾ ਗਿਆ। ਨਾਲ ਹੀ ਮੌੜ ਬੰਬ ਕਾਂਡ ਦੇ ਮੁਲਜ਼ਮ ਵੀ ਹੁਣ ਤੱਕ ਨਹੀਂ ਫੜੇ ਗਏ, ਜਦਕਿ ਉਸਦਾ ਸਿੱਧਾ ਲਿੰਕ ਡੇਰਾ ਸਿਰਸਾ ਮੁਖੀ ਨਾਲ ਹੈ। ਨਾ ਹੀ ਪੰਜਾਬ ਸਰਕਾਰ ਬੇਅਦਬੀ ਮਾਮਲੇ 'ਚ ਸੁਪਰੀਮ ਕੋਰਟ ਪੇਸ਼ ਹੋ ਰਹੀ ਹੈ। ਇਸੇ ਦੌਰਾਨ ਜਥੇਦਾਰ ਗੜਗੱਜ ਨੇ ਸਾਲ 2015 ਵਿੱਚ ਬਰਗਾੜੀ ਵਿਖੇ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਦੇ ਇਸ਼ਾਰੇ ਉੱਤੇ ਕੀਤੀ ਗਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਅਤੇ 2017 ਵਿੱਚ ਕੀਤੇ ਗਏ ਮੌੜ ਅੱਤਵਾਦੀ ਧਮਾਕੇ ਜਿਸ ਵਿੱਚ ਪੰਜ ਬੱਚਿਆਂ ਸਮੇਤ ਸੱਤ ਵਿਅਕਤੀਆਂ ਦੀ ਜਾਨ ਗਈ ਸੀ, ਦੇ ਮਾਮਲਿਆਂ ਵਿੱਚ ਪੰਜਾਬ ਦੀ ਮੌਜੂਦਾ ਸਰਕਾਰ ਨੂੰ ਇਹ ਸਪੱਸ਼ਟ ਕਰਨ ਲਈ ਕਿਹਾ ਕਿ ਸਰਕਾਰ ਨੇ ਹੁਣ ਤੱਕ ਇਨ੍ਹਾਂ ਮਾਮਲਿਆਂ ਵਿੱਚ ਸਿੱਖਾਂ ਤੇ ਪੀੜਤਾਂ ਨੂੰ ਇਨਸਾਫ਼ ਕਿਉਂ ਨਹੀਂ ਦਿਵਾਇਆ। ਉਨ੍ਹਾਂ ਕਿਹਾ ਕਿ ਬਰਗਾੜੀ ਬੇਅਦਬੀ ਮਾਮਲੇ ਵਿੱਚ ਬੀਤੇ ਸਮੇਂ ਗ੍ਰਿਫ਼ਤਾਰ ਕੀਤੇ ਗਏ ਮੁੱਖ ਦੋਸ਼ੀ ਪ੍ਰਦੀਪ ਕਲੇਰ ਨੇ ਅਦਾਲਤ ਵਿੱਚ ਆਪਣੇ ਬਿਆਨਾਂ ਅੰਦਰ ਇਹ ਗੱਲ ਸਪੱਸ਼ਟ ਆਖੀ ਹੈ ਕਿ ਇਹ ਬੇਅਦਬੀ ਗੁਰਮੀਤ ਰਾਮ ਰਹੀਮ ਤੇ ਉਸ ਦੀ ਪੈਰੋਕਾਰ ਹਨੀਪ੍ਰੀਤ ਦੇ ਕਹਿਣ ਉੱਤੇ ਕੀਤੀ ਗਈ ਹੈ। ਇਸ ਦੇ ਨਾਲ ਹੀ ਮੌੜ ਬੰਬ ਧਮਾਕੇ ਮਾਮਲੇ ਦੀ ਕੜੀ ਵੀ ਗੁਰਮੀਤ ਰਾਮ ਰਹੀਮ ਦੇ ਡੇਰੇ ਨਾਲ ਜੁੜਦੀ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਦੱਸੇ ਕਿ ਉਹ ਹੁਣ ਤੱਕ ਇਨ੍ਹਾਂ ਮਾਮਲਿਆਂ ਵਿੱਚ ਗੁਰਮੀਤ ਰਾਮ ਰਹੀਮ ਤੇ ਹਨੀਪ੍ਰੀਤ ਅਤੇ ਹੋਰ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਪੰਜਾਬ ਅੰਦਰ ਕਿਉਂ ਨਹੀਂ ਲਿਆਈ ? ਉਨ੍ਹਾਂ ਕਿਹਾ ਕਿ ਬਰਗਾੜੀ ਮਾਮਲੇ ਵਿੱਚ ਸ਼ਰੇਆਮ ਸਿੱਖਾਂ ਵਿਰੁੱਧ ਵੱਡੀ ਸਾਜ਼ਿਸ਼ ਤਹਿਤ ਗੁਰਮੀਤ ਰਾਮ ਰਹੀਮ ਵੱਲੋਂ ਬੇਅਦਬੀ ਕਰਵਾਈ ਗਈ, ਲੇਕਿਨ ਮੌਜੂਦਾ ਆਮ ਪਾਰਟੀ ਦੀ ਸਰਕਾਰ ਨੇ ਬਰਗਾੜੀ ਬੇਅਦਬੀ ਮਾਮਲੇ ਨੂੰ ਇਕੱਲੇ ਸਿਆਸੀ ਤੌਰ ਉੱਤੇ ਹੀ ਨਹੀਂ ਵਰਤਿਆ ਬਲਕਿ ਸਰਕਾਰ ਇੱਕ ਧਿਰ ਬਣਕੇ ਰਾਮ ਰਹੀਮ ਜਿਹੇ ਸਿੱਖ ਵਿਰੋਧੀ ਝੂਠੇ ਸਾਧ ਨੂੰ ਬਚਾਉਣ ਲਈ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਆਗੂ ਇਹ ਗੱਲ ਕਹਿੰਦੇ ਰਹੇ ਹਨ ਕਿ ਮੌੜ ਧਮਾਕਾ ਉਨ੍ਹਾਂ ਨੂੰ ਸੱਤਾ ਵਿੱਚ ਆਉਣ ਤੋਂ ਰੋਕਣ ਲਈ ਕੀਤਾ ਗਿਆ ਸੀ ਪਰੰਤੂ ਸੱਤਾ ਆ ਕੇ ਸਰਕਾਰ ਨੇ ਇਸ ਮਾਮਲੇ ਵਿੱਚ ਕਾਰਵਾਈ ਕਿਉਂ ਨਹੀਂ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰ ਨਿੱਕੇ ਨਿੱਕੇ ਮਾਮਲਿਆਂ ਜਿਵੇਂ ਖਿਡੌਣਾ ਰਫ਼ਲ ਨਾਲ ਫ਼ੋਟੋ ਪਾਉਣ ਉੱਤੇ ਨੌਜਵਾਨਾਂ ਉੱਤੇ ਪਰਚੇ ਕਰ ਦਿੰਦੀ ਹੈ। ਇਸ ਸਰਕਾਰ ਨੇ ਸਿੱਖ ਨੌਜਵਾਨਾਂ ਉੱਤੇ ਐੱਨਐੱਸਏ ਅਤੇ ਯੂਏਪੀਏ ਜਿਹੇ ਕਾਨੂੰਨਾਂ ਤਹਿਤ ਕਾਰਵਾਈ ਕਰਕੇ ਆਪਣੀ ਸਿੱਖ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ ਪਿਛਲੇ ਲੰਮੇ ਸਮੇਂ ਤੋਂ ਕੀਤਾ ਹੈ। ਜਥੇਦਾਰ ਸਾਹਿਬ ਨੇ ਕਿਹਾ ਕਿ ਪਿਛਲੇ ਦਿਨੀ ਮੁੱਖ ਮੰਤਰੀ ਮਾਨ ਨੇ ਸ੍ਰੀ ਅਕਾਲ ਤਖ਼ਤ ਦੀ ਰਹਿਤ ਮਾਰਿਆਦਾ 'ਤੇ ਹਮਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਰਹਿਤ ਮਾਰਿਆਦਾ 100 ਸਾਲ ਪਹਿਲਾਂ ਬਣੀ ਹੈ, ਜਿਸ ਨੂੰ 30 ਸਾਲ ਦਾ ਸਮਾਂ ਲੱਗਿਆ ਸੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਨ ਨੇ ਸ਼੍ਰੋਮਣੀ ਕਮੇਟੀ ਦੀਆਂ ਗੋਲਕਾਂ 'ਚ ਪੈਸੇ ਪਾਉਣ ਨੂੰ ਲੈ ਕੇ ਵੀ ਕਈ ਵਾਰ ਨਿਸ਼ਾਨਾ ਬਣਾ ਕੇ ਬਿਆਨ ਦਿੱਤੇ। ਨਾਲ ਹੀ ਦਸਵੰਧ ਨੂੰ ਵੀ ਚੁਣੌਤੀ ਦਿੱਤੀ। ਜਥੇਦਾਰ ਗੜਗੱਜ ਨੇ ਕਿਹਾ ਕਿ ਮੁੱਖ ਮੰਤਰੀ ਦੀਆਂ ਕਈ ਵੀਡੀਓਜ਼ ਨੂੰ ਲੈ ਕੇ ਉਨ੍ਹਾਂ ਕੋਲ ਸ਼ਿਕਾਇਤਾਂ ਵੀ ਪੁੱਜੀਆਂ ਹਨ, ਜੋ ਕਿ ਕਈ ਵੱਡੇ-ਵੱਡੇ ਲੋਕਾਂ ਵੱਲੋਂ ਕੀਤੀਆਂ ਗਈਆਂ ਹਨ। ਇਨ੍ਹਾਂ ਵੀਡੀਓਜ਼ ਵਿੱਚ ਕਥਿਤ ਤੌਰ 'ਤੇ ਭਗਵੰਤ ਮਾਨ ਦੇ ਸ਼ਰਾਬ ਪੀਣ ਅਤੇ 10 ਗੁਰੂ ਸਾਹਿਬਾਨ ਦੀਆਂ ਤਸਵੀਰਾਂ 'ਤੇ ਦਾਰੂ ਦੇ ਛਿੱਟੇ ਮਾਰਨ ਦੇ ਦ੍ਰਿਸ਼ ਵਿਖਾਈ ਦਿੱਤੇ ਹਨ। ਨਾਲ ਹੀ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੀ ਤਸਵੀਰ 'ਤੇ ਵੀ ਕੋਝੀ ਹਰਕਤ ਕੀਤੀ ਗਈ। ਇਹ ਅਤਿ ਘਟੀਆ ਕਾਰਵਾਈ ਹੈ ਅਤੇ ਸ੍ਰੀ ਅਕਾਲ ਤਖਤ ਸਾਹਿਬ 'ਤੇ ਹਮਲਾ ਹੈ। ਉਨ੍ਹਾਂ ਕਿਹਾ ਕਿ ਇਹ ਜੋ ਵੀ ਵੀਡੀਓਜ਼ ਹਨ, ਇਨ੍ਹਾਂ ਦੀ ਸਖਤ ਤੋਂ ਸਖਤ ਜਾਂਚ ਕੀਤੀ ਜਾਵੇਗੀ ਅਤੇ ਸਖਤ ਕਾਰਵਾਈ ਕਰਾਂਗੇ। ਉਨ੍ਹਾਂ ਕਿਹਾ ਕਿ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਅਤੇ ਸਿੱਖ ਮਾਣ-ਸਨਮਾਨ ਨੂੰ ਚੁਣੌਤੀ ਦੇਣ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

## ਗਾਇਕ ਜੱਸੀ ਦੇ ਹੱਕ 'ਚ ਸੀਐਮ ਨੇ ਚੁੱਕੇ ਸਨ ਸਵਾਲ



ਸਾਹਿਬਜ਼ਾਦਿਆਂ ਦੇ ਸ਼ਹੀਦੀ ਸਮਾਗਮਾਂ ਦੌਰਾਨ ਮਸ਼ਹੂਰ ਪੰਜਾਬੀ ਗਾਇਕ ਜਸਬੀਰ ਜੱਸੀ ਨੇ ਭਾਈ ਹਰਜਿੰਦਰ ਸਿੰਘ ਸ੍ਰੀ ਨਗਰ ਵਾਲਿਆਂ ਦੇ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਾਜ਼ਰੀ ਵਿਚ ਕੀਰਤਨ ਕੀਤਾ ਸੀ, ਜਿਸ 'ਤੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਵਲੋਂ ਇਤਰਾਜ਼ ਜਤਾਇਆ ਸੀ। ਪਰੰਤੂ ਮੁੱਖ ਮੰਤਰੀ ਭਗਵੰਤ ਮਾਨ ਨੇ ਇਸ ਗਾਇਕ ਦੇ ਹੱਕ ਵਿੱਚ ਬਿਆਨ ਦਿੰਦਿਆਂ ਕਿਹਾ ਸੀ ਕਿ ਪਰਮਾਤਮਾ ਦਾ ਨਾਂ ਜਪਣ ਲਈ ਸਾਨੂੰ ਕਿਸੇ ਦੀ ਇਜਾਜਤ ਦੀ ਲੋੜ ਨਹੀਂ ਹੈ। ਇਸ ਤਰ੍ਹਾਂ ਦੇ ਸਵਾਲ ਚੁੱਕਣ ਵਾਲੇ ਇਹ ਕੌਣ ਹੁੰਦੇ ਹਨ।

## 'ਆਪ' ਵਿਧਾਇਕਾ ਸਰਬਜੀਤ ਕੌਰ ਮਾਣੂੰਕੇ ਦੇ ਭਤੀਜੇ ਕਬੱਡੀ ਖਿਡਾਰੀ ਦਾ ਦਿਨ-ਦਿਹਾੜੇ ਗੋਲੀਆਂ ਮਾਰ ਕੇ ਕਤਲ

**ਜਗਰਾਉਂ, 5 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ 'ਚ ਕਤਲਾਂ ਦੀਆਂ ਵਾਰਦਾਤਾਂ ਰੁਕ ਨਹੀਂ ਰਹੀਆਂ। ਤਾਜ਼ਾ ਮਾਮਲਾ ਜਗਰਾਓਂ ਤੋਂ ਸਾਹਮਣੇ ਆਇਆ ਹੈ, ਜਿਥੇ ਇੱਕ 32 ਸਾਲਾ ਨੌਜਵਾਨ ਦਾ ਗੋਲੀ ਮਾਰ ਕੇ ਕਤਲ ਕਰ ਦਿੱਤਾ ਗਿਆ ਹੈ। ਨੌਜਵਾਨ ਗਗਨਦੀਪ ਸਿੰਘ, ਸਾਬਕਾ ਕਬੱਡੀ ਖਿਡਾਰੀ ਦੱਸਿਆ ਜਾ ਰਿਹਾ ਹੈ। ਪੁਲਿਸ ਨੇ ਸੂਚਨਾ ਮਿਲਣ 'ਤੇ ਮੌਕੇ 'ਤੇ ਪੁੱਜ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਅਨੁਸਾਰ, ਕਬੱਡੀ ਖਿਡਾਰੀ, ਆਮ ਆਦਮੀ ਪਾਰਟੀ ਦੀ ਹਲਕਾ ਵਿਧਾਇਕ ਬੀਬੀ ਸਰਬਜੀਤ ਕੌਰ ਮਾਣੂੰਕੇ ਦੇ ਰਿਸ਼ਤੇਦਾਰੀ ਵਿੱਚ ਭਤੀਜਾ ਲੱਗਦਾ ਸੀ। 32 ਸਾਲ ਦੇ ਕਬੱਡੀ ਖਿਡਾਰੀ ਗਗਨਦੀਪ ਸਿੰਘ ਨੂੰ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ। ਇਥੋਂ ਤੱਕ ਕਿ ਗਗਨਦੀਪ ਸਿੰਘ ਨੂੰ ਗੋਲੀਆਂ ਮਾਰਨ ਤੋਂ ਬਾਅਦ ਦਰਜਨ ਭਰ ਨੌਜ਼ਵਾਨ ਬੜਕਾਂ ਮਾਰ ਕੇ ਗਗਨਦੀਪ ਦੇ ਘਰ ਦੇ ਬਾਹਰ ਉੱਚੀ ਆਵਾਜ਼ ਵਿਚ ਕਹਿ ਕੇ ਗਏ ਕਿ ਤੁਹਾਡੇ ਮੁੰਡੇ ਨੂੰ ਠੋਕ ਦਿੱਤਾ ਹੈ ਤੇ ਤੁਹਾਡਾ ਮੁੰਡਾ ਖੇਤਾਂ ਵਿਚ ਪਿਆ ਹੈ। ਪਤਾ ਲੱਗਣ 'ਤੇ ਘਰ ਤੇ ਪਿੰਡ ਦੇ ਹੋਰ ਮੁੰਡੇ ਖੇਤਾਂ ਵਿਚ ਲਹੂ-ਲੁਹਾਨ ਹੋਏ ਪਏ ਗਗਨਦੀਪ ਸਿੰਘ ਨੂੰ ਚੱਕ ਕੇ ਸਿਵਿਲ ਹਸਪਤਾਲ ਜਗਰਾਓਂ ਪਹੁੰਚੇ ਤਾਂ ਡਾਕਟਰਾਂ ਨੇ ਉਸਨੂੰ ਮ੍ਰਿਤਕ ਐਲਾਨ ਦਿੱਤਾ। ਇਸ ਮੌਕੇ ਹਲਕਾ ਵਿਧਾਇਕ ਬੀਬੀ ਸਰਬਜੀਤ ਕੌਰ ਮਾਣੂੰਕੇ ਵੀ ਸਿਵਿਲ ਹਸਪਤਾਲ ਪਹੁੰਚੀ ਤੇ ਪੁਲਿਸ ਨੂੰ ਸਪੱਸ਼ਟ ਕਿਹਾ ਕਿ ਉਹ ਦਿਨ-ਰਾਤ ਇੱਕ ਕਰਕੇ ਗਗਨਦੀਪ ਦੇ ਕਾਤਿਲਾਂ ਨੂੰ ਗ੍ਰਿਫ਼ਤਾਰ ਕਰਨ। ਉਨ੍ਹਾਂ ਕਿਹਾ ਕਿ ਉਹ ਆਪਣੇ ਇਲਾਕੇ ਵਿਚ ਕਿਸੇ ਵੀ ਤਰ੍ਹਾਂ ਦੀ ਗੁੰਡਾਗਰਦੀ ਬਰਦਾਸ਼ਤ ਨਹੀਂ ਕਰਨਗੇ। ਇਸ ਮੌਕੇ ਮ੍ਰਿਤਕ ਦੀ ਪਤਨੀ ਤੇ ਉਸਦੇ ਭਰਾ ਨੇ ਵੀ ਦਸਿਆ ਕਿ ਗਗਨਦੀਪ ਸਿੰਘ ਕਬੱਡੀ ਖੇਡਦਾ ਸੀ ਤੇ ਪਿੰਡ ਦੇ ਹੀ ਕਬੱਡੀ ਖਿਡਾਰੀ ਏਕਮ ਸਿੰਘ ਨੂੰ ਪਿੰਡ ਦੇ ਕੁਝ ਨੌਜ਼ਵਾਨ ਤੰਗ ਪਰੇਸ਼ਾਨ ਕਰਦੇ ਸਨ ਤੇ ਗਗਨਦੀਪ ਉਨ੍ਹਾਂ ਨੌਜਵਾਨਾਂ ਨੂੰ ਏਕਮ ਸਿੰਘ ਨੂੰ ਤੰਗ ਪਰੇਸ਼ਾਨ ਕਰਨ ਤੋਂ ਰੋਕਦਾ ਸੀ, ਜਿਸ ਕਰਕੇ ਅੱਜ ਉਨ੍ਹਾਂ ਦਰਜਨ ਭਰ ਨੌਜਵਾਨਾਂ ਨੇ ਗਗਨਦੀਪ ਨੂੰ ਗੋਲੀਆਂ ਮਾਰ ਦਿੱਤੀਆਂ। ਉਨ੍ਹਾਂ ਇਹ ਵੀ ਦਸਿਆ ਕਿ ਗਗਨਦੀਪ ਤਿੰਨ ਬੱਚਿਆਂ ਦਾ ਬਾਪ ਸੀ, ਜਿਨ੍ਹਾਂ ਵਿਚ ਦੋ ਕੁੜੀਆਂ ਤੇ ਇਕ ਮੁੰਡਾ ਸੀ। ਇਸ ਮੌਕੇ ਐਸਐਚਓ ਕੁਲਦੀਪ ਕੁਮਾਰ ਨੇ ਦੱਸਿਆ ਕਿ ਪਿੰਡ ਮਾਣੂੰਕੇ ਵਿਚ ਗੋਲੀ ਚਲੀ ਹੈ ਤੇ ਪਰਿਵਾਰਿਕ ਮੈਂਬਰਾਂ ਦੇ ਬਿਆਨਾਂ 'ਤੇ ਅਗਲੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਗਗਨਦੀਪ ਦੀ ਮੌਤ ਦੇ ਕਾਰਨਾਂ ਬਾਰੇ ਅਜੇ ਪਤਾ ਕਰਨ ਦੀ ਗੱਲ ਕਹੀ।



## ਭਾਰਤੀ ਸੁਪਰੀਮ ਕੋਰਟ ਨੇ ਉਮਰ ਖਾਲਿਦ ਅਤੇ ਸ਼ਰਜੀਲ ਇਮਾਮ ਦੀ ਜ਼ਮਾਨਤ ਪਟੀਸ਼ਨ ਕੀਤੀ ਖਾਰਜ, ਬਾਕੀ 5 ਨੂੰ ਦਿੱਤੀ ਰਾਹਤ



**ਨਵੀਂ ਦਿੱਲੀ, 5 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸੁਪਰੀਮ ਕੋਰਟ ਨੇ ਸੋਮਵਾਰ ਨੂੰ 2020 ਦੇ ਦਿੱਲੀ ਦੰਗਿਆਂ ਦੇ ਸਾਜ਼ਿਸ਼ ਮਾਮਲੇ ਵਿੱਚ ਵਿਦਿਆਰਥੀ ਕਾਰਕੁਨ ਉਮਰ ਖਾਲਿਦ ਅਤੇ ਸ਼ਰਜੀਲ ਇਮਾਮ ਦੀਆਂ ਜ਼ਮਾਨਤ ਪਟੀਸ਼ਨਾਂ ਨੂੰ ਰੱਦ ਕਰ ਦਿੱਤਾ ਹੈ। ਸੁਪਰੀਮ ਕੋਰਟ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਰਾਸ਼ਟਰੀ ਸੁਰੱਖਿਆ ਅਤੇ ਜਨਤਕ ਵਿਵਸਥਾ ਦੇ ਵਿਚਾਰ ਮੁਕੱਦਮੇ ਦੀ ਸੁਣਵਾਈ ਸ਼ੁਰੂ ਹੋਣ ਤੋਂ ਪਹਿਲਾਂ ਆਰੋਪੀਆਂ ਨੂੰ ਲੰਬੇ ਸਮੇਂ ਤੱਕ ਜੇਲ੍ਹ ਵਿੱਚ ਰੱਖਣ ਦੇ ਮੁੱਦੇ ਨਾਲੋਂ ਵੱਧ ਮਹੱਤਵਪੂਰਨ ਹੈ ।ਇਹ ਫੈਸਲਾ ਜਸਟਿਸ ਅਰਵਿੰਦ ਕੁਮਾਰ ਅਤੇ ਐਨ.ਵੀ. ਅੰਜਾਰੀਆ ਦੇ ਬੈਂਚ ਨੇ ਦਿੱਤਾ। ਬਚਾਅ ਪੱਖ ਨੇ ਮੁਕੱਦਮੇ ਦੀ ਸੁਣਵਾਈ ਸ਼ੁਰੂ ਹੋਣ ਤੋਂ ਪਹਿਲਾਂ ਮੁਲਜ਼ਮਾਂ ਦੀ 5 ਸਾਲ ਤੋਂ ਵੱਧ ਕੈਦ ਨੂੰ ਜ਼ਮਾਨਤ ਦੇ ਆਧਾਰ ਵਜੋਂ ਦਰਸਾਇਆ ਸੀ। ਸੁਪਰੀਮ ਕੋਰਟ ਨੇ ਮਾਮਲੇ ਦੇ ਹੋਰ ਮੁਲਜ਼ਮਾਂ, ਗੁਲਫਿਸ਼ਾ ਫਾਤਿਮਾ, ਮੀਰਾਨ ਹੈਦਰ, ਸ਼ਿਫਾ ਉਰ ਰਹਿਮਾਨ, ਮੁਹੰਮਦ ਸਲੀਮ ਖਾਨ ਅਤੇ ਸ਼ਾਦਾਬ ਅਹਿਮਦ ਦੀ ਨਿਰੰਤਰ ਕੈਦ ਨੂੰ ਜ਼ਰੂਰੀ ਨਹੀਂ ਮੰਨਿਆ ਅਤੇ ਉਨ੍ਹਾਂ ਨੂੰ ਜ਼ਮਾਨਤ ਦੇ ਦਿੱਤੀ। ਸੁਪਰੀਮ ਕੋਰਟ ਨੇ ਮੁਲਜ਼ਮਾਂ ਅਤੇ ਦਿੱਲੀ ਪੁਲਿਸ ਦੀਆਂ ਦਲੀਲਾਂ ਸੁਣਨ ਤੋਂ ਬਾਅਦ 10 ਦਸੰਬਰ ਨੂੰ ਆਪਣਾ ਫੈਸਲਾ ਰਾਖਵਾਂ ਰੱਖ ਲਿਆ ਸੀ। ਸਾਰੇ ਆਰੋਪੀ 2020 ਦੇ ਦਿੱਲੀ ਦੰਗਿਆਂ ਵਿੱਚ ਆਪਣੀ ਕਥਿਤ ਭੂਮਿਕਾ ਲਈ ਪੰਜ ਸਾਲਾਂ ਤੋਂ ਵੱਧ ਸਮੇਂ ਤੋਂ ਜੇਲ੍ਹ ਵਿੱਚ ਹਨ। ਉਮਰ ਖਾਲਿਦ ਅਤੇ ਸ਼ਰਜੀਲ ਇਮਾਮ ਨੂੰ ਛੱਡ ਕੇ ਬਾਕੀ ਮੁਲਜ਼ਮਾਂ ਨੂੰ ਜ਼ਮਾਨਤ ਮਿਲਣ ਤੋਂ ਬਾਅਦ ਜੇਲ੍ਹ ਤੋਂ ਰਿਹਾਅ ਕਰ ਦਿੱਤਾ ਜਾਵੇਗਾ। ਉਨ੍ਹਾਂ ਨੇ ਗੈਰ-ਕਾਨੂੰਨੀ ਗਤੀਵਿਧੀਆਂ (ਰੋਕਥਾਮ) ਐਕਟ ਦੇ ਤਹਿਤ ਦਰਜ ਇੱਕ ਮਾਮਲੇ ਵਿੱਚ ਦਿੱਲੀ ਹਾਈ ਕੋਰਟ ਦੇ ਜ਼ਮਾਨਤ ਤੋਂ ਇਨਕਾਰ ਕਰਨ ਦੇ ਆਦੇਸ਼ ਨੂੰ ਚੁਣੌਤੀ ਦਿੱਤੀ ਸੀ। ਇਹ ਮਾਮਲਾ 2020 ਦੇ ਦੰਗਿਆਂ ਪਿੱਛੇ ਇੱਕ ਕਥਿਤ "ਵੱਡੀ ਸਾਜ਼ਿਸ਼" ਨਾਲ ਸਬੰਧਤ ਹੈ, ਜੋ ਕਿ ਨਾਗਰਿਕਤਾ (ਸੋਧ) ਐਕਟ (311) ਅਤੇ ਪ੍ਰਸਤਾਵਿਤ ਰਾਸ਼ਟਰੀ ਨਾਗਰਿਕ ਰਜਿਸਟਰ ਦੇ ਵਿਰੁੱਧ ਵਿਰੋਧ ਪ੍ਰਦਰਸ਼ਨਾਂ ਦੌਰਾਨ ਭੜਕਿਆ ਸੀ, ਜਿਸ ਦੇ ਨਤੀਜੇ ਵਜੋਂ 53 ਲੋਕਾਂ ਦੀ ਮੌਤ ਹੋ ਗਈ ਸੀ ਅਤੇ 700 ਤੋਂ ਵੱਧ ਲੋਕ ਜ਼ਖਮੀ ਹੋਏ ਸਨ।

## ਪਾਕਿਸਤਾਨ ਗਈ ਸਰਬਜੀਤ ਅਤੇ ਉਸਦਾ ਪਾਕਿਸਤਾਨੀ ਪਤੀ ਨਨਕਾਣਾ ਸਾਹਿਬ 'ਚ ਗ੍ਰਿਫਤਾਰ

**ਨਨਕਾਣਾ ਸਾਹਿਬ, 5 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ 'ਚ ਵਿਆਹ ਕਰਵਾਉਣ ਵਾਲੀ ਭਾਰਤੀ ਸਿੱਖ ਸ਼ਰਧਾਲੂ ਸਰਬਜੀਤ ਕੌਰ ਨੂੰ ਪਾਕਿਸਤਾਨੀ ਅਧਿਕਾਰੀਆਂ ਨੇ ਗ੍ਰਿਫ਼ਤਾਰ ਕਰ ਲਿਆ ਹੈ। ਉਸ ਦੇ ਪਾਕਿਸਤਾਨੀ ਪਤੀ ਨਾਸਿਰ ਹੁਸੈਨ ਨੂੰ ਵੀ ਹਿਰਾਸਤ ਵਿੱਚ ਲੈ ਲਿਆ ਗਿਆ ਹੈ। ਪਾਕਿਸਤਾਨ ਸਰਕਾਰ ਨੇ ਹੁਣ ਸਰਬਜੀਤ ਕੌਰ ਨੂੰ ਭਾਰਤ ਵਾਪਸ ਭੇਜਣ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਸਰਬਜੀਤ ਕੌਰ ਨੂੰ ਸਰਹੱਦ ਰਾਹੀ ਕਿਸੇ ਵੇਲੇ ਵੀ ਭਾਰਤ ਵਾਪਸ ਭੇਜਿਆ ਜਾ ਸਕਦਾ ਹੈ। ਸਰਬਜੀਤ ਕੌਰ 4 ਨਵੰਬਰ 2025 ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਲਈ ਸਿੱਖ ਸ਼ਰਧਾਲੂਆਂ ਦੇ ਜਥੇ ਨਾਲ ਪਾਕਿਸਤਾਨ ਗਈ ਸੀ। ਓਥੇ ਜਾ ਕੇ ਉਸਨੇ ਪਾਕਿਸਤਾਨੀ ਨੌਜਵਾਨ ਨਾਸਿਰ ਹੁਸੈਨ ਨਾਲ ਨਿਕਾਹ ਕਰਵਾਇਆ ਸੀ ਅਤੇ ਨਿਕਾਹ ਤੋਂ ਬਾਅਦ ਉਸਨੇ ਆਪਣੇ ਨਾਮ ਨੂਰ ਹੁਸੈਨ ਰੱਖ ਲਿਆ ਸੀ। ਸਰਬਜੀਤ ਕੌਰ ਦਾ ਤੀਰਥ ਯਾਤਰੀ ਵੀਜ਼ਾ 'ਸਿੰਗਲ ਐਂਟਰੀ' ਸੀ ਅਤੇ ਉਸ ਦੀ ਮਿਆਦ ਖ਼ਤਮ ਹੋ ਚੁੱਕੀ ਹੈ। ਪਾਕਿਸਤਾਨੀ ਮੀਡੀਆ ਦੇ ਹਵਾਲੇ ਤੋਂ ਇਹ ਖ਼ਬਰ ਸਾਹਮਣੇ ਆ ਰਹੀ ਹੈ ਕਿ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਤੇ ਪੰਜਾਬ ਸੂਬੇ ਦੇ ਮੰਤਰੀ ਰਮੇਸ਼ ਸਿੰਘ ਅਰੋੜਾ ਅਨੁਸਾਰ ਇਹ ਗ੍ਰਿਫ਼ਤਾਰੀ ਬੀਤੇ ਦਿਨ ਨਨਕਾਣਾ ਸਾਹਿਬ ਦੇ ਪਿੰਡ ਪਹੇੜੇ ਵਾਲੀ ਵਿੱਚ ਕੀਤੀ ਗਈ। ਇੰਟੈਲੀਜੈਂਸ ਬਿਊਰੋ (924) ਅਤੇ ਸਥਾਨਕ ਪੁਲਿਸ ਨੇ ਇੱਕ ਸਾਂਝੀ ਕਾਰਵਾਈ ਦੌਰਾਨ ਜੋੜੇ ਨੂੰ ਹਿਰਾਸਤ ਵਿੱਚ ਲਿਆ। ਦੱਸ ਦੇਈਏ ਕਿ ਸਰਬਜੀਤ ਕੌਰ ਅਤੇ ਨਾਸਿਰ ਹੁਸੈਨ ਸਾਲ 2016 ਤੋਂ ਟਿਕਟੋਕ ਰਾਹੀਂ ਇੱਕ-ਦੂਜੇ ਦੇ ਸੰਪਰਕ ਵਿੱਚ ਸਨ। ਸਰਬਜੀਤ ਕੌਰ ਨੇ ਪਹਿਲਾਂ ਵੀ ਕਈ ਵਾਰ ਵੀਜ਼ਾ ਲੈਣ ਦੀ ਕੋਸ਼ਿਸ਼ ਕੀਤੀ ਸੀ ਪਰ ਕਾਨੂੰਨੀ ਕਾਰਨਾਂ ਕਰਕੇ ਅਰਜ਼ੀਆਂ ਰੱਦ ਹੋ ਗਈਆਂ ਸਨ। ਸਰਬਜੀਤ ਕੌਰ ਪੰਜਾਬ ਦੇ ਕਪੂਰਥਲਾ ਦੀ ਰਹਿਣ ਵਾਲੀ ਹੈ ਤੇ 4 ਨਵੰਬਰ 2025 ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸਿੱਖ ਜਥੇ ਨਾਲ ਪਾਕਿਸਤਾਨ ਗਈ ਸੀ।



# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★

Birthday
Weddings
Parties
All Other Occasions








SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

# SANJHA PUNJAB

## VEG & NON-VEG INDIAN

0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!
Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV





# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

**Contact :**
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

ਦੇਗ ਤੇਗ ਫਤਿਹ॥

# ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਦੇ ਸਹਿਯੋਗ ਨਾਲ

## ਸਿੱਖ ਸਟੂਡੈਂਟ ਫੈਡਰੇਸ਼ਨ

ਵੱਲੋਂ

## ਸ਼ਹੀਦ ਭਾਈ ਸਤਵੰਤ ਸਿੰਘ ਜੀ, ਭਾਈ ਬੇਅੰਤ ਸਿੰਘ ਜੀ ਅਤੇ ਭਾਈ ਕਿਹਰ ਸਿੰਘ ਜੀ

ਆਵਾਜ਼ਿ ਕੌਮ AWAZE QAUM International Newspaper & WEB TV

ਦੀ

# ਸ਼ਹੀਦੀ ਬਰਸੀ

## ੨੩ ਪੋਹ, ਨਾਨਕਸ਼ਾਹੀ ਸੰਮਤ ੫੫੭

ਮੁਤਾਬਿਕ

## (ਮੰਗਲਵਾਰ, 6 ਜਨਵਰੀ 2026) ਨੂੰ

## ਗੁਰਦੁਆਰਾ ਮੋਤੀ ਬਾਗ ਸਾਹਿਬ

ਵਿਖੇ ਮਨਾਈ ਜਾ ਰਹੀ ਹੈ

**ਪ੍ਰੋਗਰਾਮ (ਸਵੇਰੇ)**

6.00 ਤੋਂ 8.00 – ਆਸਾ ਦੀ ਵਾਰ – ਭਾਈ ਸਤਬੀਰ ਸਿੰਘ ਜੀ ਹਜ਼ੂਰੀ ਕੀਰਤਨੀਏ, ਗੁ. ਸੀਸ ਗੰਜ ਸਾਹਿਬ
8.00 ਤੋਂ 8.45 – ਕਥਾ – ਭਾਈ ਜੋਗਿੰਦਰ ਸਿੰਘ ਜੀ ਹੈੱਡ ਗ੍ਰੰਥੀ
9.00 ਤੋਂ 10.15 – ਕੀਰਤਨ – ਭਾਈ ਗੁਰਮੇਲ ਸਿੰਘ ਜੀ ਹਜ਼ੂਰੀ ਕੀਰਤਨੀਏ, ਗੁ. ਸੀਸ ਗੰਜ ਸਾਹਿਬ
10.15 ਤੋਂ 11.30 – ਢਾਡੀ ਪ੍ਰਸੰਗ – ਭਾਈ ਕਰਮਜੀਤ ਸਿੰਘ ਜੀ ਹਜ਼ੂਰੀ ਢਾਡੀ, ਗੁ. ਸੀਸ ਗੰਜ ਸਾਹਿਬ
11.30 ਤੋਂ 12.45 – ਕੀਰਤਨ – ਭਾਈ ਜਸਕਰਨ ਸਿੰਘ ਜੀ ਪਟਿਆਲਾ ਹਜ਼ੂਰੀ ਕੀਰਤਨੀਏ, ਸ੍ਰੀ ਹਰਿਮੰਦਰ ਸਾਹਿਬ

ਉਪਰੰਤ ਅਰਦਾਸ, ਸਮਾਪਤੀ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ

**ਖ਼ਾਲਸਾ ਜੀ, ਆਓ! ਆਪਣੇ ਸ਼ਹੀਦਾਂ ਦੀ ਯਾਦ ਮਨਾਉਂਦੇ ਹੋਏ ਅਕਾਲ ਪੁਰਖ ਪਾਸੋਂ ਖ਼ਾਲਸਾ ਪੰਥ ਦੀ ਚੜ੍ਹਦੀ ਕਲਾ ਦੀ ਮੰਗ ਕਰੀਏ**

(ਗੁਰੂ ਪੰਥ ਦੇ ਦਾਸ)

ਹਰਮੀਤ ਸਿੰਘ ਕਾਲਕਾ
ਪ੍ਰਧਾਨ

ਹਰਵਿੰਦਰ ਸਿੰਘ ਕੇ.ਪੀ.
ਸੀਨੀਅਰ ਮੀਤ ਪ੍ਰਧਾਨ

ਆਤਮਾ ਸਿੰਘ ਲੁਬਾਣਾ ਮੀਤ ਪ੍ਰਧਾਨ

ਜਸਪ੍ਰੀਤ ਸਿੰਘ ਕਰਮਸਰ
ਚੇਅਰਮੈਨ, ਧਰਮ ਪ੍ਰਚਾਰ ਕਮੇਟੀ

ਜਗਦੀਪ ਸਿੰਘ ਕਾਹਲੋਂ
ਜਨਰਲ ਸਕੱਤਰ

ਜਸਮੇਨ ਸਿੰਘ ਨੋਨੀ ਜਾਇੰਟ ਸਕੱਤਰ

## ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

237312580-81-82, 23737328-29 | www.dsgmc.in | info@dsgmc.in

ਵਧੇਰੇ ਜਾਣਕਾਰੀ ਲਈ ਰਜਿੰਦਰ ਸਿੰਘ ਅਤੇ ਚਰਨਜੀਤ ਸਿੰਘ ਮੋਬਾਇਲ ਨੰਬਰ 9811775205, 9717970696 'ਤੇ ਸੰਪਰਕ ਕਰੋ ਜੀ


ਕੌਮ ਦੇ ਹੀਰੇ
ਸ਼ਹੀਦ ਭਾਈ ਕੇਹਰ ਸਿੰਘ ਜੀ
ਸ਼ਹੀਦ ਭਾਈ ਬੇਅੰਤ ਸਿੰਘ ਜੀ
ਸ਼ਹੀਦ ਭਾਈ ਸਤਵੰਤ ਸਿੰਘ ਜੀ
ਦੇ ਸ਼ਹੀਦੀ ਸਮਾਗਮ ਨੂੰ ਸਮਰਪਿਤ ਕੀਰਤਨ ਦਰਬਾਰ ਅਤੇ ਢਾਡੀ ਦਰਬਾਰ
ਪਿੰਡ ਮੁਸਤਫ਼ਾਬਾਦ, ਜਿਲ੍ਹਾਂ ਸ਼੍ਰੀ ਫਤਹਿਗੜ੍ਹ ਸਾਹਿਬ ( ਪੰਜਾਬ ) ਵਿਖੇ ਕਰਵਾਇਆ ਜਾ ਰਿਹਾ ਹੈ। ਸੰਗਤਾਂ ਨੂੰ ਬੇਨਤੀ ਹੈ ਕਿ ਇਸ ਕੀਰਤਨ ਸਮਾਗਮ ਵਿੱਚ ਹੁੰਮਹੁਮਾ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।
ਪ੍ਰੋਗਰਾਮ: 11 ਜਨਵਰੀ 2026 ਦਿਨ ਐਤਵਾਰ
* 10 ਵਜੇ ਪਾਠ ਸ਼੍ਰੀ ਸੁੱਖਮਨੀ ਸਾਹਿਬ ਜੀ
* ਉਪਰੰਤ ਕੀਰਤਨ ਸਮਾਗਮ ਅਤੇ ਢਾਡੀ ਦਰਬਾਰ
* 12 ਤੋਂ 1 ਵਜੇ ਤੱਕ ਸ਼ਹੀਦ ਸਿੰਘਾ ਜੀ ਦੇ ਜੀਵਨ ਅਤੇ ਸੰਘਰਸ਼ ਸਬੰਧੀ ਵਿਸ਼ੇਸ ਵਿਚਾਰਾ ਕੀਤੀਆਂ ਜਾਣਗੀਆਂ
* ਉਪਰੰਤ ਅਰਦਾਸ ਅਤੇ ਸਮਾਪਤੀ ਗੁਰੂ ਕਾ ਲੰਗਰ ਅਤੁੱਟ ਵਰਤੇਗਾ। :
ਆਵਾਜ਼ਿ ਕੌਮ AWAZE QAUM International Newspaper & WEB TV
ਬੇਨਤੀ ਕਰਤਾ: ਭਾਈ ਸਤਵੰਤ ਸਿੰਘ ( ਸਪੁੱਤਰ ਸ਼ਹੀਦ ਭਾਈ ਕੇਹਰ ਸਿੰਘ ਜੀ )
ਸਮੂੰਹ ਸ਼ਹੀਦ ਪਰਿਵਾਰ ,ਗ੍ਰਾਮ ਪੰਚਾਇਤ ਤੇ ਨਗਰ ਨਿਵਾਸੀ ਅਤੇ ਇਲਾਕਾ ਨਿਵਾਸੀ 98103-84682





# ਭਾਈ ਸਤਵੰਤ ਸਿੰਘ ਤੇ ਭਾਈ ਕਿਹਰ ਸਿੰਘ ਨੂੰ ਫਾਂਸੀ ਸਮੇਂ ਭਾਈ ਕਰਮਜੀਤ ਸਿੰਘ ਸੁਨਾਮ ਦੀ ਇਕ ਹੱਡ ਬੀਤੀ

**"ਰਾਜਘਾਟ 'ਤੇ ਹਮਲਾ" ਕਿਤਾਬ, ਪੰਨਾ ਨੰਬਰ 206**
**ਫ਼ਾਂਸੀ ਦਾ ਕੁਲਹਿਣਾ ਦਿਨ, 6 ਜਨਵਰੀ, 1989**

ਕਰਮਜੀਤ ਸਿੰਘ 5 ਜਨਵਰੀ ਦੀ ਰਾਤ ਨੂੰ ਸੌਂ ਨਾ ਸਕਿਆ, ਉਹ ਇੰਝ ਜਾਗਦਾ ਰਿਹਾ ਜਿਵੇਂ ਭਾਈ ਸਤਵੰਤ ਸਿੰਘ ਹੋਰਾਂ ਨਾਲ ਵਾਪਰਨ ਵਾਲੀ ਅਣਹੋਣੀ ਨੂੰ ਉਸ ਅੱਗੇ ਸਿਰ ਜੋੜ ਕੇ ਰੋਕ ਲਵੇਗਾ। ਉਹ ਅਣਹੋਣੀ ਨਾਲ ਮੱਥਾ ਲਾਉਣ ਲਈ ਰਾਤ ਦਾ ਬੇਚੈਨੀ 'ਚ ਸੀ, ਤੇ ਕਦੇ ਕਦੇ ਰਾਤ ਨੂੰ ਹੀ ਪਾਠ ਕਰਨ ਲੱਗ ਜਾਂਦਾ। ਸਵੇਰੇ ਸੁਵੱਖਤੇ ਹੀ ਉੱਠ ਕਰਮਜੀਤ ਸਿੰਘ ਨੇ ਪਾਠ ਕਰਕੇ ਅਰਦਾਸ ਕੀਤੀ। ਦਿਨ ਸੋਮਵਾਰ, ਸਵੇਰੇ 6 ਵਜੇ, ਇਕੱਲੇ ਸ਼ੇਰ ਦੇ ਹੀ 'ਬੋਲੇ ਸੋ ਨਿਹਾਲ' ਦੇ ਜੈਕਾਰੇ ਨੇ ਜੇਲ੍ਹ ਦੀ ਸੁੱਤੀ ਫਿਜਾ ਨੂੰ ਜਗਾ ਦਿੱਤਾ, ਫਿਰ ਉਸ ਨੇ ਲਗਾਤਾਰ ਹੋਰ ਜੈਕਾਰੇ ਲਾਉਣੇ ਸ਼ੁਰੂ ਕਰ ਦਿੱਤੇ। ਭਾਈ ਸਤਵੰਤ ਸਿੰਘ ਤੇ ਭਾਈ ਕੇਹਰ ਸਿੰਘ ਇਕ ਨੰਬਰ ਤਿਹਾੜ ਜੇਲ੍ਹ ਵਿਚ ਬੰਦੀ ਸਨ, ਫਾਂਸੀ ਦਾ ਤਖ਼ਤਾ ਉਹਨਾਂ ਦੀਆਂ ਚੱਕੀਆਂ ਦੇ ਨਾਲ ਵਾਲੇ ਵਾਰਡ ਵਿਚ ਹੀ ਸੀ। ਜੇਲ੍ਹ ਵਿਚ ਸੁੰਨ ਮਸਾਨ ਵਾਲੀ ਚੁੱਪ ਸੀ। ਕੇਵਲ ਕਮਾਂਡੋਆਂ ਦੇ ਬੂਟਾਂ ਦੀਆਂ ਖੁਰੀਆਂ ਹੀ 'ਮੌਤ ਵਰਗੀ ਚੁੱਪ' ਨੂੰ ਤੋੜ ਰਹੀਆਂ ਸਨ। ਫਿਰ ਦੋਨੇ ਜੁਝਾਰੂ ਸਿੰਘਾਂ ਨੇ ਆਖਰੀ ਜੈਕਾਰਾ ਗਜਾ ਕੇ ਸਿੱਖ ਕੌਮ ਨੂੰ ਹਲੂਨਣ ਦਾ ਯਤਨ ਕਰਦਿਆ ਦੱਸ ਦਿੱਤਾ ਕਿ ਉਹ ਕੌਮ ਲਈ ਆਪਣੀਆਂ ਜ਼ਿੰਦਗੀਆਂ ਵਾਰ ਚੱਲੇ ਨੇ, ਕੁਝ ਸਮੇਂ 'ਚ ਉਹ ਸਿੰਘ ਸਿੱਖ ਕੌਮ ਲਈ ਸ਼ਹੀਦੀ ਦਾ ਜਾਮ ਪੀ ਜਾਣਗੇ। 'ਬੋਲੇ ਸੋ ਨਿਹਾਲ।' ਕਰਮਜੀਤ

ਆਵਾਜ਼ਿ ਕੌਮ AWAZE QAUM International Newspaper & WEB TV



**ਭਾਈ ਕਰਮਜੀਤ ਸਿੰਘ ਸੁਨਾਮ**

ਸਿੰਘ ਲਗਾਤਾਰ ਜੈਕਾਰੇ ਤੇ ਨਾਅਰੇ ਲਾ ਰਿਹਾ ਸੀ, ਕਿਸੇ ਗੈਬੀ ਸ਼ਕਤੀ ਨਾਲ ਉਸ ਦੀ ਆਵਾਜ਼ ਜੰਗਲ ਦੇ ਸ਼ੇਰ ਦੀ ਆਵਾਜ ਵਾਂਗ ਦਹਾੜ ਰਹੀ ਸੀ, ਉਸ ਨੂੰ ਮਹਿਸੂਸ ਹੋ ਰਿਹਾ ਸੀ ਕਿ ਉਹ ਆਪਣੀ ਸੰਗਤ ਵੱਲੋਂ ਲੱਗੀ ਡਿਊਟੀ ਨੂੰ ਨਿਭਾ ਰਿਹਾ ਹੈ। ਸਾਹਮਣੇ ਖੜੇ ਕਮਾਂਡੋ ਐਸ.ਐਲ.ਆਰ. ਨੂੰ ਹੋਰ ਐਕਸਨ ਰੂਪ 'ਚ ਕਰਕੇ ਉਸ ਦੇ ਜੋਸ਼ ਨੂੰ ਦੇਖ ਰਹੇ ਸਨ। ਇਸ ਦੇ ਨਾਲ ਹੀ ਇਕ ਹੋਰ ਰੱਬੀ ਘਟਨਾ ਵਾਪਰੀ, ਹੁਣ ਤੱਕ ਮੌਸਮ ਬਿਲਕੁੱਲ ਸਾਫ਼ ਸੀ, ਕੋਈ ਬੱਦਲਾਂ ਦਾ ਨਾਂਅ ਨਿਸ਼ਾਨ ਨਹੀਂ ਸੀ, ਫ਼ਾਂਸੀ ਲੱਗਦਿਆ ਹੀ ਇਕ ਦਮ ਜੋਰਦਾਰ ਮੀਂਹ ਦੇ ਸੜਾਕਿਆਂ ਨੇ ਸਭ ਨੂੰ ਸੋਚਣ ਲਈ ਮਜਬੂਰ ਕਰ ਦਿੱਤਾ, ਲੱਗਦਾ ਸੀ, ਜਿਵੇਂ ਰੱਬ ਨੇ ਵੀ 'ਸਿੱਖਾਂ 'ਤੇ ਹੋ ਰਹੇ ਜ਼ੁਲਮਾਂ 'ਤੇ ਆਪਣੇ ਹੰਝੂ ਕੇਰੇ ਹਨ ਕੁਝ ਹੋਰ ਪਲ



ਬ੍ਰਹਮਣਵਾਦੀ ਸਟੇਟ ਦੇ ਗੜ੍ਹ 'ਚ ਬਣੀ ਤਿਹਾੜ ਜੇਲ੍ਹ 'ਚੋ 'ਬੋਲੇ ਸੋ ਨਿਹਾਲ' ਦੀਆਂ ਆਵਾਜ਼ਾਂ ਆਉਂਦੀਆਂ ਰਹੀਆਂ ਜੋ ਹਾਕਮਾਂ ਦੇ ਦਿਲਾਂ ਦੀ ਧੜਕਣ ਵਧਾਉਦੀਆਂ ਗਈਆਂ। ਸਿੰਘ ਸੂਰਮਿਆਂ ਨੂੰ ਫਾਂਸੀ ਦੇਣ ਦੇ ਇਕ ਚਸ਼ਮਦੀਦ ਗਵਾਹ ਤਾਮਿਲਨਾਡੂ ਫੋਰਸ ਦੇ ਇਕ ਸਿਪਾਹੀ ਦੀ ਡਿਊਟੀ ਬਾਅਦ ਵਿਚ ਕਰਮਜੀਤ ਸਿੰਘ ਦੀ ਬੈਰਕ ਵਾਲੇ ਪਾਸੇ ਆ ਗਈ। ਫ਼ਾਂਸੀ ਸਬੰਧੀ ਦੋਹਾਂ ਦੀ ਅੰਗਰੇਜ਼ੀ 'ਚ ਇਹ ਗੱਲਬਾਤ ਹੋਈ- 'ਸਾਡੇ ਸਿੰਘਾਂ ਨੂੰ ਫ਼ਾਂਸੀ ਦੇਣ ਵੇਲੇ ਤੁਸੀਂ ਕੀ ਕੁਝ ਦੇਖਿਆ, ਕੀ ਹਾਲ ਸਨ ਉਹਨਾਂ ਦੇ ? 'ਜੇਲ ਮੈਨੂਅਲ ਅਨੁਸਾਰ ਜੇਲ੍ਹ ਦੇ ਡਿਪਟੀ ਸੁਪਰਡੈਂਟ ਨੇ ਫ਼ਾਂਸੀ ਵਾਲਿਆਂ ਦੀ ਸ਼ਨਾਖ਼ਤ ਕਰਕੇ ਹੌਲਦਾਰ ਨੂੰ ਦੱਸਿਆ, ਤੇ ਹੌਲਦਾਰ ਨੇ ਅੱਗੇ ਕਾਰਵਾਈ ਤੋਰੀ।. .' 'ਉਹ ਬਹਾਦਰਾਂ, ਸੂਰਬੀਰਾਂ ਵਾਂਗ ਫ਼ਾਂਸੀ 'ਤੇ ਝੂਲ ਗਏ, ਜਦੋਂ ਸਤਵੰਤ ਸਿੰਘ ਨੂੰ ਸਵੇਰੇ ਉਠਾ ਕੇ ਕੈਦੀਆਂ ਵਾਲੇ ਚਿੱਟਾ ਕੁੜਤਾ ਪਜਾਮਾ ਪਹਿਨਣ ਨੂੰ ਕਿਹਾ ਤਾਂ ਉਹਨਾਂ ਬੇਪਰਵਾਹੀ 'ਚ ਕਿਹਾ ਕਿ ਮੇਰੇ ਸੂਟ ਨੂੰ ਕੀ ਹੋਇਆ ਹੈ ? ਇਦਾਂ ਹੀ ਠੀਕ ਹੈ।' ਫਿਰ ਜੇਲ੍ਹ ਅਫ਼ਸਰ ਨੇ ਕਿਹਾ, 'ਨਹੀਂ ਯੇਹ ਪਹਿਨ ਲੀਜੀਏ, ਅੱਜ ਸਵੇਰੇ ਆਪ ਕੋ ਫ਼ਾਂਸੀ ਲਾਉਣੀ ਹੈ' ਤਾਂ ਉਸ ਨੇ ਹੌਸਲੇ ਨਾਲ ਕੱਪੜੇ ਬਦਲੇ, ਫਾਂਸੀ ਦੇ ਫੰਦੇ ਵੱਲ ਜਾਂਦਿਆ ਸੈਲ ਤੋਂ ਬਾਹਰ ਲੱਗੀ ਟੂਟੀ ਤੋਂ ਓਕ ਲਾ ਕੇ ਪਾਣੀ ਪੀਤਾ ਤੇ ਚੱਲ ਪਏ।. . . ਉਹ ਹੌਸਲੇ ਨਾਲ ਹੀ ਨਾਅਰੇ ਲਾਉਦੇ ਗਏ। ਉਹ ਲਗਾਤਾਰ 'ਬਾਏ ਬਾਏ' ਵੀ ਕਰਦੇ ਗਏ।' 'ਬਾਏ ਬਾਏ ਨਹੀਂ ਜਨਾਬ, ਉਹ 'ਵਾਹਿਗੁਰੂ ਵਾਹਿਗੁਰੂ' ਕਰਦੇ ਹੋਣਗੇ, ਕਿਉਂਕਿ ਇਹ ਸਾਡੇ ਧਰਮ, ਗੁਰਬਾਣੀ ਦਾ ਜਾਪ ਹੈ।' 'ਓਹ ਸੌਰੀ, ਯੈਸ 'ਵਾਹਿਗੁਰੂ, ਵਾਹਿਗੁਰੂ।' 'ਮੈਂ ਉਹਨਾਂ ਦੇ ਅੰਤਮ ਦਰਸ਼ਨ ਕਰਕੇ ਆਪਣੇ ਆਪ ਨੂੰ ਮਹਾਨ ਮਹਿਸੂਸ ਕਰਦਾ ਹਾਂ।' ਤਾਮਿਲ ਸਿਪਾਹੀ ਅੱਖ਼ਾਂ ਭਰ ਆਉਂਦਾ ਹੈ ਤੇ ਅੱਗੇ ਚਲਿਆ ਜਾਂਦਾ ਹੈ। 'ਸਿੱਖਾਂ ਪ੍ਰਤੀ ਨਫ਼ਰਤ ਰੱਖਣ ਵਾਲੀ ਹਕੂਮਤ ਨੇ ਸਾਰੇ ਕਾਇਦੇ ਕਾਨੂੰਨਾਂ ਨੂੰ ਤਿਲਾਂਜਲੀ ਦੇ ਕੇ ਪਹਿਲਾ ਜਿਉਂਦੇ ਜੀਅ ਭਾਈ ਸਤਵੰਤ ਸਿੰਘ ਜੀ ਨੂੰ ਉਹਨਾਂ ਦੀ ਪਤਨੀ ਸੁਰਿੰਦਰ ਕੌਰ* ਨਾਲ ਮੁਲਾਕਾਤ ਨਾ ਹੋਣ ਦਿੱਤੀ, ਤੇਰ੍ਹਾਂ ਰਿਸ਼ਤੇਦਾਰਾਂ ਦੇ ਨਾਂਅ ਦਿੱਤੇ ਸਨ, ਜਿਹਨਾਂ 'ਚ ਕੇਵਲ ਦਸ ਦੀ ਹੀ ਆਖ਼ਰੀ ਮੁਲਾਕਾਤ ਕਰਵਾਈ ਤੇ ਫਿਰ ਹੁਣ ਕੌਮਾਂਤਰੀ ਕਾਨੂੰਨਾਂ ਦੀਆਂ ਧੱਜੀਆਂ ਉਡਾ ਕੇ ਉਹਨਾਂ ਦੀਆਂ ਮ੍ਰਿਤਕ ਦੇਹਾਂ ਵੀ ਪਰਿਵਾਰ ਨੂੰ ਨਹੀਂ ਦਿੱਤੀਆਂ, ਹੋਰ ਜਾਲਮਾਂ ਹਕੂਮਤਾਂ ਤੇ ਗੁਲਾਮੀ ਕੀ ਹੁੰਦੀ ਹੈ।'

ਕਿਸ ਵਿਹੜੇ ਵਿਚ ਸੋਗ ਵਰਤਿਆ
ਕਿਸ ਅੰਮੜੀ ਦਾ ਪੁੱਤਰ ਮੋਇਆ ?
ਕਿਸ ਬਾਗ਼ੀ ਦੀ ਲਾਸ਼ ਹੈ ਜਿਸ ਨੂੰ
ਖੱਫ਼ਣ ਤਕ ਨਹੀਂ ਹੋਇਆ ? (ਚਰਨ ਸਿੰਘ ਸਫ਼ਰੀ)

ਉਹ ਆਪਣੇ ਆਪ ਨਾਲ ਗੱਲਾਂ ਕਰਨ ਲੱਗਿਆ। ਕਿਸੇ ਪਾਸਿਓ ਆਈ ਆਵਾਜ਼ ਨੇ ਉਸ ਦਾ ਧਿਆਨ ਖਿੱਚਿਆ, 'ਰਾਜ ਬਿਨਾ ਨਹਿ ਧਰਮ ਚਲੇ ਹੈਂ, ਧਰਮ ਬਿਨਾ ਸਭ ਦਲੇ ਮਲੇ ਹੈ॥' (ਗੁਰੂ ਗੋਬਿੰਦ ਸਿੰਘ ਜੀ) ਫਿਰ ਇਸ ਫਾਂਸੀ ਵਿਰੁੱਧ ਹਥਿਆਰਬੰਦ ਖਾੜਕੂਆਂ ਦੀ ਅਪੀਲ 'ਤੇ ਕਈ ਦਿਨ ਸ਼ਾਂਤਮਈ ਪੂਰਵਕ ਪੰਜਾਬ ਬੰਦ ਰੱਖਿਆ ਗਿਆ। ਸ਼੍ਰੀ ਸਹਿਜ ਪਾਠਾਂ, ਸ਼੍ਰੀ ਅਖੰਡ ਪਾਠਾਂ ਦੇ ਭੋਗ ਪਾਏ ਗਏ, ਸਿੱਖ ਕੌਮ ਦੀ ਚੜ੍ਹਦੀ ਕਲਾਂ ਲਈ ਅਰਦਾਸਾਂ ਹੋਈਆਂ।

**ਪੰਜਾਬ ਦੇ ਸ਼ੇਰਾਂ ਦੀ ਕੁਰਬਾਨੀ, ਪੰਥ ਦੀ ਅਮਰ ਕਹਾਣੀ ਬਣ ਗਈ।**
**ਮੌਤ ਜਿਹਨਾਂ ਦੀ ਦਾਸੀ ਬਣ ਗਈ, ਫ਼ਤਹਿ ਉਹਨਾਂ ਦੀ ਰਾਣੀ ਬਣ ਗਈ।**

**(ਪ੍ਰੀਤਮ ਸਿੰਘ ਕਾਸਦ)**

***(ਉਹਨਾਂ ਦੀ ਇੰਦਰਾ ਦੇ ਕਤਲ ਤੋਂ ਪਹਿਲਾ ਭਾਈ ਸਤਵੰਤ ਸਿੰਘ ਨਾਲ ਮੰਗਣੀ ਹੋਈ ਸੀ, ਫਿਰ ਇਸ ਮਹਾਨ ਕਾਰਜ ਬਾਅਦ ਉਹਨਾਂ ਨੇ ਭਾਈ ਸਾਹਿਬ ਦੀ ਤਸਵੀਰ ਨਾਲ ਹੀ ਅਨੰਦ ਕਾਰਜ ਕਰਵਾ ਲਿਆ ਸੀ, ਤੇ ਉਹਨਾਂ ਦੇ ਘਰ ਹੀ ਰਹਿੰਦੇ ਸਨ)**



# ਫ਼ਖਰ-ਏ-ਕੌਮ

## ਸ਼ਹੀਦ ਭਾਈ ਸਤਵੰਤ ਸਿੰਘ, ਸ਼ਹੀਦ ਭਾਈ ਬੇਅੰਤ ਸਿੰਘ, ਸ਼ਹੀਦ ਭਾਈ ਕੇਹਰ ਸਿੰਘ ਅਤੇ ਬੀਬੀ ਸੁਰਿੰਦਰ ਕੌਰ ਦੀ ਮਿੱਠੀ ਯਾਦ ਨੂੰ ਕੋਟਿਨ-ਕੋਟਿ ਪ੍ਰਣਾਮ ਕਰਦੇ ਹਾਂ

-- ★ ਵੱਲੋਂ ★--



**ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ**
ਸਾਬਕਾ ਜਥੇਦਾਰ
ਸ੍ਰੀ ਅਕਾਲ ਤਖ਼ਤ ਸਾਹਿਬ



**ਭਾਈ ਰਘਵੀਰ ਸਿੰਘ ਵਾਲਸਾਲ**
ਅੰਤਰਰਾਸ਼ਟਰੀ ਚੀਫ਼ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ



**ਭਾਈ ਪਰਮਜੀਤ ਸਿੰਘ ਢਾਡੀ**
ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ, ਇੰਗਲੈਂਡ



**ਭਾਈ ਕਪਤਾਨ ਸਿੰਘ**
ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ, ਇੰਗਲੈਂਡ

IPD

# ਇੰਟਰਨੈਸ਼ਨਲ ਪੰਥਕ ਦਲ


ਧਰਮੀ ਮਰਜੀਵੜੇ
ਸ਼ਹੀਦ ਭਾਈ ਬੇਅੰਤ ਸਿੰਘ
ਸ਼ਹੀਦ ਭਾਈ ਸਤਵੰਤ ਸਿੰਘ
ਸ਼ਹੀਦ ਭਾਈ ਕੇਹਰ ਸਿੰਘ
www.damdamitaksal.net
ਸ਼ਹੀਦ ਭਾਈ ਬੇਅੰਤ ਸਿੰਘ ਜੀ
ਸ਼ਹੀਦ ਭਾਈ ਸਤਵੰਤ ਸਿੰਘ ਜੀ
ਸ਼ਹੀਦ ਭਾਈ ਕੇਹਰ ਸਿੰਘ ਜੀ ਦੀ
ਸ਼ਹੀਦੀ ਨੂੰ ਪ੍ਰਣਾਮ
Shaheed Bhai Beant Singh Ji
Shaheed Bhai Satwant Singh Ji
Shaheed Bhai Kehar Singh Ji di
Shaheedi Nu Parnam
www.damdamitaksal.net
ਆਵਾਜ਼ਿ ਕੌਮ
AWAZE QAUM
International Newspaper & WEB TV

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਦਮਦਮੀ ਟਕਸਾਲ

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


# ਸੰਤ ਗਿਆਨੀ ਗੁਰਬਚਨ ਸਿੰਘ ਜੀ

# ਖਾਲ਼ਸਾ ਮੈਮੋਰੀਅਲ ਹਸਪਤਾਲ



## ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।

**+91 98767-50784 +91 98767-50784**

ਸੰਤ ਗਿਆਨੀ ਹਰਨਾਮ ਸਿੰਘ
ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ

## ਮਹਿਤਾ ਚੌਂਕ, ਅੰਮ੍ਰਿਤਸਰ

ਨਵੇਂ ਸਾਲ ਦੇ ਆਗਮਨ ਸਬੰਧੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪਾਏ ਸ੍ਰੀ ਆਖੰਡ ਪਾਠ ਸਾਹਿਬ ਭੋਗ

# ਡਿਪਟੀ ਕਮਿਸ਼ਨਰ ਗੁਰੂ ਸਾਹਿਬ ਜੀ ਦੀ ਹਜ਼ੂਰੀ ਵਿੱਚ ਹੋਏ ਨਤਮਸਤਕ







**ਬਠਿੰਡਾ/ਤਲਵੰਡੀ ਸਾਬੋ, 5 ਜਨਵਰੀ ਗੁਰਜੰਟ ਸਿੰਘ ਨਥੇਹਾ)**-ਅੱਜ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਪੁਰਬ ਦੀ ਖੁਸੀ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦਿਆਂ ਨਵੇਂ ਸਾਲ 2026 ਦੀ ਸ਼ੁਰੂਆਤ ਦੇ ਮੱਦੇਨਜ਼ਰ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਦੌਰਾਨ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਸ੍ਰੀ ਨਰਿੰਦਰ ਸਿੰਘ ਧਾਲੀਵਾਲ, ਐਸਡੀਐਮ ਬਠਿੰਡਾ ਸ਼੍ਰੀ ਬਲਕਰਨ ਸਿੰਘ ਮਾਹਲ ਤੋਂ ਇਲਾਵਾ ਹੋਰ ਅਧਿਕਾਰੀ ਤੇ ਕਰਮਚਾਰੀ ਗੁਰੂ ਸਾਹਿਬ ਜੀ ਦੀ ਹਜ਼ੂਰੀ ਵਿੱਚ ਨਤਮਸਤਕ ਹੋਏ। ਇਸ ਮੌਕੇ ਰਾਗੀ ਜਥਾ ਭਾਈ ਸੁਖਵਿੰਦਰ ਸਿੰਘ ਸਿੰਘਪੁਰੇ ਵਾਲੇ ਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਰਸਭਿੰਨਾ ਕੀਰਤਨ ਕਰਕੇ ਪਹੁੰਚੀ ਸੰਗਤ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਪਹੁੰਚੀਆਂ ਸ਼ਖਸ਼ੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਦੌਰਾਨ ਗੁਰੂ ਕਾ ਅਤੁੱਟ ਲੰਗਰ ਵੀ ਵਰਤਾਇਆ ਗਿਆ। ਇਸ ਮੌਕੇ ਸ੍ਰੀ ਰਾਜਵੀਰ ਸਿੰਘ ਮਾਨ, ਸ੍ਰੀ ਗੁਰਸੇਵਕ ਸਿੰਘ ਤੋਂ ਇਲਾਵਾ ਸਮੂਹ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਆਦਿ ਹਾਜ਼ਰ ਸਨ।

# ਨਗਰ ਕੌਂਸਲ ਚੋਣਾਂ ਸਬੰਧੀ ਸੁਭਮ ਸ਼ਰਮਾ ਨੇ ਕੀਤੀ ਮੀਟਿੰਗ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼ੁਭਮ ਸ਼ਰਮਾ ਸ਼ੁਭੀ ਵੱਲੋਂ ਅਗਾਮੀ ਨਗਰ ਕੌਂਸਲ ਚੋਣਾਂ ਸਬੰਧੀ ਕਾਂਗਰਸ ਪਾਰਟੀ ਦੇ ਵਰਕਰਾਂ ਨਾਲ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਬਲਾਕ ਪ੍ਰਧਾਨ ਸ਼ਹਿਰੀ ਧੂਰੀ ਸ਼੍ਰੀ ਸਤੀਸ਼ ਜਿੰਦਲ ,ਸ ਗੁਰਚਰਨ ਸਿੰਘ ,ਸ਼੍ਰੀ ਧਰਮਪਾਲ ਬਾਂਸਲ ,ਸ ਹਰਦੀਪ ਸਿੰਘ ,ਸ਼੍ਰੀਮਤੀ ਰਜਿੰਦਰ ਵਰਮਾ, ਸ ਬਲਿੰਦਰ ਸ਼ਰਮਾ, ਸ ਸੁਖਵਿੰਦਰ ਕਾਲਾ, ਸ ਨਾਦਰ ਅਲੀ ਖਾਨ ,ਸ ਸੁਰਿੰਦਰ ਕੁਮਾਰ, ਸ਼੍ਰੀ ਨਰਿੰਦਰ ਫੌਜਾ ਬਖ਼ਸ਼ੀ, ਸ ਗਰਿਬੂ ਸਿੰਘ ,ਸ ਸਵਰਨ ਸਿੰਘ, ਸ ਚਰਨਜੀਤ ਚੰਨੀ ,ਸ ਜਗਤਾਰ, ਸ ਹੈਪੀ ਕੁਮਾਰ, ਜਤਿੰਦਰ ਕਾਕਾ, ਕਾਲਾ ,ਮਨੀਸ਼ ਕੁਮਾਰ , ਸ ਲਾਲਧਾਰੀ ਸ਼ਾਹ ਆਦਿ ਹਾਜ਼ਰ ਸਨ।

# ਕੇਂਦਰ ਸਰਕਾਰ ਵੱਲੋਂ ਵੀ ਬੀ ਜੀ ਰਾਮ ਜੀ ਯੋਜਨਾ ਗਰੀਬ ਲੋਕਾਂ ਲਈ ਵਰਦਾਨ ਸਾਬਿਤ ਹੋਵੇਗੀ: ਕ੍ਰਿਸਨ ਗੋਪਾਲ ਨੀਲੂ ਮਿੱਤਲ



ਸੰਗਾਲਾ/ਧੂਰੀ ( ਰਣਜੀਤ ਸਿੰਘ ਪੇਧਨੀ ) ਕੇਂਦਰ ਸਰਕਾਰ ਦੀ ਵੀ ਬੀ ਜੀ ਰਾਮ ਜੀ ਯੋਜਨਾ ਕਿਰਤੀ ਲੋਕਾਂ ਦੇ ਲਈ ਵਰਦਾਨ ਸਿੱਧ ਹੋਵੇਗੀ ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਕ੍ਰਿਸਨ ਗੋਪਾਲ ਨੀਲੂ ਮਿੱਤਲ ਨੇ ਕੀਤਾ ।ਉਨ੍ਹਾਂ ਕਿਹਾ ਕਿ ਪਹਿਲਾਂ ਦੀ ਯੋਜਨਾ ਮੁਤਾਬਕ 100 ਦਿਨ ਦੀ ਥਾਂ 125 ਦਿਨ ਦੇ ਰੋਜ਼ਗਾਰ ਦੀ ਗਰੰਟੀ ਹੈ। ਜਦੋਂ ਕਿ ਪਿਛਲੀ ਯੋਜਨਾ ਦੇ ਤਹਿਤ ਰਿਪੋਰਟਾਂ ਮੁਤਾਬਕ ਸਿਰਫ 36 ਦਿਨ ਦਾ ਰੋਜ਼ਗਾਰ ਦਿੱਤਾ ਗਿਆ। ਜਦੋਂ ਕਿ ਇਸ ਯੋਜਨਾ ਦੇ ਤਹਿਤ ਖੇਤੀਬਾੜੀ ਦੇ ਸੀਜਨ ਨੂੰ ਧਿਆਨ ਚ ਰੱਖਦੇ ਹੋਏ ਉਸ ਤੋਂ ਇਲਾਵਾ ਬਾਕੀ ਬਚੇ ਦਿਨਾਂ ਵਿੱਚੋਂ 125 ਦਿਨ ਦੇ ਰੋਜ਼ਗਾਰ ਦੀ ਗਾਰੰਟੀ ਹੈ। ਕਿਸੇ ਵੀ ਇਸ ਕਾਰਡ ਹੋਲਡਰ ਨੂੰ ਰੋਜ਼ਗਾਰ ਦੀ ਤਲਾਸ਼ ਵਿੱਚ ਐਪਲੀਕੇਸ਼ਨ ਦੇਣ ਤੇ 15 ਦਿਨ ਦੇ ਅੰਦਰ ਅੰਦਰ ਰੋਜ਼ਗਾਰ ਨਹੀਂ ਮਿਲਦਾ ਤਾਂ ਸਰਕਾਰ ਕਾਨੂੰਨੀ ਤੌਰ ਤੇ ਉਸ ਵਿਅਕਤੀ ਨੂੰ ਰੋਜ਼ਗਾਰ ਭੱਤਾ ਦੇਣ ਲਈ ਪਾਬੰਦ ਹੋਵੇਗੀ। ਇਸ ਤੋਂ ਇਲਾਵਾ ਇਹ ਯੋਜਨਾ ਵਿਕਸਿਤ ਭਾਰਤ ਦੇ ਸੰਦਰਭ ਵਿੱਚ ਬਣਾਈ ਗਈ ਹੈ, ਜਿਸ ਵਿੱਚ ਪਹਿਲਾਂ ਦੀ ਤਰ੍ਹਾਂ ਘਪਲੇ ਦੀ ਗੁੰਜਾਇਸ਼ ਘੱਟ ਹੈ। ਕਿਉਂਕਿ ਇਸ ਯੋਜਨਾ ਦੇ ਤਹਿਤ ਉਸ ਚੀਜ਼ ਦਾ ਨਿਰਮਾਣ ਹੋਵੇਗਾ, ਜੋ ਵਿਕਸਿਤ ਭਾਰਤ ਦੇ ਸੰਦਰਭਵਿੱਚ ਲੰਬੇ ਸਮੇਂ ਤੱਕ ਨਜ਼ਰ ਆਏਗੀ ਅਤੇ ਉਸ ਚੀਜ਼ ਦਾ ਲਾਭ ਗ੍ਰਾਮੀਣ ਲੋਕਾ ਨੂੰ ਹੋਵੇਗਾ। ਵੱਖਰਾ ਇਹ ਹੈ ਕਿ ਇਸ ਯੋਜਨਾ ਦੇ ਤਹਿਤ ਰਾਜ ਸਰਕਾਰਾਂ ਦੀ ਜਿੰਮੇਵਾਰੀ ਫਿਕਸ ਕਰ ਦਿੱਤੀ ਗਈ ਹੈ। ਜਿਸ ਵਿੱਚ ਪਹਿਲੀ ਸਕੀਮ ਮਗਨਰੇਗਾ 90/10 ਬਦਲੇ, ਵੀ ਬੀ ਜੀ ਰਾਮ ਜੀ ਤਹਿਤ 60/40 ਦੀ ਰੇਸ਼ੋ ਤਹਿਤ ਰਾਜ ਸਰਕਾਰਾਂ ਦੀ ਹਿੱਸੇਦਾਰੀ ਹੋਵੇਗੀ। ਸਰਕਾਰ ਇਸ ਗੱਲੋਂ ਖਫਾ ਵਿੱਚ ਹਨ ਕਿ ਜਨਤਾ ਭਾਰਤ ਸਰਕਾਰ ਦੀਆਂ ਲੋਕ ਜਨ ਹਿਤ ਯੋਜਨਾਵਾਂ ਨੂੰ ਧਿਆਨ ਚ ਰੱਖਦੇ ਹੋਏ ਭਾਜਪਾ ਦੇ ਹੱਥ ਪੰਜਾਬ ਦੀ ਵਾਗ ਡੋਰ ਸੰਪਨ ਨੂੰ ਤਿਆਰ ਹੈ ਤੇ ਰਾਜ ਸਰਕਾਰ ਇਸ ਗੱਲੋਂ ਵੀ ਖੌਫ ਵਿੱਚ ਹੈ ਕਿ ਭਾਜਪਾ ਜਿੱਥੇ ਵੀ ਆਪਣੀ ਸਰਕਾਰ ਸਥਾਪਿਤ ਕਰਦੀ ਹੈ ਉੱਥੇ ਬਾਰ ਬਾਰ ਲੋਕ ਸਿਰਫ ਭਾਜਪਾ ਨੂੰ ਹੀ ਚੁਨਦੇ ਹਨ। ਉਨ੍ਹਾਂ ਕਿਹਾ ਕਿ ਜਨਤਾ ਪੰਜਾਬ ਦੇ ਸਿਰੋਂ ਕਰਜ਼ਾ ਲਾਹੁਣ ਲਈ ਭ੍ਰਿਸ਼ਟਾਚਾਰ ਦੇ ਖਾਤਮੇ ਲਈ, ਗੁੰਡਾਗਰਦੀ ਦੇ ਖਾਤਮੇ ਲਈ, ਰੋਜ਼ਗਾਰ ਲਈ,ਅਮਨ ਸ਼ਾਂਤੀ ਲਈ ਨਿੱਜੀ ਹਿਤਾਂ ਤੋਂ ਉੱਪਰ ਉੱਠ ਕੇ ਭਾਜਪਾ ਦਾ ਸਹਿਯੋਗ ਕਰੇ।

# 20 ਗ੍ਰਾਮ ਹੈਰੋਇਨ ਸਮੇਤ ਨੌਜਵਾਨ ਕਾਬੂ; ਮੁਕਦਮਾ ਦਰਜ



**ਚੌਕ ਮਹਿਤਾ, 5 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਥਾਣਾ ਮਹਿਤਾ ਦੀ ਪੁਲੀਸ ਨੇ ਹੈਰੋਇਨ ਸਮੇਤ ਇਕ ਨੌਜਵਾਨ ਨੂੰ ਕਾਬੂ ਕਰਕੇ ਮੁਕਦਮਾ ਦਰਜ ਕੀਤਾ ਹੈ। ਅੱਜ ਇਥੇ ਐੱਸ.ਐਚ.ਓ. ਹਰਪਾਲ ਸਿੰਘ ਨੇ ਦੱਸਿਆ ਕਿ ਸਬ ਇੰਸਪੈਕਟਰ ਬਲਵਿੰਦਰ ਸਿੰਘ, ਹਵਾਲਦਾਰ ਗੁਰਪ੍ਰਤਾਪ ਸਿੰਘ, ਸਿਪਾਹੀ ਮਿਲਾਪ ਸਿੰਘ, ਹੋਮਗਾਰਡ ਕੁਲਦੀਪ ਸਿੰਘ ਅਤੇ ਹੋਮਗਾਰਡ ਬੂਟਾ ਨਾਥ ਗਸ਼ਤ ਕਰਦਿਆਂ ਜਦ ਸਿੰਘ ਬੇਲਾ ਮੋੜ 'ਤੇ ਪਹੁੰਚੇ ਤਾਂ ਸਾਹਮਣੇ ਪਿੰਡ ਬੁੱਟਰ ਕਲਾ ਵੱਲੋ ਇੱਕ ਮੋਨਾ ਨੌਜਵਾਨ ਪੈਦਲ ਸਿੰਘ ਬੇਲਾ ਮੋੜ ਵੱਲ ਆ ਰਿਹਾ ਸੀ, ਜੋ ਪੁਲਿਸ ਪਾਰਟੀ ਨੂੰ ਦੇਖ ਕੇ ਘਬਰਾ ਗਿਆ ਅਤੇ ਪਿੱਛੇ ਮੁੜਨ ਲੱਗਾ, ਪਰ ਪੁਲੀਸ ਮੁਲਾਜ਼ਮਾਂ ਨੇ ਹੁਸ਼ਿਆਰੀ ਨਾਲ ਉਸ ਨੂੰ ਕਾਬੂ ਕਰ ਲਿਆ। ਪਛਾਣ ਪੁਛਣ ਤੇ ਉਸ ਨੇ ਅਪਣਾ ਨਾਮ ਲਵਪ੍ਰੀਤ ਸਿੰਘ ਉਰਫ ਲੱਭਾ ਵਾਸੀ ਮਹਿਸਮਪੁਰ ਖੁਰਦ ਦੱਸਿਆ। ਉਕਤ ਵਿਅਕਤੀ ਦੀ ਜਾਮਾ ਤਲਾਸੀ ਕਰਨ ਤੇ ਉਸ ਵੱਲੋਂ ਪਹਿਨੀ ਹੋਈ ਲੋਹਰ ਦੀ ਸੱਜੀ ਜੇਬ ਚੋਂ ਮੋਮੀ ਲਿਫਾਫੇ ਵਿਚ ਲਪੇਟੀ ਹੋਈ 20 ਗ੍ਰਾਮ ਹੈਰੋਇਨ ਬਰਾਮਦ ਹੋਈ। ਐੱਸ.ਐਚ.ਓ. ਹਰਪਾਲ ਸਿੰਘ ਨੇ ਦੱਸਿਆ ਕਿ ਉਕਤ ਵਿਅਕਤੀ ਲਵਪ੍ਰੀਤ ਸਿੰਘ ਉਰਫ ਲੱਭਾ ਵਿਰੁੱਧ ਬਣਦੀਆਂ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## ਗੁਰਦੁਆਰਾ ਸੰਤ ਆਸ਼ਰਮ ਨਰੈਣਸਰ ਮੁਹਾਲੀ ਵਿਖੇ 7 ਨੂੰ ਤਿਆਰੀਆਂ ਮੁਕੰਮਲ ਭਾਈ ਨਿਰਭੈ ਸਿੰਘ ਖਾਲਸਾ



ਸੰਗਾਲਾ/ਧੂਰੀ ( ਰਣਜੀਤ ਸਿੰਘ ਪੇਧਨੀ ) ਮਹਾਨ ਤਪੱਸਵੀ, ਬ੍ਰਹਮ ਗਿਆਨੀ, ਰਾਜਾਯੋਗੀ ਸੱਚਖੰਡ ਵਾਸੀ ਸ਼੍ਰੀਮਾਨ ਸੰਤ ਬਾਬਾ ਨਰੈਣ ਸਿੰਘ ਜੀ ਮੋਨੀ ਤਪਾ ਦਰਾਜ ਮੁਹਾਲੀ ਵਾਲਿਆਂ ਦੀ ਨਿੱਘੀ ਤੇ ਮਿੱਠੀ ਯਾਦ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 7 ਜਨਵਰੀ ਨੂੰ ਗੁਰਦੁਆਰਾ ਸੰਤ ਆਸ਼ਰਮ ਨਰੈਣਸਰ ਮੁਹਾਲੀ ਵਿਖੇ ਸੰਤ ਬਾਬਾ ਰਣਜੀਤ ਸਿੰਘ ਜੀ ਤਪਾ ਦਰਾਜ ਮੁਹਾਲੀ ਵਾਲਿਆਂ ਦੀ ਸਰਪ੍ਰਸਤੀ ਹੇਠ ਕਰਵਾਇਆ ਜਾ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਦੁਆਰਾ ਸੰਤ ਆਸ਼ਰਮ ਨਰੈਣਸਰ ਮੁਹਾਲੀ ਦੇ ਮੁੱਖ ਪ੍ਰਬੰਧਕ ਭਾਈ ਨਿਰਭੈ ਸਿੰਘ ਖਾਲਸਾ ਨੇ ਕੀਤਾ। ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਦੀ ਆਰੰਭਤਾ 1ਜਨਵਰੀ ਤੋਂ ਹੋਈ ਸੀ ਜਿਨ੍ਹਾਂ ਦੇ ਸੰਪੂਰਨਤਾ ਨਾਲ ਭੋਗ ਪੈ ਚੁੱਕੇ ਹਨ। 5 ਜਨਵਰੀ ਨੂੰ 50 ਸ੍ਰੀ ਅਖੰਡ ਪਾਠ ਸਾਹਿਬ ਪ੍ਰਕਾਸ ਕੀਤੇ ਗਏ ਹਨ, ਜਿਨ੍ਹਾਂ ਦੇ 7 ਜਨਵਰੀ ਨੂੰ ਭੋਗ ਪੈਣਗੇ ਅਤੇ ਭੋਗ ਉਪਰੰਤ ਮਹਾਨ ਤਪੱਸਵੀ, ਬ੍ਰਹਮ ਗਿਆਨੀ, ਰਾਜਾਯੋਗੀ ਸੱਚਖੰਡ ਵਾਸੀ ਸ਼੍ਰੀਮਾਨ ਸੰਤ ਬਾਬਾ ਨਰੈਣ ਸਿੰਘ ਜੀ ਮੋਨੀ ਤਪਾ ਦਰਾਜ ਮੁਹਾਲੀ ਵਾਲਿਆਂ ਦੀ ਨਿੱਘੀ ਤੇ ਮਿੱਠੀ ਯਾਦ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 7 ਜਨਵਰੀ ਨੂੰ ਗੁਰਦੁਆਰਾ ਸੰਤ ਆਸ਼ਰਮ ਨਰੈਣਸਰ ਵਿਖੇ ਹੋਵੇਗਾ । ਜਿਸ ਵਿੱਚ ਪੰਥ ਦੇ ਮਹਾਨ ਰਾਗੀ ਢਾਡੀ ਸੰਤ ਮਹਾਪੁਰਸ ਸੰਗਤਾਂ ਨੂੰ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੋੜਨਾ ਕਰਨਗੇ। ਇਸ ਮੌਕੇ ਹਾਰਟ ਨਾਲ ਸਬੰਧਤ ਬਿਮਾਰੀਆਂ ਦਾ ਫ੍ਰੀ ਮੈਡੀਕਲ ਕੈਂਪ ਵੀ ਲੱਗੇਗਾ।

## ਬਲਾਤਕਾਰੀ ਸਾਧ ਨੂੰ ਭਾਜਪਾ ਵਾਰ ਵਾਰ ਪੈਰੋਲ ਦੇ ਕੇ ਸਿੱਖਾਂ ਦੇ ਜਖਮਾਂ 'ਤੇ ਲੂਣ ਛਿੜਕ ਰਹੀ ਹੈ ਦੂੱਲਵਾਂ



ਪਟਿਆਲਾ ( ਰਣਜੀਤ ਸਿੰਘ ਪੇਧਨੀ ) ਹਰਿਆਣਾ ਦੀ ਭਾਜਪਾ ਸਰਕਾਰ ਵੱਲੋਂ ਡੇਰਾ ਸਿਰਸਾ ਮੁਖੀ ਰਾਮ ਰਹੀਮ ਨੂੰ ਇੱਕ ਵਾਰ ਫਿਰ 40 ਦਿਨਾਂ ਦੀ ਪੈਰੋਲ ਦੇਣਾ ਸਿੱਖ ਕੌਮ ਦੇ ਜ਼ਖ਼ਮਾਂ 'ਤੇ ਲੂਣ ਛਿੜਕਣ ਦੇ ਬਰਾਬਰ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਅੰਮ੍ਰਿਤਸਰ ਯੂਥ ਵਿੰਗ ਦੇ ਸੀਨੀਅਰ ਆਗੂ ਗੁਰਪ੍ਰੀਤ ਸਿੰਘ ਦੁਲਵਾਂ ਨੇ ਕੀਤਾ। ਉਨ੍ਹਾਂ ਕਿਹਾ ਕਿ ਇੱਕ ਪਾਸੇ ਸਰਕਾਰ ਗੁਰਪੁਰਬ ਮਨਾਉਂਦੀ ਹੈ, ਦੂਜੇ ਪਾਸੇ ਉਹਨਾਂ ਫ਼ੈਸਲਿਆਂ ਨਾਲ ਸਿੱਖਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾ ਰਹੀ ਹੈ, ਜੋ ਕਦੇ ਮਾਫ਼ ਨਾ ਕੀਤੀਆਂ ਜਾ ਸਕਣ ਵਾਲੀਆਂ ਯਾਦਾਂ ਨੂੰ ਫਿਰ ਤਾਜ਼ਾ ਕਰ ਦਿੰਦੇ ਹਨ। ਉਨ੍ਹਾਂ ਕਿਹਾ ਸਿੱਖ ਕੌਮ ਦੇ ਰੋਸ ਨੂੰ ਦਰਕਿਨਾਰ ਕਰਕੇ ਵਾਰ ਵਾਰ ਅਜਿਹੀਆਂ ਹਰਕਤਾਂ ਸਾਬਤ ਕਰਦੀਆਂ ਹਨ ਕਿ ਸਰਕਾਰਾਂ ਸਿਰਫ ਸਿੱਖ ਹਿਤੈਸ਼ੀ ਹੋਣ ਦੇ ਦਾਅਵੇ ਕਰਦੀਆਂ ਹਨ ਪਰ ਅਸਲੀਅਤ ਇਸਤੋਂ ਉਲਟ ਹੈ । ਉਨ੍ਹਾਂ ਕਿਹਾ ਅਸੀਂ ਬੰਦੀ ਸਿੰਘਾਂ ਦੀ ਤੁਲਨਾ ਬਲਾਤਕਾਰੀ ਰਾਮ ਰਹੀਮ ਨਾਲ ਨਹੀਂ ਕਰ ਰਹੇ ਹਾਂ ਪਰ ਦੇਸ਼ ਅੰਦਰ ਕਾਨੂੰਨ ਦਾ ਦੋਹਰਾ ਮਾਪਦੰਡ ਕਿਉਂ ਅਪਣਾਇਆ ਜਾ ਰਿਹਾ ਹੈ । ਉਨ੍ਹਾਂ ਕਿਹਾ ਬੰਦੀ ਸਿੰਘ ਜੋ ਆਪਣੀ ਬਣਦੀ ਸਜ਼ਾ ਤੋਂ ਵੀ ਵੱਧ ਸਮਾਂ ਜੇਲ੍ਹਾ ਵਿਚ ਗੁਜਾਰ ਰਹੇ ਹਨ, ਨੂੰ ਤੁਰੰਤ ਰਿਹਾ ਕਰਨਾ ਚਾਹੀਦਾ ਹੈ।

ਜਥੇਦਾਰ ਜੰਗੀਰ ਸਿੰਘ ਕੌਲਸੇੜੀ ਭਵਨ ਧੂਰੀ ਤਹਿਸੀਲ ਧੂਰੀ

# ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦਾ ਡੈਲੀਗੇਟ ਇਜਲਾਸ ਕਰਵਾਇਆ



**ਧੂਰੀ (ਰਣਜੀਤ ਸਿੰਘ ਪੇਧਨੀ )**-ਅੱਜ ਮਿਤੀ 3.1. 26 ਨੂੰ ਜਥੇਦਾਰ ਜੰਗੀਰ ਸਿੰਘ ਕੌਲਸੜੀ ਭਵਨ ਧੂਰੀ ਵਿਖੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਤਹਿਸੀਲ ਕਮੇਟੀ ਧੂਰੀ ਦਾ ਡੈਲੀਗੇਸ਼ਨ ਇਜਲਾਸ ਕਾਮਰੇਡ ਰੋਹੀ ਸਿੰਘ ਕਾਂਝਲਾ ਦੀ ਪ੍ਰਧਾਨਗੀ ਹੇਠ ਹੋਇਆ। ਇਜਲਾਸ ਵਿੱਚ ਪਹਿਲਾਂ ਝੰਡੇ ਦੀ ਰਸਮ ਅਦਾ ਕੀਤੀ ਗਈ ਤੇ ਸੋਕ ਸੰਦੇਸ ਮਤਾ ਪਾਇਆ ਗਿਆ।ਕਾਮਰੇਡ ਸੀਤਾ ਰਾਮ ਯੈਚੁਰੀ ,ਕਾਮਰੇਡ ਅਛੂਤਾ ਨੰਦਨ ਸਾਬਕਾ ਮੁੱਖ ਮੰਤਰੀ ਕੇਰਲਾ , ਕਾਮਰੇਡ ਬੁੱਧਾਦੇਵ ਭੱਟਾਚਾਰੀਆ ਸਾਬਕਾ ਮੁੱਖ ਮੰਤਰੀ ਪੱਛਮੀ ਬੰਗਾਲ,ਕਾਮਰੇਡ ਬਲਬੀਰ ਸਿੰਘ ਖੰਨਾ ਕੈਸ਼ੀਅਰ ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਪੰਜਾਬ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਉਸ ਤੋਂ ਉਪਰੰਤ ਡੈਲੀਗੇਟ ਇਜਲਾਸ ਦੀ ਸ਼ੁਰੂਆਤ ਕੀਤੀ ਗਈ। ਜਿਸ ਨੂੰ ਸੰਬੋਧਨ ਕਰਦੇ ਹੋਏ ਕੌਮੀ ਮੀਤ ਪ੍ਰਧਾਨ ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਅਤੇ ਕਾਮਰੇਡ ਚਮਕੌਰ ਸਿੰਘ ਖੇੜੀ ਸੀਆਈਟੀਯੂ ਸੂਬਾ ਆਗੂ ਨੇਂ ਭਾਰਤ ਦੀ ਸਰਕਾਰ ਵੱਲੋਂ ਲਏ ਗਏ ਫੈਸਲੇਆਂ ਦਾ ਸਖਤ ਸ਼ਬਦਾਂ ਵਿੱਚ ਵਿਰੋਧ ਕੀਤਾ, ਜਿਵੇਂ ਕਿ 29 ਕਾਨੂੰਨਾਂ ਨੂੰ ਤੋੜ ਕੇ ਚਾਰ ਲੇਬਰ ਕੋਡ ਬਨਾਉਣਾ, ਬਿਜਲੀ ਐਕਟ 2025 ਅਤੇ ਮਗਨਰੇਗਾ ਕਾਨੂੰਨ ਨੂੰ ਖਤਮ ਕਰਕੇ ਉਸਦੀ ਥਾਂ ਵਿਕਸਿਤ ਭਾਰਤ ਜੀ ਰਾਮ ਜੀ ਕਾਨੂੰਨ ਬਨਾਉਣਾ। ਜੋ ਕਿ ਮਨਰੇਗਾ ਮਜ਼ਦੂਰਾਂ ਦੇ ਚੱਲ ਰਹੇ ਚੁੱਲੇ ਠੰਢੇ ਕਰ ਦੇਵੇਗਾ ,ਕਿਉਂਕਿ ਪਹਿਲਾਂ ਮਗਨਰੇਗਾ ਕਾਨੂੰਨ ਰਾਹੀਂ ਕੇਂਦਰ ਸਰਕਾਰ 90 ਅਤੇ 10 ਦੀ ਰੇਸੋ ਨਾਲ ਹਿੱਸਾ ਪਾਉਂਦੇ ਸੀ, ਜੋ ਕਿ ਹੁਣ 60 -40 ਕਰ ਦਿੱਤੀ ਗਈ ਹੈ ,ਅਤੇ ਕੰਮ ਦੀ ਗਰੰਟੀ ਵੀ ਖਤਮ ਕਰ ਦਿੱਤੀ ਗਈ ਹੈ। ਪੰਜਾਬ ਸਰਕਾਰ ਪਹਿਲਾ ਮਗਨਰੇਗਾ ਵਿੱਚ 10% ਵੀ ਹਿੱਸਾ ਨਹੀਂ ਪਾ ਸਕੀ ਹੁਣ 40% ਕਿੱਥੋਂ ਪਾਵੇਗੀ। ਪਿਛਲੇ ਚਾਰ ਸਾਲਾਂ ਵਿੱਚੋਂ ਪਹਿਲੇ ਤਿੰਨ ਸਾਲਾਂ ਵਿੱਚ 35 ਦਿਨਾਂ ਦਾ ਕੰਮ ਪ੍ਰਤੀ ਸਾਲ ਮਿਲਿਆ ਹੈ, ਅਤੇ ਅਖੀਰਲੇ ਚੌਥੇ ਸਾਲ ਵਿੱਚ ਸਿਰਫ 26 ਦਿਨਾਂ ਦਾ ਹੀ ਕੰਮ ਮਿਲਿਆ ਹੈ। ਇਹ ਮਗਨਰੇਗਾ ਕਾਨੂੰਨ ਯੂਪੀਏ ਦੀ ਪਹਿਲੀ ਸਰਕਾਰ ਵਿੱਚ ਕਾਮਰੇਡ ਹਰਕਿਸਨ ਸਿੰਘ ਸੁਰਜੀਤ ਦੀ ਰਹਿਨੁਮਾਈ ਹੇਠ ਬਣਿਆ ਸੀ। ਇਸ ਨੂੰ ਡਾਕਟਰ ਮਨਮੋਹਣ ਸਿੰਘ ਦੀ ਸਰਕਾਰ ਵੱਲੋਂ 2005 ਵਿੱਚ ਪਾਸ ਕਰਵਾਇਆ ਗਿਆ ਸੀ। ਵਿਸ਼ੇਸ਼ ਤੌਰ ਤੇ ਜਾਣਕਾਰੀ ਦਿੰਦੇ ਹੋਏ ਦੋਹਾਂ ਆਗੂਆਂ ਨੇ ਮਿਤੀ 6.1. 26 ਨੂੰ ਡੀਸੀ ਦਫਤਰ ਸੰਗਰੂਰ ਵਿਖੇ ਮਜ਼ਦੂਰਾਂ ਦੇ ਸਾਂਝੇ ਮੋਰਚੇ ਵਿੱਚ ਸ਼ਾਮਿਲ ਹੋਣ ਦੀ ਅਪੀਲ ਕੀਤੀ ਅਤੇ 10.1.26 ਨੂੰ ਪਿੰਡ ਘਰਾਚੋਂ ਰਵਿਦਾਸ ਭਵਨ ਵਿਖੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਇਜਲਾਸ ਵਿੱਚ ਪਹੁੰਚਣ ਦੀ ਅਪੀਲ ਕੀਤੀ। ਉਪਰੋਕਤ ਤੋਂ ਇਲਾਵਾ ਕਾਮਰੇਡ ਫੱਲੜ ਸਿੰਘ ਲੱਡਾ ਕਿਸਾਨ ਆਗੂ, ਜੋਗਾ ਸਿੰਘ ਉਪਲੀ ,ਇੰਦਰਜੀਤ ਸਿੰਘ ਛੰਨਾ ਸੀਆਈਟੀਯੂ ਆਗੂਆਂ ਨੇ ਭਰਾਤਰੀ ਸੰਦੇਸ਼ ਦਿੱਤੇ। ਉਸ ਤੋਂ ਉਪਰੰਤ ਕਾਮਰੇਡ ਜੋਗਿੰਦਰ ਸਿੰਘ ਬਧੱਣ ਜ਼ਿਲ੍ਹਾ ਪ੍ਰਧਾਨ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਸੰਗਰੂਰ ਵੱਲੋਂ ਸੰਬੋਧਨ ਕਰਦੇ ਹੋਏ ਤਹਿਸੀਲ ਕਮੇਟੀ ਧੂਰੀ ਦਾ ਪੈਨਲ ਪੇਸ਼ ਕੀਤਾ। ਜਿਸ ਵਿੱਚ 11 ਮੈਂਬਰੀ ਕਮੇਟੀ ਚੁਣੀ ਗਈ । ਪ੍ਰਧਾਨ ਚਮਕੌਰ ਸਿੰਘ ਮੂਲੋਵਾਲ, ਮੀਤ ਪ੍ਰਧਾਨ ਰੋਹੀ ਸਿੰਘ ਕਾਂਝਲਾ, ਸਕੱਤਰ ਜੋਗਿੰਦਰ ਸਿੰਘ ਕੁੰਭੜਵਾਲ, ਸਹਾਇਕ ਸਕੱਤਰ ਅਮਰੀਕ ਸਿੰਘ ਮੂਲੋਵਾਲ, ਹੰਸਾ ਸਿੰਘ, ਜਰਨੈਲ ਸਿੰਘ, ਨਾਜਰ ਸਿੰਘ, ਕਿਰਪਾਲ ਸਿੰਘ, ਜਸਵੀਰ ਸਿੰਘ ਮੈਂਬਰ ਚੁਣੇ ਗਏ।

## ਮੁੱਖ ਮੰਤਰੀ ਮਾਨ ਨੂੰ ਤਲਬ ਕਰਨ ਦੀ ਕਵਾਇਦ 328 ਪਾਵਨ ਸਰੂਪ ਮਾਮਲੇ 'ਚ ਐਸ.ਐਸ. ਕੋਹਲੀ ਨੂੰ ਬਚਾਉਣ ਦੀ ਕਵਾਇਦ : ਪ੍ਰੋ. ਸਰਚਾਂਦ ਸਿੰਘ ਖਿਆਲਾ"

# "ਅਕਾਲ ਤਖ਼ਤ ਸਾਹਿਬ ਦੀ ਦੁਰਵਰਤੋਂ ਕਰ ਕੇ ਬਾਦਲ ਆਪਣੇ ਖਾਸਮ-ਖਾਸ ਨੂੰ ਬਚਾਉਣ ਲਈ ਉਤਾਵਲਾ : ਪ੍ਰੋ. ਸਰਚਾਂਦ ਸਿੰਘ ਖਿਆਲਾ"



**ਅੰਮ੍ਰਿਤਸਰ, 5 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸਿੱਖ ਚਿੰਤਕ ਪ੍ਰੋਫੈਸਰ ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਬਾਦਲਾਂ ਦੇ 'ਜਥੇਦਾਰ' ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ 15 ਜਨਵਰੀ ਨੂੰ ਤਲਬ ਕੀਤਾ ਜਾਣਾ ਦਰਅਸਲ ਸੁਖਬੀਰ ਸਿੰਘ ਬਾਦਲ ਦੇ ਖਾਸਮ-ਖਾਸ ਅਤੇ 328 ਪਾਵਨ ਸਰੂਪਾਂ ਦੇ ਮਾਮਲੇ ਵਿੱਚ ਗਿਰਫ਼ਤਾਰ ਕੀਤੇ ਗਏ ਐਸ.ਐਸ. ਕੋਹਲੀ ਨੂੰ ਬਚਾਉਣ ਦੀ ਇੱਕ ਸੋਚੀ-ਸਮਝੀ ਕਵਾਇਦ ਦਾ ਹਿੱਸਾ ਹੈ।

ਉਹਨਾਂ ਕਿਹਾ ਕਿ ਗਿਆਨੀ ਗੜਗੱਜ ਵੱਲੋਂ ਮੁੱਖ ਮੰਤਰੀ ਮਾਨ ਨੂੰ ਤਲਬ ਕਰਨ ਦਾ ਇਹ ਫੈਸਲਾ ਪੰਥਕ ਰਵਾਇਤਾਂ ਦੇ ਅਨੁਕੂਲ ਤਾਂ ਕੀ, ਪੰਥਕ ਇਤਿਹਾਸ ਦੇ ਵੀ ਪੂਰੀ ਤਰ੍ਹਾਂ ਉਲਟ ਹੈ।

ਪ੍ਰੋਫੈਸਰ ਖਿਆਲਾ ਨੇ ਸਪਸ਼ਟ ਕੀਤਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਕਿਸੇ ਵੀ ਪਤਿਤ ਸਿੱਖ ਨੂੰ ਤਲਬ ਕਰਨ ਦੀ ਕੋਈ ਰਵਾਇਤ ਕਦੇ ਨਹੀਂ ਰਹੀ। ਹਾਂ, ਜੇ ਕਿਸੇ ਅਜਿਹੇ ਵਿਅਕਤੀ ਵੱਲੋਂ ਕੋਈ ਗਲਤੀ ਕੀਤੀ ਗਈ ਹੋਵੇ ਤਾਂ ਉਸਨੂੰ ਤਾੜਨਾ ਕੀਤੀ ਜਾ ਸਕਦੀ ਹੈ, ਪਰ ਤਲਬੀ ਦੀ ਪਰੰਪਰਾ ਪੰਥਕ ਮਰਿਆਦਾ ਦਾ ਹਿੱਸਾ ਨਹੀਂ ਹੈ।

ਉਹਨਾਂ ਕਿਹਾ ਕਿ ਇਹ ਬਹੁਤ ਹੀ ਅਫਸੋਸਨਾਕ ਹੈ ਕਿ ਅਕਾਲੀ ਦਲ ਵੱਲੋਂ ਉਸ ਇਤਿਹਾਸ ਨੂੰ ਫਿਰ ਦੋਹਰਾਇਆ ਜਾ ਰਿਹਾ ਹੈ ਜਿਸ ਨੇ ਉਸ ਨੂੰ ਅਨੇਕਾਂ ਵਾਰੇ ਵਿੱਚ ਖੜਾ ਕੀਤਾ। ਅੱਜ ਫਿਰ 328 ਪਾਵਨ ਸਰੂਪਾਂ ਦੇ ਮਾਮਲੇ ਵਿੱਚ ਆਪਣੇ ਖਾਸਮ-ਖਾਸ ਵਿਅਕਤੀ ਨੂੰ ਬਚਾਉਣ ਅਤੇ ਸਿੱਟ ਦੀ ਕਾਨੂੰਨੀ ਕਾਰਵਾਈ ਰੋਕਣ ਲਈ ਮੁੱਖ ਮੰਤਰੀ ਮਾਨ ਉੱਤੇ ਆਪਣੇ 'ਜਥੇਦਾਰ' ਦੇ ਰਾਹੀਂ 'ਧਾਰਮਿਕ ਅਵਗਿਆ' ਵਰਗਾ ਦਬਾਅ ਬਣਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਪਰ ਸੰਗਤ ਸਭ ਕੁਝ ਦੇਖ ਰਹੀ ਹੈ ਅਤੇ ਇਹ ਭਲੀਭਾਂਤੀ ਜਾਣਦੀ ਹੈ ਕਿ ਇਹ ਬਾਦਲਾਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਇੱਕ ਵਾਰ ਫਿਰ ਕੀਤੀ ਜਾ ਰਹੀ ਦੁਰਵਰਤੋਂ ਹੈ। ਪ੍ਰੋਫੈਸਰ ਖਿਆਲਾ ਨੇ ਕਿਹਾ ਕਿ ਇਹ ਹੈਰਾਨੀ ਦੀ ਗੱਲ ਹੈ ਕਿ ਇੱਕ ਪਾਸੇ ਬਾਦਲ ਅਕਾਲੀਆਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵੋੱਚਤਾ ਦੀਆਂ ਗੱਲਾਂ ਕੀਤੀਆਂ ਜਾ ਰਹੀਆਂ ਹਨ ਅਤੇ ਦੂਜੇ ਪਾਸੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਗੱਠਿਤ ਪੜਤਾਲੀਆ ਕਮੇਟੀ ਦੀ ਰਿਪੋਰਟ ਵਿੱਚ ਦੋਸ਼ੀ ਠਹਿਰਾਏ ਗਏ ਵਿਅਕਤੀ ਨੂੰ ਬਚਾਉਣ

> "328 ਸਰੂਪ ਮਾਮਲੇ ਤੋਂ ਧਿਆਨ ਹਟਾਉਣ ਲਈ ਮੁੱਖ ਮੰਤਰੀ ਨੂੰ ਤਲਬ ਕਰਨ ਦਾ ਨਾਟਕ : ਪ੍ਰੋ. ਸਰਚਾਂਦ ਸਿੰਘ ਖਿਆਲਾ"

ਲਈ ਹਰ ਹਰਬਾ ਵਰਤਿਆ ਜਾ ਰਿਹਾ ਹੈ—ਉਹ ਵਿਅਕਤੀ ਜਿਸਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਖੁਦ ਦੋਸ਼ੀ ਮੰਨ ਕੇ ਕਾਰਵਾਈ ਕਰਨ ਦਾ ਮਤਾ ਪਾਸ ਕਰ ਚੁੱਕੀ ਹੈ।

ਉਹਨਾਂ ਕਿਹਾ ਕਿ ਇਹ ਕੋਈ ਪਹਿਲੀ ਵਾਰ ਨਹੀਂ ਹੈ ਕਿ ਗੁਰੂ ਕੀ ਗੋਲਕ ਵਿੱਚ ਮਾਇਆ ਨਾ ਪਾਉਣ ਸਬੰਧੀ ਕਿਸੇ ਨੇ ਸਵਾਲ ਉਠਾਇਆ ਹੋਵੇ। ਗੁਰੂ ਕੀ ਗੋਲਕ ਦੀ ਅਕਾਲੀਆਂ ਵੱਲੋਂ ਸਿਆਸੀ ਮੰਤਵਾਂ ਲਈ ਕੀਤੀ ਜਾ ਰਹੀ ਦੁਰਵਰਤੋਂ ਦੇ ਖ਼ਿਲਾਫ਼ ਅਨੇਕਾਂ ਵਿਅਕਤੀ ਅਜਿਹੇ ਬਿਆਨ ਦੇ ਚੁੱਕੇ ਹਨ, ਜਿਨ੍ਹਾਂ ਵਿੱਚ ਕਈ ਮਿਸ਼ਨਰੀ ਪ੍ਰਚਾਰਕ ਵੀ ਸ਼ਾਮਿਲ ਰਹੇ ਹਨ।

ਉਹਨਾਂ ਨੇ ਕਿਹਾ ਕਿ ਜਿੱਥੋਂ ਤੱਕ ਖਾਲਸਾਈ ਮਰਿਆਦਾ ਦੀ ਗੱਲ ਹੈ, ਸਿੱਖਾਂ ਦੇ ਪੰਜ ਤਖ਼ਤਾਂ ਅਤੇ ਸ੍ਰੀ ਦਰਬਾਰ ਸਾਹਿਬ ਵਿੱਚ ਪੁਰਾਤਨ ਖਾਲਸਾਈ ਰਹਿਤ ਮਰਿਆਦਾ ਦਾ ਹੀ ਪਾਲਣ ਕੀਤਾ ਜਾਣਾ ਲਾਜ਼ਮੀ ਹੈ।

ਜਿੱਥੋਂ ਤੱਕ ਇੱਕ ਗਾਇਕ ਵੱਲੋਂ ਕੀਰਤਨ ਕਰਨ ਦਾ ਸਵਾਲ ਹੈ, ਪ੍ਰੋਫੈਸਰ ਖਿਆਲਾ ਨੇ ਕਿਹਾ ਕਿ ਸਾਡੇ ਕੋਲ ਅਨੇਕਾਂ ਪ੍ਰਮਾਣ ਹਨ ਕਿ ਸਾਬਤ ਸੂਰਤ ਨਾ ਹੋਣ ਵਾਲੇ ਲੋਕ ਅੱਜ ਵੀ ਕੀਰਤਨ ਕਰਦੇ ਆ ਰਹੇ ਹਨ। ਭਾਰਤ ਵਿੱਚ ਸਿੰਧੀ ਭਾਈਚਾਰਾ ਗੁਰੂ ਗ੍ਰੰਥ ਸਾਹਿਬ ਜੀ ਨੂੰ ਪੂਰੀ ਸ਼ਰਧਾ ਨਾਲ ਮੰਨਦਾ ਹੈ, ਹਾਲਾਂਕਿ ਉਹ ਸਾਬਤ ਸੂਰਤ ਨਹੀਂ ਹਨ। ਇਸੇ ਤਰ੍ਹਾਂ ਪਾਕਿਸਤਾਨ ਵਿੱਚ ਵੀ ਅਨੇਕਾਂ ਸਿੰਧੀ ਅਤੇ ਹਿੰਦੂ ਭਾਈਚਾਰਿਆਂ ਦੇ ਲੋਕ ਗੁਰਦੁਆਰਿਆਂ ਵਿੱਚ ਕੀਰਤਨ ਕਰਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਰਾਮ ਰਹੀਮ ਨੂੰ ਪੈਰੋਲ ਦੇਣਾ, ਬੰਦੀ ਸਿੰਘਾਂ ਨੂੰ ਰਿਹਾਅ ਨਾ ਕਰਨਾ ਚਿੰਤਾ ਦਾ ਵਿਸ਼ਾ: ਨਰਿੰਦਰ ਸਿੰਘ ਕਾਲਾਬੂਲਾ



ਧੂਰੀ, ਸੰਗਾਲਾ ਰਣਜੀਤ ਸਿੰਘ ਪੇਧਨੀ / ਬਿੰਨੀ ਗਰਗ) ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਨੂੰ ਇਕ ਵਾਰ ਮੁੜ ਪੈਰੋਲ ਦੇ ਦਿੱਤੀ ਗਈ ਹੈ ਜੋ ਕਿ ਸਿੱਖ ਹਿਰਦਿਆਂ ਲਈ ਭਾਰੀ ਠੇਸ ਦੀ ਗੱਲ ਹੈ ਕਿਉਂਕਿ ਡੇਰਾ ਮੁੱਖੀ ਕਤਲ ਅਤੇ ਜਬਰਜਿੰਨ੍ਹਾਹ ਦੇ ਗੰਭੀਰ ਦੇਸ਼ਾ ਦੇ ਨਾਲ ਦਸਮ ਪਾਤਸ਼ਾਹ ਦੇ ਸਵਾਂਗ ਰਚਣ ਦਾ ਵੀ ਦੋਸ਼ੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਨਰਿੰਦਰ ਸਿੰਘ ਕਾਲਾਬੂਲਾ ਨੇ ਕੀਤਾ। ਉਨ੍ਹਾਂ ਕਿਹਾ ਕਿ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਨੂੰ ਉਸ ਦੇ ਕੀਤੇ ਦੀ ਸਜ਼ਾ ਅਦਾਲਤ ਵੱਲੋਂ ਦਿੱਤੀ ਗਈ ਹੈ। ਸਰਕਾਰਾ ਦੀ ਰਹਿਮ ਦਿਲੀ ਅਤੇ ਨਰਮ ਰਵੱਈਆ ਰਾਮ ਰਹੀਮ ਨੂੰ ਵਾਰ ਵਾਰ ਪੈਰੋਲ ਦੇ ਰਹੀਆਂ ਹਨ। ਉਨ੍ਹਾਂ ਗੁੱਸਾ ਜਤਾਉਂਦਿਆਂ ਕਿਹਾ ਕਿ "ਇੱਕ ਪਾਸੇ ਸਿੱਖ ਕੈਦੀ, ਜੋ ਆਪਣੀ ਸਜ਼ਾ ਪੂਰੀ ਕਰ ਚੁੱਕੇ ਹਨ, ਉਨ੍ਹਾਂ ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ, ਜਦਕਿ ਦੂਜੇ ਪਾਸੇ ਰਾਮ ਰਹੀਮ ਨੂੰ ਵਾਰ-ਵਾਰ ਪੈਰੋਲ 'ਤੇ ਛੱਡਿਆ ਜਾ ਰਿਹਾ ਹੈ" । ਉਨ੍ਹਾਂ ਕਿਹਾ ਕਿ ਸਰਕਾਰ ਆਪਣਾ ਦੋਹਰਾ ਮਾਪਦੰਡ ਵਰਤ ਰਹੀ ਹੈ ਅਤੇ ਲੋਕਾਂ ਨੂੰ ਇਹ ਜਾਣਨ ਦਾ ਹੱਕ ਹੈ ਕਿ ਰਾਮ ਰਹੀਮ ਨੂੰ ਲਗਾਤਾਰ ਪੈਰੋਲ ਕਿਉਂ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਸਿੱਖ ਸੰਸਥਾਵਾਂ ਵੱਲੋਂ ਰਾਮ ਰਹੀਮ ਨੂੰ ਵਾਰ-ਵਾਰ ਪੈਰੋਲ ਦੇਣ ਦਾ ਵਿਰੋਧ ਕੀਤਾ ਜਾਂਦਾ ਹੈ, ਪਰ ਫਿਰ ਵੀ ਸਰਕਾਰਾ ਉਸ ਨੂੰ ਪੈਰੋਲ ਦੇ ਰਹੀਆਂ ਹਨ। ਜਦ ਕਿ ਆਪਣੀਆਂ ਸਜਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ। ਉਨ੍ਹਾਂ ਕਿਹਾ ਰਾਮ ਰਹੀਮ ਨੂੰ ਵਾਰ ਵਾਰ ਪੈਰੋਲ ਮਿਲਣ ਕਾਰਨ ਸੂਬਾ ਸਰਕਾਰ 'ਤੇ ਕਈ ਤਰ੍ਹਾਂ ਦੇ ਸਵਾਲ ਉੱਠ ਰਹੇ ਹਨ।

## ਮਾਨ ਸਰਕਾਰ ਵੱਲੋਂ 10 ਲੱਖ ਰੁਪਏ ਦਾ ਫ੍ਰੀ ਸਿਹਤ ਬੀਮਾ ਯੋਜਨਾ ਹਰ ਵਰਗ ਲਈ ਵਰਦਾਨ ਸਾਬਤ ਹੋਵੇਗੀ : ਚੱਠਾ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 10 ਲੱਖ ਰੁਪਏ ਦਾ ਫ੍ਰੀ ਸਿਹਤ ਬੀਮਾ ਯੋਜਨਾ ਦੀ ਸ਼ਲਾਘਾ ਕਰਦਿਆਂ ਆਪ ਆਗੂ ਸਤਿੰਦਰ ਸਿੰਘ ਚੱਠਾ ਪ੍ਰਧਾਨ ਐਫ ਸੀ ਆਈ ਟਰੇਡ ਯੂਨੀਅਨ ਭਾਰਤ ਨੇ ਕੀਤਾ। ਉਨ੍ਹਾਂ ਕਿਹਾ ਕਿ ਇਹ ਯੋਜਨਾ ਮੁੱਖ ਮੰਤਰੀ ਦੀ ਦੂਰਦਰਸ਼ੀ ਸੋਚ ਅਤੇ ਲੋਕ ਭਲਾਈ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਦੀ ਇਕ ਮਜ਼ਬੂਤ ਉਦਾਹਰਨ ਹੈ। ਉਨ੍ਹਾਂ ਕਿਹਾ ਕਿ 15 ਜਨਵਰੀ, 2026 ਤੋਂ ਸੂਬੇ ਭਰ ਵਿੱਚ ਸ਼ੁਰੂ ਹੋਣ ਜਾ ਰਹੀ ਰਜਿਸਟੇਸ਼ਨ ਰਾਹੀਂ ਪੰਜਾਬ ਸਰਕਾਰ ਨੇ ਸਿਹਤ ਸੇਵਾਵਾਂ ਨੂੰ ਹਰ ਨਾਗਰਿਕ ਤੱਕ ਪਹੁੰਚਯੋਗ ਬਣਾਉਣ ਦਾ ਇਤਿਹਾਸਕ ਫ਼ੈਸਲਾ ਲਿਆ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਹਰ ਪਰਿਵਾਰ ਨੂੰ ਪੰਜਾਬ ਅਤੇ ਚੰਡੀਗੜ੍ਹ ਦੇ ਸਰਕਾਰੀ ਅਤੇ ਪੈਨਲ ਪ੍ਰਾਈਵੇਟ ਹਸਪਤਾਲਾ ਵਿੱਚ ਹਰ ਸਾਲ 10 ਲੱਖ ਰੁਪਏ ਤੱਕ ਦੇ ਨਕਦ ਰਹਿਤ ਇਲਾਜ ਦੀ ਸਹੂਲਤ ਪ੍ਰਦਾਨ ਕੀਤੀ ਜਾਵੇਗੀ। ਇਹ ਯੋਜਨਾ ਖਾਸ ਕਰਕੇ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਮੱਧ ਵਰਗ ਦੇ ਪਰਿਵਾਰਾਂ ਲਈ ਵਰਦਾਨ ਸਾਬਤ ਹੋਵੇਗੀ, ਜੋ ਮਹਿੰਗੇ ਇਲਾਜ ਕਾਰਨ ਸਿਹਤ ਸਹੂਲਤਾਂ ਤੋਂ ਵਾਂਝੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਦਾ ਮੁੱਖ ਉਦੇਸ਼ ਜ਼ਮੀਨੀ ਪੱਧਰ 'ਤੇ ਵੱਧ ਤੋਂ ਵੱਧ ਲੋਕਾਂ ਨੂੰ ਮਿਆਰੀ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨਾ ਹੈ, ਤਾਂ ਜੋ ਕੋਈ ਵੀ ਨਾਗਰਿਕ ਸਿਰਫ਼ ਵਿੱਤੀ ਕਾਰਨਾਂ ਕਰਕੇ ਇਲਾਜ ਤੋਂ ਵਾਂਝਾ ਨਾ ਰਹੇ। ਇਹ ਯੋਜਨਾ 'ਤੰਦਰੁਸਤ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਵੱਲ ਇੱਕ ਵੱਲ ਇੱਕ ਠੋਸ ਕਦਮ ਹੈ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਮਹੱਤਵਪੂਰਨ ਯੋਜਨਾ ਦਾ ਲਾਭ ਉਠਾਉਣ ਅਤੇ ਆਪਣੇ ਪਰਿਵਾਰਾਂ ਦੀ ਸਿਹਤ ਸੁਰੱਖਿਆ ਨੂੰ ਯਕੀਨੀ ਬਣਾਉਣ।

## ਡੇਰਾ ਮੁਖੀ ਰਾਮ ਰਹੀਮ ਨੂੰ ਵਾਰ-ਵਾਰ ਪੈਰੋਲ ਤੇ ਫਰਲੋ ਦੇ ਕੇ ਹਿੰਦੁਸਤਾਨ ਦੇ ਕਾਨੂੰਨ ਦਾ ਮਜ਼ਾਕ ਉਡਾਇਆ ਜਾ ਰਿਹੈ : ਪ੍ਰੋ. ਬਡੂੰਗਰ

☛ ਸਿੱਖਾਂ ਨੂੰ ਆਪਣੇ ਹੀ ਦੇਸ਼ ਵਿੱਚ ਬੇਗਾਨਗੀ ਦਾ ਅਹਿਸਾਸ ਕਰਵਾਇਆ ਜਾ ਰਿਹਾ ਹੈ : ਪ੍ਰੋ. ਬਡੂੰਗਰ ☛ ਦੇਸ਼ ਦੀਆਂ ਵੱਖ-ਵੱਖ ਜੇਲਾਂ ਵਿੱਚ ਬੰਦ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਵੀ ਸਰਕਾਰਾਂ ਰਿਹਾਅ ਕਰਨ : ਪ੍ਰੋ. ਬਡੂੰਗਰ



**ਪਟਿਆਲਾ, 5 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਸੰਗੀਨ ਦੋਸ਼ਾਂ ਦੇ ਤਹਿਤ ਜੇਲ ਵਿੱਚ ਸਜ਼ਾ ਕੱਟ ਰਹੇ ਡੇਰਾ ਸਿਰਸਾ ਦੇ ਮੁਖੀ ਗੁਰਮੀਤ ਰਾਮ ਰਹੀਮ ਨੂੰ ਦਿੱਤੀ ਜਾ ਰਹੀ ਵਾਰ-ਵਾਰ ਪੈਰੋਲ ਤੇ ਫ਼ਰਲੋ ਦੇ ਕੇ ਹਿੰਦੁਸਤਾਨ ਦੇ ਕਾਨੂੰਨ ਦਾ ਮਜ਼ਾਕ ਉਡਾਇਆ ਜਾ ਰਿਹਾ ਹੈ।

ਉਨ੍ਹਾਂ ਡੇਰਾ ਮੁਖੀ ਰਾਮ ਰਹੀਮ ਨੂੰ ਵਾਰ-ਵਾਰ ਪੈਰੋਲ ਤੇ ਫਰਲੋ ਦਿੱਤੇ ਜਾਣ ਦੀ ਨਿਖੇਦੀ ਕਰਦਿਆਂ ਕਿਹਾ ਕਿ ਇੱਕੋ ਦੇਸ਼ ਵਿੱਚ ਦੋ ਕਾਨੂੰਨ ਕਿਵੇਂ ਹੋ ਸਕਦੇ ਹਨ ।ਉਹਨਾਂ ਕਿਹਾ ਕਿ ਇੱਕ ਪਾਸੇ ਡੇਰਾ ਸਰਸਾ ਦੇ ਮੁਖੀ ਨੂੰ ਵਾਰ ਵਾਰ ਪੈਰੋਲ ਤੇ ਫਰਲੋ ਦਿੱਤੀ ਜਾ ਰਹੀ ਹੈ ਤੇ ਦੂਜੇ ਪਾਸੇ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਪੈਰੋਲ ਜਾਂ ਆਪਣੀਆਂ ਸਜ਼ਾਵਾਂ ਭੁਗਤ ਚੁੱਕੇ ਬੰਦੀ ਸਿੰਘਾਂ ਨੂੰ ਰਿਹਾਅ ਤੱਕ ਨਹੀਂ ਕੀਤਾ ਜਾ ਰਿਹਾ। ਉਹਨਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਿੱਖ ਕੌਮ ਵੱਲੋਂ ਵਾਰ-ਵਾਰ ਇਹ ਮੰਗ ਕੀਤੀ ਜਾ ਰਹੀ ਹੈ ਕਿ ਬੰਦੀ ਸਿੰਘ ਜਿਨਾਂ ਵੱਲੋਂ ਆਪਣੀ ਸਜ਼ਾ ਪੂਰੀ ਕੀਤੇ ਜਾਣ ਦੇ ਬਾਵਜੂਦ ਵੀ ਜੇਲਾਂ ਵਿੱਚ ਬੰਦ ਹੋਇਆਂ ਨੂੰ ਲੰਮਾ ਸਮਾਂ ਹੋ ਗਿਆ ਹੈ, ਉਨਾਂ ਨੂੰ ਰਿਹਾਅ ਕੀਤਾ ਜਾਵੇ ਤੇ ਅਜਿਹਾ ਕਰਕੇ ਸਰਕਾਰਾਂ ਅਤੇ ਅਦਾਲਤਾਂ ਵੱਲੋਂ ਮਨੁੱਖੀ ਹੱਕਾਂ ਦਾ ਘਾਣ ਕੀਤਾ ਜਾ ਰਿਹਾ ਹੈ।

ਉਹਨਾਂ ਕਿਹਾ ਕਿ ਹਰਿਆਣਾ ਤੇ ਰੋਹਤਕ ਦੀ ਸੁਨਾਰੀਆ ਜੇਲ ਵਿੱਚ ਸੰਗੀਨ ਦੋਸ਼ਾਂ ਤਹਿਤ ਸਜ਼ਾ ਕੱਟ ਰਹੇ ਡੇਰਾ ਸਰਸਾ ਦੇ ਮੁਖੀ ਗੁਰਮੀਤ ਰਾਮ ਰਹੀਮ 2017 ਤੋਂ ਲੈ ਕੇ ਹੁਣ ਤੱਕ ਇੱਕ ਦਰਜਨ ਦੇ ਕਰੀਬ ਵਾਰ ਪੈਰੋਲ ਤੇ ਫਰਲੋ ਉੱਤੇ ਜੇਲ ਤੋਂ ਬਾਹਰ ਆ ਚੁੱਕਾ ਹੈ।

ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਸੰਗੀਨ ਦੋਸ਼ਾਂ ਵਿੱਚ ਘਿਰੇ ਗੁਰਮੀਤ ਰਾਮ ਰਹੀਮ ਸਿੰਘ ਨੂੰ ਵਾਰ ਵਾਰ ਪੈਰੋਲ ਜਾਂ ਫਰਲੋ ਦੇਣ ਦੇ ਖਿਲਾਫ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਾਨਯੋਗ ਹਾਈਕੋਰਟ ਪਟੀਸ਼ਨ ਵੀ ਦਾਇਰ ਕੀਤੀ ਗਈ ਸੀ, ਜਿਸ ਨੂੰ ਮਾਨਯੋਗ ਹਾਈਕੋਰਟ ਵੱਲੋਂ ਰੱਦ ਕਰ ਦਿੱਤਾ ਗਿਆ ਸੀ ਤੇ ਕਿਹਾ ਗਿਆ ਸੀ ਕਿ ਸੂਬਾ ਸਰਕਾਰਾਂ ਆਪਣੇ ਪੱਧਰ ਤੇ ਅਜਿਹੇ ਫੈਸਲੇ ਲੈਣ ਦੇ ਜਿਆਦਾ ਸਮਰੱਥ ਹਨ।

ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਚੁਣੌਤੀ ਤੇ ਸਿੱਖ ਵਿਰੋਧੀ ਪ੍ਰਗਟਾਵਿਆਂ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ 15 ਜਨਵਰੀ ਨੂੰ ਸੱਦਿਆ

# ਬਰਗਾੜੀ ਬੇਅਦਬੀ ਮਾਮਲੇ ਤੇ 2017 ਮੌੜ ਅੱਤਵਾਦੀ ਹਮਲੇ 'ਚ ਸਰਕਾਰ ਕੀਤੀ ਕਾਰਵਾਈ ਕਰੇ ਸਪੱਸ਼ਟ

## -ਬਰਗਾੜੀ ਬੇਅਦਬੀ ਮਾਮਲੇ ਵਿੱਚ ਗੁਰਮੀਤ ਰਾਮ ਰਹੀਮ ਤੇ ਹਨੀਪ੍ਰੀਤ ਦਾ ਨਾਮ ਸਾਹਮਣੇ ਆਉਣ ਮਗਰੋਂ ਵੀ ਪੰਜਾਬ ਸਰਕਾਰ ਨੇ ਹੁਣ ਤੱਕ ਕਿਉਂ ਨਹੀਂ ਕੀਤੀ ਉਨ੍ਹਾਂ ਵਿਰੁੱਧ ਕਾਰਵਾਈ- ਜਥੇਦਾਰ ਗੜਗੱਜ








ਸਕੱਤਰੇਤ
ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ
Secretariat
Sri Akal Takhat Sahib, Sri Amritsar Sahib

ਨੰਬਰ [illegible] ਮਿਤੀ ੦੪-੦੧-੨੦੨੬

ਸ. ਭਗਵੰਤ ਸਿੰਘ
ਮੁੱਖ ਮੰਤਰੀ, ਪੰਜਾਬ ਸਰਕਾਰ,
ਪੰਜਾਬ।

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

ਆਪ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਪਿਛਲੇ ਸਮੇਂ ਚੱਲ ਰਹੇ ਇੱਕ ਸੰਜੀਦਾ ਪੰਥਕ ਮਾਮਲੇ ਸਬੰਧੀ ਗੱਲ ਕਰਦਿਆਂ ਤੁਹਾਡੇ ਵੱਲੋਂ ਸਿੱਖ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ ਕਰਦਿਆਂ ਜਾਣਬੁੱਝ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਿੱਖ ਰਹਿਤ ਮਰਯਾਦਾ ਤੇ ਸਰਬਉੱਚਤਾ ਅਤੇ ਗੁਰੂ ਸਾਹਿਬਾਨ ਵੱਲੋਂ ਬਖਸ਼ੇ ਦਸਵੰਧ ਦੇ ਸਿਧਾਂਤ "ਗੁਰੂ ਕੀ ਗੋਲਕ" ਵਿਰੁੱਧ ਵਾਰ-ਵਾਰ ਬਹੁਤ ਹੀ ਇਤਰਾਜ਼ਯੋਗ ਟਿੱਪਣੀਆਂ ਕਰਕੇ ਸਿੱਖ ਭਾਵਨਾਵਾਂ ਨੂੰ ਗਹਿਰੀ ਸੱਟ ਮਾਰੀ ਗਈ ਹੈ। ਇਸ ਦੇ ਨਾਲ ਹੀ ਬੀਤੇ ਦਿਨੀਂ ਤੁਹਾਡੀਆਂ ਕੁਝ ਇਤਰਾਜ਼ਯੋਗ ਵੀਡੀਓ ਸਾਹਮਣੇ ਆਈਆਂ ਹਨ, ਜਿਸ ਵਿੱਚ ਤੁਸੀਂ ਸਿੱਖ ਗੁਰੂ ਸਾਹਿਬਾਨ ਅਤੇ ੨੦ਵੀਂ ਸਦੀ ਦੇ ਮਹਾਨ ਕੌਮੀ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ ਦੀਆਂ ਤਸਵੀਰਾਂ ਨਾਲ ਅਤਿ-ਇਤਰਾਜ਼ਯੋਗ ਗਤੀਵਿਧੀ ਕਰਦੇ ਨਜ਼ਰ ਆ ਰਹੇ ਹੋ। ਇਸ ਸਬੰਧੀ ਸਤਿਕਾਰਯੋਗ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਹੋਏ ਆਦੇਸ਼ ਅਨੁਸਾਰ ਲਿਖਿਆ ਜਾਂਦਾ ਹੈ ਕਿ ਤੁਸੀਂ ਪੰਜਾਬ ਅੰਦਰ ਇੱਕ ਸੰਵਿਧਾਨਕ ਉੱਚ-ਅਹੁਦੇ ਉੱਤੇ ਬੈਠੇ ਹੋ, ਤੁਹਾਡੇ ਵੱਲੋਂ ਕੀਤੇ ਸਿੱਖ ਵਿਰੋਧੀ ਪ੍ਰਗਟਾਵੇ ਤੁਹਾਡੇ ਅੰਦਰ ਦੇ ਰਾਜ ਹੈਂਕੜ ਨੂੰ ਦਰਸਾਉਂਦੇ ਹਨ। ਕਿਉਂਕਿ ਤੁਸੀਂ ਪਤਿਤ ਹੋ ਅਤੇ ਸਿੱਖ ਰਵਾਇਤ ਅਨੁਸਾਰ ਤੁਹਾਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਦੇ ਸਨਮੁਖ ਪੇਸ਼ ਨਹੀਂ ਕੀਤਾ ਜਾ ਸਕਦਾ। ਇਸ ਲਈ ਤੁਹਾਨੂੰ ਮਿਤੀ ੦੨ ਮਾਘ ਨਾਨਕਸ਼ਾਹੀ ਸੰਮਤ ੫੫੭ ਮੁਤਾਬਿਕ ੧੫ ਜਨਵਰੀ ੨੦੨੬ ਨੂੰ ਸਵੇਰੇ ੧੦.੦੦ ਵਜੇ ਨਿੱਜੀ ਤੌਰ ਉੱਤੇ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਹੋ ਕੇ ਆਪਣਾ ਸਪੱਸ਼ਟੀਕਰਨ ਦੇਣ ਲਈ ਸੱਦਿਆ ਜਾਂਦਾ ਹੈ।

ਧੰਨਵਾਦ ਸਹਿਤ,

(ਬਗੀਚਾ ਸਿੰਘ)
ਇੰਚਾਰਜ,
ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।

Phone/Fax : 0183-2540820 | E-Mail : akaltakhatsahib84@gmail.com

**ਸ੍ਰੀ ਅੰਮ੍ਰਿਤਸਰ, 5 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਸਮੇਂ ਤੋਂ ਚੱਲ ਰਹੇ ਇੱਕ ਸੰਜੀਦਾ ਪੰਥਕ ਮਾਮਲੇ ਸਬੰਧੀ ਗੱਲ ਕਰਦਿਆਂ ਸਿੱਖ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ ਕਰਦਿਆਂ ਜਾਣਬੁੱਝ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਿੱਖ ਰਹਿਤ ਮਰਯਾਦਾ ਤੇ ਸਰਬਉੱਚਤਾ ਅਤੇ ਸਿੱਖ ਗੁਰੂ ਸਾਹਿਬਾਨ ਵੱਲੋਂ ਬਖ਼ਸ਼ੇ ਦਸਵੰਧ ਦੇ ਸਿਧਾਂਤ "ਗੁਰੂ ਕੀ ਗੋਲਕ" ਵਿਰੁੱਧ ਵਾਰ-ਵਾਰ ਬਹੁਤ ਹੀ ਇਤਰਾਜ਼ਯੋਗ ਟਿੱਪਣੀਆਂ ਕਰਕੇ ਸਿੱਖ ਭਾਵਨਾਵਾਂ ਨੂੰ ਗਹਿਰੀ ਸੱਟ ਮਾਰਨ ਦੇ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਨੂੰ 15 ਜਨਵਰੀ ਨੂੰ ਸਕੱਤਰੇਤ ਵਿਖੇ ਸੱਦਿਆ ਗਿਆ ਹੈ। ਇਸ ਦੇ ਨਾਲ ਹੀ ਇਹ ਕਾਰਵਾਈ ਬੀਤੇ ਦਿਨੀਂ ਮੁੱਖ ਮੰਤਰੀ ਭਗਵੰਤ ਮਾਨ ਦੀ ਸਾਹਮਣੇ ਆਈਆਂ ਇਤਰਾਜ਼ਯੋਗ ਵੀਡੀਓ ਦੇ ਮਾਮਲੇ ਵਿੱਚ ਵੀ ਕੀਤੀ ਗਈ ਹੈ, ਜਿਸ ਵਿੱਚ ਉਹ ਸਿੱਖ ਗੁਰੂ ਸਾਹਿਬਾਨ ਅਤੇ 20ਵੀਂ ਸਦੀ ਦੇ ਮਹਾਨ ਸਿੱਖ ਤੇ ਕੌਮੀ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲੇ ਦੀਆਂ ਤਸਵੀਰਾਂ ਨਾਲ ਅਤਿ-ਇਤਰਾਜ਼ਯੋਗ ਗਤੀਵਿਧੀ ਕਰਦੇ ਨਜ਼ਰ ਆ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਸਬੰਧੀ ਅੱਜ ਸਕੱਤਰੇਤ ਵਿਖੇ ਮੀਡੀਆ ਨੂੰ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਅੰਦਰ ਇੱਕ ਸੰਵਿਧਾਨਕ ਉੱਚ-ਅਹੁਦੇ ਉੱਤੇ ਬੈਠਾ ਹੈ ਅਤੇ ਉਨ੍ਹਾਂ ਵੱਲੋਂ ਸਿੱਖ ਵਿਰੋਧੀ ਪ੍ਰਗਟਾਵੇ ਉਨ੍ਹਾਂ ਦੇ ਅੰਦਰ ਦੇ ਰਾਜ ਹੈਂਕੜ ਨੂੰ ਦਰਸਾਉਂਦੇ ਹਨ। ਜਥੇਦਾਰ ਗੜਗੱਜ ਨੇ ਸਪੱਸ਼ਟ ਕੀਤਾ ਕਿ ਕਿਉਂਕਿ ਮੌਜੂਦਾ ਮੁੱਖ ਮੰਤਰੀ ਪਤਿਤ ਹੈ ਅਤੇ ਸਿੱਖ ਰਵਾਇਤ ਅਨੁਸਾਰ ਉਨ੍ਹਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਦੇ ਸਨਮੁਖ ਪੇਸ਼ ਨਹੀਂ ਕੀਤਾ ਜਾ ਸਕਦਾ ਇਸ ਲਈ ਉਨ੍ਹਾਂ ਨੂੰ 15 ਜਨਵਰੀ 2026 ਨੂੰ ਨਿੱਜੀ ਤੌਰ ਉੱਤੇ ਸਕੱਤਰੇਤ, ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਹੋ ਕੇ ਆਪਣਾ ਸਪੱਸ਼ਟੀਕਰਨ ਰੱਖਣ ਲਈ ਸੱਦਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਰਹਿਤ ਮਰਯਾਦਾ ਨੂੰ ਚੁਣੌਤੀ ਅਤੇ ਸਿੱਖ ਭਾਵਨਾਵਾਂ ਨੂੰ ਸੱਟ ਦਾ ਮਾਮਲਾ ਕਦੇ ਵੀ ਬਰਦਾਸ਼ਤ ਨਹੀਂ ਕਰ ਸਕਦਾ।

ਜਥੇਦਾਰ ਗੜਗੱਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਸਿੱਖ ਭਾਵਨਾਵਾਂ ਨੂੰ ਸੱਟ ਮਾਰਦੀ ਸਾਹਮਣੇ ਆਈ ਅਤਿ ਇਤਰਾਜ਼ਯੋਗ ਵੀਡੀਓ ਤੋਂ ਉਨ੍ਹਾਂ ਦੀ ਸਿੱਖ ਵਿਰੋਧੀ ਮਾਨਸਿਕਤਾ ਸਪੱਸ਼ਟ ਹੁੰਦੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਇਸ ਵੀਡੀਓ ਦੀ ਫੋਰੈਂਸਿਕ ਜਾਂਚ ਕਰਵਾਏਗਾ ਅਤੇ ਰਿਪੋਰਟ ਵਿੱਚ ਜੇਕਰ ਇਹ ਵੀਡੀਓ ਸਹੀ ਸਾਬਤ ਹੋਈ ਤਾਂ ਮੁੱਖ ਮੰਤਰੀ ਭਗਵੰਤ ਮਾਨ ਵਿਰੁੱਧ ਪੰਥਕ ਰਵਾਇਤਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਇਸੇ ਦੌਰਾਨ ਜਥੇਦਾਰ ਗੜਗੱਜ ਨੇ ਸਾਲ 2015 ਵਿੱਚ ਬਰਗਾੜੀ ਵਿਖੇ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਦੇ ਇਸ਼ਾਰੇ ਉੱਤੇ ਕੀਤੀ ਗਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਅਤੇ 2017 ਵਿੱਚ ਕੀਤੇ ਗਏ ਮੌੜ ਅੱਤਵਾਦੀ ਧਮਾਕੇ ਜਿਸ ਵਿੱਚ ਪੰਜ ਬੱਚਿਆਂ ਸਮੇਤ ਸੱਤ ਵਿਅਕਤੀਆਂ ਦੀ ਜਾਨ ਗਈ ਸੀ, ਦੇ ਮਾਮਲਿਆਂ ਵਿੱਚ ਪੰਜਾਬ ਦੀ ਮੌਜੂਦਾ ਸਰਕਾਰ ਨੂੰ ਇਹ ਸਪੱਸ਼ਟ ਕਰਨ ਲਈ ਕਿਹਾ ਕਿ ਸਰਕਾਰ ਨੇ ਹੁਣ ਤੱਕ ਇਨ੍ਹਾਂ ਮਾਮਲਿਆਂ ਵਿੱਚ ਸਿੱਖਾਂ ਤੇ ਪੀੜਤਾਂ ਨੂੰ ਇਨਸਾਫ਼ ਕਿਉਂ ਨਹੀਂ ਦਿਵਾਇਆ। ਉਨ੍ਹਾਂ ਕਿਹਾ ਕਿ ਬਰਗਾੜੀ ਬੇਅਦਬੀ ਮਾਮਲੇ ਵਿੱਚ ਬੀਤੇ ਸਮੇਂ ਗ੍ਰਿਫ਼ਤਾਰ ਕੀਤੇ ਗਏ ਮੁੱਖ ਦੋਸ਼ੀ ਪ੍ਰਦੀਪ ਕਲੇਰ ਨੇ ਅਦਾਲਤ ਵਿੱਚ ਆਪਣੇ ਬਿਆਨਾਂ ਅੰਦਰ ਇਹ ਗੱਲ ਸਪੱਸ਼ਟ ਆਖੀ ਹੈ ਕਿ ਇਹ ਬੇਅਦਬੀ ਗੁਰਮੀਤ ਰਾਮ ਰਹੀਮ ਤੇ ਉਸ ਦੀ ਪੈਰੋਕਾਰ ਹਨੀਪ੍ਰੀਤ ਦੇ ਕਹਿਣ ਉੱਤੇ ਕੀਤੀ ਗਈ ਹੈ। ਇਸ ਦੇ ਨਾਲ ਹੀ ਮੌੜ ਬੰਬ ਧਮਾਕੇ ਮਾਮਲੇ ਦੀ ਕੜੀ ਵੀ ਗੁਰਮੀਤ ਰਾਮ ਰਹੀਮ ਦੇ ਡੇਰੇ ਨਾਲ ਜੁੜਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੱਸੇ ਕਿ ਉਹ ਹੁਣ ਤੱਕ ਇਨ੍ਹਾਂ ਮਾਮਲਿਆਂ ਵਿੱਚ ਗੁਰਮੀਤ ਰਾਮ ਰਹੀਮ ਤੇ ਹਨੀਪ੍ਰੀਤ ਅਤੇ ਹੋਰ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਪੰਜਾਬ ਅੰਦਰ ਕਿਉਂ ਨਹੀਂ ਲਿਆਈ ? ਉਨ੍ਹਾਂ ਕਿਹਾ ਕਿ ਬਰਗਾੜੀ ਮਾਮਲੇ ਵਿੱਚ ਸ਼ਰੇਆਮ ਸਿੱਖਾਂ ਵਿਰੁੱਧ ਵੱਡੀ ਸਾਜ਼ਸ਼ ਤਹਿਤ ਗੁਰਮੀਤ ਰਾਮ ਰਹੀਮ ਵੱਲੋਂ ਬੇਅਦਬੀ ਕਰਵਾਈ ਗਈ, ਲੇਕਿਨ ਮੌਜੂਦਾ ਆਮ ਪਾਰਟੀ ਦੀ ਸਰਕਾਰ ਨੇ ਬਰਗਾੜੀ ਬੇਅਦਬੀ ਮਾਮਲੇ ਨੂੰ ਇਕੱਲੇ ਸਿਆਸੀ ਤੌਰ ਉੱਤੇ ਹੀ ਨਹੀਂ ਵਰਤਿਆ ਬਲਕਿ ਸਰਕਾਰ ਇੱਕ ਧਿਰ ਬਣਕੇ ਰਾਮ ਰਹੀਮ ਜਿਹੇ ਸਿੱਖ ਵਿਰੋਧੀ ਝੂਠੇ ਸਾਧ ਨੂੰ ਬਚਾਉਣ ਲਈ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਆਗੂ ਇਹ ਗੱਲ ਕਹਿੰਦੇ ਰਹੇ ਹਨ ਕਿ ਮੌੜ ਧਮਾਕਾ ਉਨ੍ਹਾਂ ਨੂੰ ਸੱਤਾ ਵਿੱਚ ਆਉਣ ਤੋਂ ਰੋਕਣ ਲਈ ਕੀਤਾ ਗਿਆ ਸੀ ਪਰੰਤੂ ਸੱਤਾ 'ਚ ਆ ਕੇ ਸਰਕਾਰ ਨੇ ਇਸ ਮਾਮਲੇ ਵਿੱਚ ਕਾਰਵਾਈ ਕਿਉਂ ਨਹੀਂ ਕੀਤੀ।

ਉਨ੍ਹਾਂ ਕਿਹਾ ਕਿ ਸਰਕਾਰ ਨਿੱਕੇ ਨਿੱਕੇ ਮਾਮਲਿਆਂ ਜਿਵੇਂ ਖਿਡੌਣਾ ਰਫ਼ਲ ਨਾਲ ਫ਼ੋਟੋ ਪਾਉਣ ਉੱਤੇ ਨੌਜਵਾਨਾਂ ਉੱਤੇ ਪਰਚੇ ਕਰ ਦਿੰਦੀ ਹੈ। ਇਸ ਸਰਕਾਰ ਨੇ ਸਿੱਖ ਨੌਜਵਾਨਾਂ ਉੱਤੇ ਐੱਨਐੱਸਏ ਅਤੇ ਯੂਏਪੀਏ ਜਿਹੇ ਕਾਨੂੰਨਾਂ ਤਹਿਤ ਕਾਰਵਾਈ ਕਰਕੇ ਆਪਣੀ ਸਿੱਖ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ ਪਿਛਲੇ ਲੰਮੇ ਸਮੇਂ ਤੋਂ ਕੀਤਾ ਹੈ।

ਜਥੇਦਾਰ ਗੜਗੱਜ ਨੇ ਕਿਹਾ ਕਿ ਬਰਗਾੜੀ ਬੇਅਦਬੀ ਨਾਲ ਸਬੰਧਤ ਮਾਮਲਿਆਂ ਨੂੰ ਪੰਜਾਬ ਤੋਂ ਬਾਹਰ ਤਬਦੀਲ ਕਰਨ ਦੀ ਕਾਰਵਾਈ ਵਿੱਚ ਹੀ ਸੂਬਾ ਸਰਕਾਰ ਵੱਲੋਂ ਇਸ ਦੇ ਵਿਰੋਧ ਵਿੱਚ ਅਦਾਲਤ ਅੰਦਰ ਕੋਈ ਅਪੀਲ ਨਹੀਂ ਕੀਤੀ ਗਈ, ਬਲਕਿ ਸੁਪਰੀਮ ਕੋਰਟ ਦੀ ਸੀਨੀਅਰ ਵਕੀਲ ਸ. ਹਰਵਿੰਦਰ ਸਿੰਘ ਫੂਲਕਾ ਮੁਦਈਆਂ ਦੀ ਤਰਫ਼ੋਂ ਖੁਦ ਸੁਪਰੀਮ ਕੋਰਟ ਅੰਦਰ ਮਾਮਲਿਆਂ ਦੀ ਤਬਦੀਲੀ ਦੇ ਵਿਰੁੱਧ ਕੇਸ ਲੜ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਫ਼ੈਸਲੇ ਜਿਸ ਤਹਿਤ ਇਹ ਕੇਸ ਤਬਦੀਲ ਕੀਤੇ ਗਏ ਜਿਸ ਵਿੱਚ ਇਹ ਟਿੱਪਣੀ ਕੀਤੀ ਗਈ ਸੀ ਕਿ ਪੰਜਾਬ ਅੰਦਰ ਮਾਹੌਲ ਠੀਕ ਨਹੀਂ ਹੈ, ਇਸ ਵਿਰੁੱਧ ਵੀ ਕੋਈ ਅਪੀਲ ਨਹੀਂ ਕੀਤੀ, ਜੋ ਕਿ ਸਰਕਾਰ ਦੀ ਲੁਕਵੀਂ ਸਿੱਖ ਵਿਰੋਧੀ ਮਨਸ਼ਾ ਤੇ ਡੇਰਾ ਸਿਰਸਾ ਦੀ ਤਰਫ਼ਦਾਰੀ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਅਸਲ ਬੇਅਦਬੀ ਦੇ ਮਾਮਲਿਆਂ ਵਿੱਚ ਸਿੱਖਾਂ ਨੂੰ ਇਨਸਾਫ਼ ਦੇਣ ਵਿੱਚ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ ਅਤੇ ਸਰਕਾਰ ਦੇ ਆਗੂ ਬੇਅਦਬੀ ਦੇ ਮਾਮਲਿਆਂ ਵਿੱਚ ਸਿਆਸਤ ਕਰਦਿਆਂ ਸਿੱਖ ਭਾਵਨਾਵਾਂ ਨਾਲ ਖਿਲਵਾੜ ਕਰ ਰਹੇ ਹਨ।

ਜਥੇਦਾਰ ਗੜਗੱਜ ਨੇ ਕਿਹਾ ਕਿ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਤਿੰਨ ਸਾਲ ਪਹਿਲਾਂ ਸਿੱਖ ਸੰਗਤਾਂ ਵੱਲੋਂ ਬਰਗਾੜੀ ਬੇਅਦਬੀ ਮਾਮਲੇ ਵਿੱਚ ਲਗਾਏ ਗਏ ਮੋਰਚੇ ਉੱਤੇ ਪਹੁੰਚ ਕੇ ਸੰਗਤ ਪਾਸੋਂ ਤਿੰਨ ਮਹੀਨਿਆਂ ਦਾ ਸਮਾਂ ਮੰਗਦਿਆਂ ਇਹ ਵਾਅਦਾ ਕੀਤਾ ਸੀ ਕਿ ਸਰਕਾਰ ਇਨਸਾਫ਼ ਦਿਵਾਏਗੀ, ਲੇਕਿਨ ਹੁਣ ਤੱਕ ਇਨਸਾਫ਼ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਇਹ ਮਾਮਲਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਧਿਆਨ ਵਿੱਚ ਹੈ ਇਸ ਸਬੰਧੀ ਸਮੁੱਚੇ ਤੱਥ ਇਕੱਤਰ ਕਰਕੇ ਸ. ਸੰਧਵਾਂ ਪਾਸੋਂ ਵੀ ਜਵਾਬਤਲਬੀ ਕੀਤੀ ਜਾ ਸਕਦੀ ਹੈ। ••

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਦਸ਼ਮੇਸ਼ ਪਿਤਾ ਸਰਬੰਸਦਾਨੀ ਅੰਮ੍ਰਿਤ ਕੇ ਦਾਤੇ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਖੁਸ਼ੀਆਂ ਵਿੱਚ

# 'ਵਿਸ਼ੇਸ਼ ਗੁਰਮਤਿ ਸਮਾਗਮ' ਆਯੋਜਿਤ


## ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਬਾਣੀ ਗੁਰਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਿਆ













ਦਸ਼ਮੇਸ਼ ਪਿਤਾ ਸਰਬੰਸਦਾਨੀ ਅੰਮ੍ਰਿਤ ਕੇ ਦਾਤੇ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਖੁਸ਼ੀਆਂ ਵਿੱਚ "ਵਿਸ਼ੇਸ਼ ਗੁਰਮਤਿ ਸਮਾਗਮ" ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਐਲਨਾਬਾਦ ਸਿਰਸਾ ਵਿਖੇ ਕੀਤਾ ਗਿਆ ਜਿਸ ਵਿੱਚ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਤਜਿੰਦਰ ਸਿੰਘ ਦੇ ਜੱਥੇ ਨੇ ਰਸਭਿੰਨਾ ਕੀਰਤਨ ਕੀਤਾ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਬਾਣੀ ਗੁਰਇਤਿਹਾਸ ਨਾਲ ਸਿਖ ਸੰਗਤਾਂ ਨੂੰ ਜੋੜਿਆ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਐਲਨਾਬਾਦ ਦੇ ਪ੍ਰਧਾਨ ਭਾਈ ਗੁਰਪਾਲ ਸਿੰਘ ਗੋਰਾ ਮੈਂਬਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੁੱਚੇ ਪ੍ਰਬੰਧਕਾਂ ਵੱਲੋਂ ਜਥੇਦਾਰ ਦਾਦੂਵਾਲ ਜੀ ਨੂੰ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ ਇਸ ਸਮੇਂ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਨੇ ਹਾਜ਼ਰੀ ਭਰੀ ਗੁਰੂ ਕਾ ਲੰਗਰ ਅਟੁੱਟ ਵਰਤਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸਰਬੰਸਦਾਨੀ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਖੁਸ਼ੀਆਂ ਵਿੱਚ

# 'ਵਿਸ਼ੇਸ਼ ਗੁਰਮਤਿ ਸਮਾਗਮ' ਆਯੋਜਿਤ

## ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਦੁਆਰਾ ਗੁਰੂ ਅਸਥਾਨ ਸਿੰਘ ਸਭਾ ਸਬਜ਼ੀ ਮੰਡੀ ਡੱਬਵਾਲੀ ਵਿਖੇ ਸੰਗਤਾਂ ਨੂੰ ਸੰਬੋਧਨ ਕੀਤਾ












ਸਰਬੰਸਦਾਨੀ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਖੁਸ਼ੀਆਂ ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠ ਚਲਦੇ ਗੁਰਦੁਆਰਾ ਗੁਰੂ ਅਸਥਾਨ ਸਿੰਘ ਸਭਾ ਸਬਜ਼ੀ ਮੰਡੀ ਡੱਬਵਾਲੀ ਵਿਖੇ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ,ਸਰਦਾਰ ਜਗਤਾਰ ਸਿੰਘ ਮਾਨ ਮਿਠੜੀ ਅੰਤ੍ਰਿੰਗ ਮੈਂਬਰ ਅਤੇ ਭਾਈ ਕੁਲਦੀਪ ਸਿੰਘ ਜੋਗੇਵਾਲਾ ਮੈਂਬਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਜਥੇਦਾਰ ਦਾਦੂਵਾਲ ਜੀ ਨੂੰ ਸਿਰਪਾਉ ਭੇਂਟ ਕਰਕੇ ਸਨਮਾਨਿਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ॥



# ਭੋਗ ਅਤੇ ਅੰਤਿਮ ਅਰਦਾਸ

ਆਪ ਜੀ ਨੂੰ ਬਹੁਤ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ
ਸਤਿਕਾਰਯੋਗ
ਸ.ਅਜਮੇਰ ਸਿੰਘ
ਆਪਣੀ ਸੰਸਾਰਿਕ ਯਾਤਰਾ ਨੂੰ ਪੂਰਾ ਕਰਦੇ ਹੋਏ ਮਿਤੀ: 28-12-2025 ਨੂੰ ਅਚਾਨਕ
ਸਦੀਵੀ
ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ
ਗਏ
ਸ਼੍ਰੀ ਅਖੰਡ ਸਾਹਿਬ ਪਾਠ ਦੇ ਭੋਗ
ਮਿਤੀ 06-01-2026,
ਮੰਗਲਵਾਰ ਦਿਨ ਨੂੰ
ਪਿੰਡ ਨਾਗੋਕੇ
ਸਮਾਂ 12 ਤੋਂ 1 ਵਜੇ ਤੱਕ ਪਵੇਗਾ।
ਸੋ ਆਪ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਲਈ ਨਿਮਰਤਾ
ਸਹਿਤ ਬੇਨਤੀ ਕੀਤੀ ਜਾਂਦੀ ਹੈ।

ਦੁੱਖੀ ਹਿਰਦੇ ਨਾਲ
ਸਮੂਹ ਖਹਿਰਾ ਪਰਿਵਾਰ



# ਕਥਾ ਅਤੇ ਅਰਦਾਸ

ਗਿਆਨੀ ਸੁਖਦੇਵ ਸਿੰਘ ਸਾਧਪੁਰ
ਫਰਾਸ਼
ਸੱਚਖੰਡ ਸ਼੍ਰੀ ਹਰਮੰਦਿਰ ਸਾਹਿਬ ਜੀ
ਸ਼੍ਰੀ ਅੰਮ੍ਰਿਤਸਰ ਸਾਹਿਬ
95920 26262

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM

### ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਵਡਾਲੀ ਡੋਗਰਾਂ ਵਿਖੇ


# ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਸੇਵਾ ਸੁਸਾਇਟੀ ਵੱਲੋਂ ਗੁਰਮਤਿ ਸਮਾਗਮ ਕਰਵਾਇਆ ਗਿਆ-ਭਾਈ ਸੰਧੂ



ਜੰਡਿਆਲਾ ਗੁਰੂ 5 ਜਨਵਰੀ ( ਕੁਲਵੰਤ ਵਿਰਦੀ ) ਸਾਹਿਬ ਏ ਕਮਾਲ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅੱਜ ਬਾਬਾ ਜੀਵਨ ਸਿੰਘ ਜੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੋਸਾਇਟੀ (ਰਜਿ.) ਪਿੰਡ ਵਡਾਲੀ ਡੋਗਰਾਂ ਅਤੇ ਸਮੁੱਚੇ ਪਿੰਡ ਦੇ ਸਹਿਯੋਗ ਸਦਕਾ ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਵਿਖੇ ਆਰੰਭ ਕੀਤੇ ਗਏ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਭੋਗ ਉਪਰੰਤ ਗੁਰਮਤਿ ਦੀਵਾਨ ਸਜਾਏ ਗਏ ਜਿਸ ਵਿੱਚ ਕਥਾ ਦੀ ਹਾਜ਼ਰੀ ਭਰਦਿਆਂ ਕਥਾਵਾਚਕ ਭਾਈ ਜਸ਼ਨਪ੍ਰੀਤ ਸਿੰਘ ਜੀ ਵਡਾਲੀ (ਖ਼ਾਲਸਾ ਯੂਨੀਵਰਸਿਟੀ) ਵਾਲਿਆਂ ਨੇ ਸੰਗਤਾਂ ਨਾਲ ਗੁਰ ਇਤਿਹਾਸ ਦੀ ਸਾਂਝ ਪਾਈ। ਉਨ੍ਹਾਂ ਸੰਗਤਾਂ ਨੂੰ ਸਿੱਖ ਪੰਥ ਦੇ ਸਿਰਜਣਾਤਮਕ ਤੇ ਮਾਣਮੱਤੇ ਇਤਿਹਾਸ ਨਾਲ ਸੰਗਤਾਂ ਨੂੰ ਰੂਬਰੂ ਕਰਵਾਇਆ। ਕਲਗ.ੀਧਰ ਪਿਤਾ ਦਾ ਖ਼ਾਲਸਾ ਪੰਥ ਸਜਾਉਣਾ, ਜ਼ੁਲਮ ਵਿਰੁੱਧ ਸ਼ਸਤਰਬੱਧ ਹੋਣ ਦਾ ਸੰਦੇਸ਼ ਦੇਣਾ ਅਤੇ ਮਨੁੱਖਤਾ ਦੀ ਭਲਾਈ ਖ਼ਾਤਰ ਆਪਣਾ ਸਰਬੰਸ ਕੁਰਬਾਨ ਕਰ ਦੇਣਾ ਆਦਿ ਵਿਸ਼ਿਆਂ 'ਤੇ ਵੀ ਵਿਸ਼ੇਸ਼ ਚਾਨਣਾ ਪਾਇਆ ਗਿਆ। ਅਖ਼ੀਰ ਉਨ੍ਹਾਂ ਸਮਾਗਮ ਵਿੱਚ ਜੁੜ ਚੁੱਕੀ ਸਮੂਹ ਸੰਗਤ ਨੂੰ ਬਾਣੀ ਅਤੇ ਬਾਣੇ ਦੇ ਧਾਰਨੀ ਹੋਣ ਲਈ ਪ੍ਰੇਰਿਆ। ਉਪਰੰਤ ਸੋਸਾਇਟੀ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਸੰਧੂ , ਮੀਤ ਪ੍ਰਧਾਨ ਸਰਪੰਚ ਸੰਦੀਪ ਸਿੰਘ ਮੌਜੀ ਨੇ ਕਥਾਵਾਚਕ ਭਾਈ ਜਸ਼ਨਪ੍ਰੀਤ ਸਿੰਘ ਵਡਾਲੀ ਦਾ ਸਨਮਾਨ ਕੀਤਾ। ਇਸ ਮੌਕੇ ਖ਼ਜ਼ਾਨਚੀ ਦਵਿੰਦਰਪਾਲ ਸਿੰਘ ਗੋਰਾ, ਜਨਰਲ ਸਕੱਤਰ ਜੋਬਨਬੀਰ ਸਿੰਘ, ਸਲਾਹਕਾਰ ਹਰਭਜਨ ਸਿੰਘ ਮੌਜੀ, ਗ੍ਰੰਥੀ ਭਾਈ ਅਵਤਾਰ ਸਿੰਘ, ਗੁਰਪ੍ਰੀਤ ਸਿੰਘ, ਬਲਜਿੰਦਰ ਸਿੰਘ, ਜਸਬੀਰ ਸਿੰਘ ਪੰਚਾਇਤ ਮੈਂਬਰ, ਗੁਰਜੀਤ ਸਿੰਘ, ਅਰਸ਼ਦੀਪ ਸਿੰਘ, ਕੁਲਦੀਪ ਸਿੰਘ, ਹਰਬਿੰਦਰ ਸਿੰਘ, ਸ਼ਿੰਦਰਪਾਲ ਸਿੰਘ, ਮਨਪ੍ਰੀਤ ਸਿੰਘ, ਮਨਜੀਤ ਸਿੰਘ, ਬਚਿੱਤਰ ਸਿੰਘ, ਸੁਖਵਿੰਦਰ ਸਿੰਘ, ਭੁਪਿੰਦਰ ਸਿੰਘ, ਦਿਲਬਾਗ ਸਿੰਘ , ਦਲਜੀਤ ਸਿੰਘ ਜੀਤਾ, ਸੁਸਾਇਟੀ ਦੇ ਮੈਂਬਰ ਸੰਦੀਪ ਸਿੰਘ, ਗੁਰਸੇਵਕ ਸਿੰਘ, ਅਮਨਦੀਪ ਸਿੰਘ ਜਗਜੀਤ ਸਿੰਘ, ਬਲਵਿੰਦਰ ਸਿੰਘ, ਬਲਦੇਵ ਸਿੰਘ ਆਦਿ ਹਾਜ਼ਰ ਸਨ।

### ਜੰਡਿਆਲਾ ਗੁਰੂ 'ਚ ਸੁਨਿਆਰੇ ਦੀ ਦੁਕਾਨ ਤੇ ਦੋ ਮੋਟਰਸਾਈਕਲ ਸਵਾਰ ਨੌਜਵਾਨਾਂ ਨੇ ਚਲਾਈਆਂ ਤਾਬੜਤੋੜ ਗੋਲੀਆਂ

# ਸ਼ਹਿਰ ਇਲਾਕੇ 'ਚ ਦਹਿਸ਼ਤ ਦਾ ਮਾਹੌਲ





**ਜੰਡਿਆਲਾ ਗੁਰੂ, 5 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਜੰਡਿਆਲਾ ਗੁਰੂ ਵਿੱਚ ਗੋਲੀ ਚੱਲਣ ਦੀਆਂ ਘਟਨਾਵਾਂ ਆਮ ਹੋ ਗਈਆਂ ਹਨ । ਜਾਣਕਾਰੀ ਮੁਤਾਬਕ ਮੋਟਰਸਾਈਕਲ ਸਵਾਰ ਦੋ ਨੌਜਵਾਨਾਂ ਨੇ ਸ਼ਹਿਰ ਦੇ ਮੇਨ ਵਾਲਮੀਕ ਚੌਕ ਵਿਚ ਸਥਿਤ ਇੱਕ ਸੁਨਿਆਰੇ ਦੀ ਦੁਕਾਨ ਨੂੰ ਨਿਸ਼ਾਨਾ ਬਣਾਉਂਦਿਆਂ ਫਾਇਰਿੰਗ ਕੀਤੀ ਗਈ। ਦੱਸਿਆ ਜਾ ਰਿਹਾ ਹੈ ਕਿ ਹਮਲਾਵਰਾਂ ਵੱਲੋਂ ਚਾਰ ਤੋਂ ਪੰਜ ਰੌਂਦ ਫਾਇਰ ਕੀਤੇ ਗਏ, ਜਿਸ ਕਾਰਨ ਸਹਿਰ ਤੇ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ। ਇਸ ਘਟਨਾ ਵਿੱਚ ਕਿਸੇ ਜਾਨੀ ਨੁਕਸਾਨ ਦੀ ਖ਼ਬਰ ਨਹੀਂ ਹੈ ।ਘਟਨਾ ਦੀ ਸੂਚਨਾ ਮਿਲਦੇ ਹੀ ਜੰਡਿਆਲਾ ਗੁਰੂ ਪੁਲਸ ਮੌਕੇ 'ਤੇ ਪਹੁੰਚ ਗਈ ਅਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਪੁਲਸ ਵੱਲੋਂ ਆਸ-ਪਾਸ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ ਤਾਂ ਜੋ ਹਮਲਾਵਰਾਂ ਦੀ ਪਛਾਣ ਕੀਤੀ ਜਾ ਸਕੇ। ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਮਾਮਲੇ ਦੀ ਹਰ ਪੱਖੋਂ ਜਾਂਚ ਕੀਤੀ ਜਾ ਰਹੀ ਹੈ ਅਤੇ ਜਲਦੀ ਹੀ ਦੋਸ਼ੀਆਂ ਨੂੰ ਕਾਬੂ ਕਰ ਲਿਆ ਜਾਵੇਗਾ ।ਇਥੇ ਇਹ ਵੀ ਦੱਸਣ ਯੋਗ ਹੈ ਕੀ ਜੰਡਿਆਲਾ ਗੁਰੂ ਵਿਖੇ ਆਏ ਦਿਨ ਵੱਖ ਵੱਖ ਥਾਵਾਂ ਤੇ ਸਮਾਜ ਦੇ ਨਿਡਰ ਸ਼ਰਾਰਤੀ ਅਨਸਰਾਂ ਵੱਲੋਂ ਗੋਲੀਆਂ ਚਲਾਈਆ ਜਾ ਰਹੀਆਂ ਹਨ ਗੋਲੀਆਂ ਚਲਾਉਣ ਵਾਲੇ ਅਨਪਛਾਤੇ ਸਰਾਂਰਤੀ ਲੋਕਾਂ ਤੇ ਨਕੇਲ ਕਸਣ ਤੇ ਜੰਡਿਆਲਾ ਪੁਲਿਸ ਪੂਰੀ ਤਰ੍ਹਾਂ ਨਾਕਾਮ ਸਾਬਤ ਨਜ਼ਰ ਆ ਰਹੀ ਹੈ ਜਿਸ ਕਾਰਨ ਜੰਡਿਆਲਾ ਗੁਰੂ ਦੇ ਲੋਕਾਂ ਵਿੱਚ ਭਾਰੀ ਰੋਸ ਵੀ ਪਾਇਆ ਜਾ ਰਿਹਾ ਹੈ ਅਤੇ ਜੰਡਿਆਲਾ ਗੁਰੂ ਦੇ ਹੀ ਹਲਕਾ ਵਿਧਾਇਕ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਤੇ ਵੀ ਕਾਫੀ ਕਿੰਤੂ ਪ੍ਰੰਤੂ ਕੀਤਾ ਜਾ ਰਿਹਾ ਹੈ ਕਿ ਕੈਬਿਨਟ ਮੰਤਰੀ ਆਪਣੀ ਸੁਰੱਖਿਆ ਵਾਸਤੇ ਅਣਗਿਣਤ ਭਾਰੀ ਪੁਲਿਸ ਫੋਰਸ ਨਾਲ ਲੈ ਕੇ ਚੱਲ ਰਹੇ ਹਨ ਪਰ ਜੰਡਿਆਲਾ ਗੁਰੂ ਜਨਤਾ ਦੀ ਸੁਰੱਖਿਆ ਵਾਸਤੇ ਵੱਖ ਵੱਖ ਚੌਕਾਂ ਚ ਪੁਲਿਸ ਮੁਲਾਜਮ ਨਜਰ ਨਹੀਂ ਆਉਂਦੇ ਜੋ ਕਿ ਇੱਕ ਬਹੁਤ ਹੀ ਗੰਭੀਰ ਚਿੰਤਾ ਦਾ ਵਿਸ਼ਾ ਹੈ ਜਿਸ ਕਰਕੇ ਆਏ ਦਿਨੀਂ ਸਮਾਜ ਦੇ ਸ਼ਰਾਰਤੀ ਅਨਸਰਾਂ ਵੱਲੋਂ ਜੰਡਿਆਲਾ ਗੁਰੂ ਦੀ ਜਨਤਾ ਨੂੰ ਆਪਣਾ ਨਿਸ਼ਾਨਾ ਬਣਾ ਕੇ ਆਪ ਰਫੂਚੱਕਰ ਹੋ ਜਾਂਦੇ ਹਨ ਅਤੇ ਜੰਡਿਆਲਾ ਪੁਲਿਸ ਆਪਣੀ ਜਾਂਚ ਚ ਜੁਟ ਜਾਂਦੀ ਹੈ ਤੇ ਆਖਿਰ ਚ ਪੁਲਿਸ ਦੇ ਹੱਥ ਕੁਝ ਨਹੀਂ ਲਗਦਾ।

## ਸਿਰਸੇਵਾਲੇ ਕਾਤਲ ਤੇ ਬਲਾਤਕਾਰੀ ਸਾਧ ਨੂੰ ਹੁਕਮਰਾਨਾਂ ਵੱਲੋਂ ਵਾਰ-ਵਾਰ ਪੇਰੋਲ ਉਤੇ ਸਿਆਸੀ ਸਵਾਰਥਾਂ ਦੀ ਪੂਰਤੀ ਲਈ ਰਿਹਾਅ ਕਿਸ ਕਾਨੂੰਨ ਅਧੀਨ ਕੀਤਾ ਜਾਂਦਾ ਹੈ ? : ਮਾਨ



**ਨਵੀਂ ਦਿੱਲੀ, 05 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)**:- "ਸਿਰਸੇਵਾਲਾ ਸੌਦਾ ਸਾਧ ਜਿਸ ਉਤੇ ਸੰਗੀਨ ਕਤਲ ਅਤੇ ਬਲਾਤਕਾਰੀ ਦੇ ਦੋਸ ਅਧੀਨ ਜੇਲ੍ਹ ਵਿਚ ਸਜ਼ਾ ਭੁਗਤ ਰਿਹਾ ਹੈ । ਅਜਿਹੀਆ ਸਜਾਵਾਂ ਵਿਚ ਕਦੀ ਵੀ ਪੇਰੋਲ ਉਤੇ ਕਾਨੂੰਨ ਰਿਹਾਅ ਕਰਨ ਦੀ ਗੱਲ ਨਹੀ ਕਰਦਾ । ਪਰ ਦੁੱਖ ਅਤੇ ਅਫਸੋਸ ਹੈ ਕਿ ਹਰਿਆਣਾ ਅਤੇ ਸੈਂਟਰ ਦੀਆਂ ਸਰਕਾਰਾਂ ਆਪਣੇ ਸਵਾਰਥੀ ਹਿੱਤਾ ਦੀ ਪੂਰਤੀ ਲਈ ਸੰਗੀਨ ਜੁਰਮਾਂ ਵਿਚ ਗ੍ਰਿਫਤਾਰ ਕੀਤੇ ਗਏ ਕਾਤਲ ਸਾਧ ਨੂੰ ਵਾਰ-ਵਾਰ ਪੈਰੋਲ ਦੇ ਕੇ ਇੰਡੀਅਨ ਵਿਧਾਨ ਤੇ ਕਾਨੂੰਨ ਦਾ ਮਜਾਕ ਉਡਾਉਣ ਦੇ ਨਾਲ-ਨਾਲ ਅਜਿਹੇ ਅਪਰਾਧੀਆ ਲਈ ਗੈਰ ਕਾਨੂੰਨੀ ਅਤੇ ਅਣਮਨੁੱਖੀ ਅਮਲ ਕਰਨ ਤੋ ਵੀ ਤੋਬਾ ਨਹੀ ਕਰਦੇ ਜਿਸ ਨਾਲ ਇਥੋ ਦੇ ਨਿਵਾਸੀਆ ਦੇ ਮਨ ਆਤਮਾ ਵਿਚ ਇੰਡੀਅਨ ਵਿਧਾਨ, ਕਾਨੂੰਨ ਤੇ ਨਿਜਾਮੀ ਪ੍ਰਬੰਧ ਉਤੇ ਵੱਡੇ ਪ੍ਰਸਨਚਿੰਨ ਲੱਗਣ ਤੋ ਇਨਕਾਰ ਨਹੀ ਕੀਤਾ ਜਾ ਸਕਦਾ । ਕਿਹੜੇ ਵਿਧਾਨ ਦੇ ਨਿਯਮ ਤੇ ਅਸੂਲ ਹਨ ਕਿ ਕੋਈ ਸਿਆਸੀ ਹੁਕਮਰਾਨ ਜਮਾਤ ਆਪਣੇ ਸਿਆਸੀ ਸਵਾਰਥਾਂ ਦੀ ਪੂਰਤੀ ਲਈ ਅਜਿਹੇ ਸੰਗੀਨ ਜੁਰਮਾਂ ਦੇ ਸਜਾਯਾਫਤਾ ਅਪਰਾਧੀਆ ਨੂੰ ਰਿਹਾਅ ਕਰੇ ?" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸਜਾਯਾਫਤਾ ਸਿਰਸੇਵਾਲੇ ਸਾਧ ਨੂੰ ਵਾਰ-ਵਾਰ 40 ਦਿਨਾਂ ਦੀ ਪੇਰੋਲ ਉਤੇ ਰਿਹਾਅ ਕਰ ਦੇਣ ਦੀਆਂ ਗੈਰ ਕਾਨੂੰਨੀ ਕਾਰਵਾਈਆ ਦਾ ਸਖਤ ਨੋਟਿਸ ਲੈਂਦੇ ਹੋਏ ਸੈਂਟਰ ਦੀ ਮੋਦੀ ਹਕੂਮਤ ਅਤੇ ਹਰਿਆਣੇ ਦੀ ਸੈਣੀ ਹਕੂਮਤ ਨੂੰ ਦੁਨੀਆ ਦੇ ਕੌਮਾਂਤਰੀ ਚੌਰਾਹੇ ਵਿਚ ਖੜ੍ਹਾ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਹਰਿਆਣਾ ਦੇ ਮੁੱਖ ਮੰਤਰੀ ਹਾਥੀ ਦੇ ਦੰਦ ਖਾਂਣ ਵਾਲੇ ਹੋਰ ਦੇ ਦਿਖਾਉਣ ਵਾਲੇ ਹੋਰ ਦੀ ਕਹਾਵਤ ਨੂੰ ਸੱਚ ਕਰਦੇ ਨਜਰ ਆ ਰਹੇ ਹਨ । ਪੰਜਾਬੀਆ ਤੇ ਸਿੱਖਾਂ ਨੂੰ ਗੁੰਮਰਾਹ ਕਰਨ ਹਿੱਤ ਪੰਜਾਬ ਵਿਚ ਆ ਕੇ ਪੰਜਾਬੀਆ ਦੀ ਹਮਦਰਦੀ ਲੈਣ ਦੀ ਢਕੌਂਜ ਕਰਦੇ ਨਜਰ ਆ ਰਹੇ ਹਨ ਜਦੋਕਿ ਜਿਸ ਬਲਾਤਕਾਰੀ ਤੇ ਕਾਤਲ ਸਾਧ ਨੇ ਸਿੱਖ ਕੌਮ ਦੇ ਮਨਾਂ ਆਤਮਾਵਾ ਨੂੰ ਡੂੰਘੀ ਠੇਸ ਪਹੁੰਚਾਈ ਹੈ, ਉਸਨੂੰ ਵਾਰ-ਵਾਰ ਰਿਹਾਅ ਕਰਨ ਦੇ ਅਮਲ ਕਰਕੇ ਉਹ ਕਿਹੜੀ ਪੰਜਾਬੀਅਤ ਤੇ ਇਨਸਾਨੀਅਤ ਪੱਖੀ ਅਮਲਾਂ ਦੀ ਗੱਲ ਕਰ ਰਹੇ ਹਨ ? ਇਹ ਦੁੱਖ ਅਤੇ ਵਿਤਕਰੇ ਭਰੀਆ ਕਾਰਵਾਈਆ ਹਨ ਕਿ ਜਿਨ੍ਹਾਂ ਬੰਦੀ ਸਿੱਖਾਂ ਨੇ ਆਪਣੀਆ ਕਾਨੂੰਨੀ ਸਜਾਵਾਂ ਪੂਰੀਆ ਕਰਨ ਤੋ ਵੀ ਵੱਧ ਜੇਲ੍ਹਾਂ ਵਿਚ ਰਹਿ ਚੁੱਕੇ ਹਨ ਅਤੇ ਜਿਨ੍ਹਾਂ ਨੂੰ 32-32 ਸਾਲਾਂ ਤੋ ਬੰਦੀ ਬਣਾਇਆ ਹੋਇਆ ਹੈ, ਜਿਨ੍ਹਾਂ ਨੂੰ ਰਿਹਾਅ ਕਰਨ ਦਾ ਕਾਨੂੰਨ ਵੀ ਸਪੱਸਟ ਕਰਦਾ ਹੈ ਉਨ੍ਹਾਂ ਬੰਦੀ ਸਿੰਘਾਂ ਨੂੰ ਮੋਦੀ ਹਕੂਮਤ ਅਤੇ ਹੋਰ ਸੰਬੰਧਤ ਸੂਬਿਆਂ ਦੀਆਂ ਸਰਕਾਰਾਂ ਰਿਹਾਅ ਕਿਉਂ ਨਹੀਂ ਕਰ ਰਹੀਆ ? ਸਿੱਖਾਂ ਉਤੇ ਗੈਰ ਕਾਨੂੰਨੀ ਢੰਗ ਨਾਲ ਕਾਲੇ ਕਾਨੂੰਨ ਥੋਪਕੇ ਉਨ੍ਹਾਂ ਨੂੰ ਦੂਸਰੇ ਸੂਬਿਆਂ ਦੀਆਂ ਜੇਲ੍ਹਾਂ ਵਿਚ ਜ਼ਬਰੀ ਬੰਦੀ ਕਿਉਂ ਬਣਾਇਆ ਜਾ ਰਿਹਾ ਹੈ ?

## ਮੁੱਖ ਮੰਤਰੀ ਸਿਹਤ ਬੀਮਾ ਯੋਜਨਾ 15 ਜਨਵਰੀ ਤੋਂ ਸ਼ੁਰੂ, ਹਰ ਪਰਿਵਾਰ ਨੂੰ ਮਿਲੇਗਾ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ : ਗੁਰਪ੍ਰਤਾਪ ਸਿੰਘ ਸੰਧੂ



ਜੰਡਿਆਲਾ ਗੁਰੂ 5 ਜਨਵਰੀ ( ਕੁਲਵੰਤ ਸਿੰਘ ਵਿਰਦੀ ) ਅੱਜ ਆਮ ਆਦਮੀ ਪਾਰਟੀ ਦੇ ਅੰਮ੍ਰਿਤਸਰ ਦੇ ਲੋਕ ਸਭਾ ਇੰਚਾਰਜ ਤੇ ਚੇਅਰਮੈਨ, ਜਿਲ੍ਹਾ ਯੋਜਨਾ ਕਮੇਟੀ ਗੁਰਪ੍ਰਤਾਪ ਸਿੰਘ ਸੰਧੂ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 15 ਜਨਵਰੀ ਨੂੰ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ, ਜਿਸ ਅਧੀਨ ਪੰਜਾਬ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਕੈਸ਼ਲੈੱਸ ਇਲਾਜ ਮਿਲੇਗਾ। ਇਸ ਯੋਜਨਾ ਲਈ ਕੋਈ ਆਮਦਨ ਸੀਮਾ ਨਹੀਂ ਰੱਖੀ ਗਈ ਅਤੇ ਰਾਜ ਦੇ ਸਰਕਾਰੀ ਮੁਲਾਜ਼ਮਾਂ ਨੂੰ ਵੀ ਇਸ ਵਿੱਚ ਸ਼ਾਮਿਲ ਕੀਤਾ ਗਿਆ ਹੈ। ਸੰਧੂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਸੰਯੋਜਕ ਅਰਵਿੰਦ ਕੇਜਰੀਵਾਲ 15 ਜਨਵਰੀ ਨੂੰ ਇਸ ਯੋਜਨਾ ਦਾ ਸਰਕਾਰੀ ਤੌਰ 'ਤੇ ਆਗਾਜ਼ ਕਰਨਗੇ। ਉਨ੍ਹਾਂ ਨੇ ਕਿਹਾ ਕਿ ਪਹਿਲੀਆਂ ਸਰਕਾਰਾਂ ਵੱਲੋਂ ਚਲਾਈਆਂ ਸਿਹਤ ਯੋਜਨਾਵਾਂ ਵਿੱਚ ਕੇਵਲ 5 ਲੱਖ ਰੁਪਏ ਤੱਕ ਦੀ ਕਵਰੇਜ ਮਿਲਦੀ ਸੀ, ਪਰ ਮਾਨ ਸਰਕਾਰ ਨੇ ਇਤਿਹਾਸਕ ਫੈਸਲਾ ਲੈਂਦੇ ਹੋਏ ਇਸ ਸੀਮਾ ਨੂੰ ਦੋਗੁਣਾ ਕਰਕੇ 10 ਲੱਖ ਰੁਪਏ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਯੋਜਨਾ ਦਾ ਹੱਕ ਹਰ ਨਿਵਾਸੀ ਨੂੰ ਹੋਵੇਗਾ ਅਤੇ ਕਿਸੇ ਵੀ ਪਰਿਵਾਰ ਨੂੰ ਇਸਦੇ ਲਾਭ ਤੋਂ ਬਾਹਰ ਨਹੀਂ ਰੱਖਿਆ ਜਾਵੇਗਾ। ਇਸ ਯੋਜਨਾ ਤਹਿਤ ਸਰਕਾਰੀ ਅਤੇ ਪ੍ਰਾਈਵੇਟ ਦੋਵੇਂ ਪ੍ਰਕਾਰ ਦੇ ਐਮਪੈਨਲ ਹਸਪਤਾਲਾਂ ਵਿੱਚ ਇਲਾਜ ਕਰਵਾਇਆ ਜਾ ਸਕੇਗਾ ।ਅੰਤ ਵਿੱਚ ਸੰਧੂ ਨੇ ਕਿਹਾ ਕਿ ਇਹ ਯੋਜਨਾ ਸੂਬੇ ਲਈ ਸਿਹਤ ਖੇਤਰ ਵਿੱਚ ਇਕ ਕ੍ਰਾਂਤੀਕਾਰਕ ਕਦਮ ਸਾਬਤ ਹੋਵੇਗੀ, ਜਿਸ ਨਾਲ ਹਰ ਘਰ ਨੂੰ ਗੁਣਵੱਤਾ ਭਰਪੂਰ ਅਤੇ ਮੁਫ਼ਤ ਇਲਾਜ ਦੀ ਪੂਰੀ ਗਰੰਟੀ ਮਿਲੇਗੀ।

## ਐਮ ਐਲ ਏ ਬੀਬਾ ਗਨੀਵ ਕੌਰ ਮਜੀਠੀਆ ਨੇ ਬਾਬਾ ਸੁਖਵੰਤ ਸਿੰਘ ਚੰਨਣਕੇ ਨਾਲ ਕੀਤਾ ਦੁੱਖ ਸਾਂਝਾ



**ਚੌਕ ਮਹਿਤਾ, 5 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪਿੱਛਲੇ ਦਿਨੀ ਸਮਾਜ਼ ਸੇਵਕ ਬਾਬਾ ਸੁਖਵੰਤ ਸਿੰਘ ਚੰਨਣਕੇ ਦੀ ਧਰਮ ਪਤਨੀ ਬੀਬੀ ਹਰਜਿੰਦਰ ਕੌਰ ਵਾਹਿਗੁਰੂ ਜੀ ਵੱਲੋਂ ਦਿੱਤੇ ਸੁਆਸਾਂ ਦੀ ਪੂੰਜੀ ਨੂੰ ਪੂਰੇ ਕਰਦੇ ਹੋਏ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ਬਾਬਾ ਸੁਖਵੰਤ ਸਿੰਘ ਚੰਨਣਕੇ ਅਤੇ ਉਨ੍ਹਾਂ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦੇ ਹੋਏ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਦੀ ਧਰਮ ਪਤਨੀ ਹਲਕਾ ਵਿਧਾਇਕ ਬੀਬਾ ਗਨੀਵ ਕੌਰ ਮਜੀਠੀਆ ਨੇ ਦੁੱਖ ਸਾਂਝਾ ਕੀਤਾ। ਅਤੇ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਕਿ ਵਿੱਛੜੀ ਹੋਈ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਿਸ਼ ਕਰਨ। ਇਸ ਮੌਕੇ ਤੇ ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ, ਕਮਲਦੀਪ ਸਿੰਘ, ਸਾਬਕਾ ਸਰਪੰਚ ਸੰਦੀਪ ਸਿੰਘ ਉਦੋਕੇ, ਸਾਬਕਾ ਸਰਪੰਚ ਦਵਿੰਦਰ ਸਿੰਘ ਰੰਧਾਵਾ, ਸਾਬਕਾ ਸਰਪੰਚ ਮੇਜਰ ਸਿੰਘ ਸਹੋਤਾ, ਸਾਬਕਾ ਸਰਪੰਚ ਅਤੇ ਸਰਕਲ ਪ੍ਰਧਾਨ ਦਿਲਬਾਗ ਸਿੰਘ ਕਲੇਰ, ਜਸਪਿੰਦਰ ਸਿੰਘ ਸੋਨੂੰ, ਆੜਤੀਆਂ ਕੈਪਟਨ ਸਿੰਘ ਚੌਕ ਮਹਿਤਾ, ਪ੍ਰਧਾਨ ਸੁਖਵਿੰਦਰ ਸਿੰਘ ਚੌਕ ਮਹਿਤਾ, ਰਾਜਦੀਪ ਸਿੰਘ ਮਲਕ ਨੰਗਲ,ਸਰਪੰਚ ਮੇਜਰ ਸਿੰਘ ਨਵੇਂ ਚੰਨਣਕੇ, ਜੈਲਦਾਰ ਹਰਿਦਿਆਲ ਸਿੰਘ, ਸੂਬੇਦਾਰ ਸਾਧਾ ਸਿੰਘ, ਬਾਬਾ ਕਸ਼ਮੀਰ ਸਿੰਘ ਨਵੇਂ ਚੰਨਣਕੇ, ਭਾਈ ਕੁਲਜੀਤ ਸਿੰਘ, ਗੁਰਚਰਨ ਸਿੰਘ ਨਾਥ ਦੀ ਖੂਹੀ, ਆਦਿ ਬਹੁਤ ਗਿਣਤੀ ਵਿੱਚ ਆਗੂਆਂ ਨੇ ਬਾਬਾ ਜੀ ਦੇ ਨਾਲ ਦੁੱਖ ਸਾਂਝਾ ਕੀਤਾ।

### ਪਿੰਡ ਸੀਂਗੋ ਵਿੱਚ ਗੁਰੂ ਗੋਬਿੰਦ ਸਿੰਘ ਜੀ ਦੇ

# ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸਜਾਇਆ ਨਗਰ ਕੀਰਤਨ







**ਤਲਵੰਡੀ ਸਾਬੋ, 05 ਜਨਵਰੀ (ਗੁਰਜੰਟ ਸਿੰਘ ਨਥੇਹਾ)**-ਪਿੰਡ ਸੀਂਗੋ ਵਿਖੇ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਧਾਰਮਿਕ ਸਮਾਗਮਾਂ ਤਹਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਸ਼ਰਧਾ ਅਤੇ ਉਤਸ਼ਾਹ ਨਾਲ ਸਜਾਇਆ ਗਿਆ। ਨਗਰ ਕੀਰਤਨ ਪਿੰਡ ਦੇ ਵੱਖ-ਵੱਖ ਪੜਾਵਾਂ ਵਿੱਚੋਂ ਹੁੰਦਾ ਹੋਇਆ ਗੁਰਦੁਆਰਾ ਸਾਹਿਬ ਤੱਕ ਪੁੱਜਾ, ਜਿੱਥੇ ਸੰਗਤ ਵੱਲੋਂ ਥਾਂ-ਥਾਂ ਫੁੱਲਾਂ ਦੀ ਵਰਖਾ ਕਰਕੇ ਸਵਾਗਤ ਕੀਤਾ ਗਿਆ ਉੱਥੇ ਪੰਜ ਪਿਆਰਿਆਂ ਦਾ ਸਿਰੋਪਾਓ ਨਾਲ ਸਨਮਾਨ ਹੋਇਆ। ਇਸ ਮੌਕੇ ਭਾਈ ਸੁਖਦੇਵ ਸਿੰਘ ਭੌਰਾ ਦੇ ਢਾਡੀ ਜੱਥੇ ਵੱਲੋਂ ਢਾਡੀ ਵਾਰਾਂ ਦਾ ਮਨਮੋਹਕ ਗਾਇਨ ਕਰਕੇ ਸੰਗਤ ਨੂੰ ਗੁਰੂ ਇਤਿਹਾਸ ਨਾਲ ਜੋੜਿਆ ਗਿਆ, ਜਦਕਿ ਭਾਈ ਗੁਰਜੀਤ ਸਿੰਘ ਮੌੜ ਕਲਾਂ ਵਾਲਿਆਂ ਦੇ ਕੀਰਤਨੀ ਜਥੇ ਨੇ ਸ਼ਬਦ ਕੀਰਤਨ ਕਰਕੇ ਧਾਰਮਿਕ ਮਾਹੌਲ ਨੂੰ ਹੋਰ ਵੀ ਰਸਭਿੰਨਾ ਬਣਾ ਦਿੱਤਾ ਅਤੇ ਧੰਨ ਧੰਨ ਦੀਪ ਸਿੰਘ ਗੱਤਕਾ ਅਖਾੜਾ ਚੌਂਕੇ ਅਤੇ ਅਕਲੀਆ ਦੇ ਸਿੰਘਾਂ ਨੇ ਗੱਤਕੇ ਰਾਹੀਂ ਆਪਣੇ ਸੰਗਤਾਂ ਨੂੰ ਜੌਹਰ ਦਿਖਾਏ। ਇਸ ਮੌਕੇ ਹੈਡ ਗ੍ਰੰਥੀ ਭਾਈ ਭੋਲਾ ਸਿੰਘ ਅਤੇ ਸੁਖਪਾਲ ਸਿੰਘ ਖਾਲਸਾ ਨੇ ਗੁਰੂ ਗੋਬਿੰਦ ਸਿੰਘ ਜੀ ਦੀ ਸ਼ਹਾਦਤ, ਬਲਿਦਾਨ ਅਤੇ ਖ਼ਾਲਸਾ ਪੰਥ ਦੀ ਮਹਾਨ ਪਰੰਪਰਾ ਬਾਰੇ ਪ੍ਰਚਾਰ ਕੀਤਾ ਗਿਆ। ਨਗਰ ਕੀਰਤਨ ਦੌਰਾਨ ਵੱਖ-ਵੱਖ ਪੜਾਵਾਂ 'ਤੇ ਸੰਗਤ ਦੀ ਸੇਵਾ ਲਈ ਚਾਹ, ਪਕੌੜੇ, ਦੁੱਧ, ਮਿੱਠੇ ਪਦਾਰਥਾਂ ਅਤੇ ਲੰਗਰ ਦੀ ਵਿਵਸਥਾ ਕੀਤੀ ਗਈ। ਸਮੂਹ ਪਿੰਡ ਸੀਂਗੋ ਵਾਸੀਆਂ ਅਤੇ ਸੇਵਾਦਾਰਾਂ ਦੇ ਸਹਿਯੋਗ ਨਾਲ ਇਹ ਧਾਰਮਿਕ ਸਮਾਗਮ ਸੁਚੱਜੇ ਢੰਗ ਨਾਲ ਸੰਪੰਨ ਹੋਇਆ। ਅੰਤ ਵਿੱਚ ਅਰਦਾਸ ਉਪਰਾਂਤ ਸੰਗਤ ਨੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕਰਦਿਆਂ ਆਪਸੀ ਭਾਈਚਾਰੇ ਅਤੇ ਸੇਵਾ ਭਾਵਨਾ ਦਾ ਪ੍ਰਗਟਾਵਾ ਕੀਤਾ।

### ਪੰਜਾਬ ਦੇ ਵਿੱਦਿਅਕ ਅਦਾਰਿਆਂ ਵਿੱਚ ਜਨ-ਗਨ-ਮਨ ਦੀ ਥਾਂ ਪੂਰਨ ਤੌਰ 'ਤੇ

# "ਦੇਹ ਸਿਵਾ ਬਰੁ ਮੋਹਿ ਇਹੈ" ਸ਼ਬਦ ਲਾਗੂ ਕਰਵਾਉਣ ਲਈ ਕੈਨੇਡਾ ਦੀ ਧਰਤੀ ਤੋਂ ਸ਼ੁਰੂ ਹੋਈ ਮੁਹਿਮ



ਨਵੀਂ ਦਿੱਲੀ 5 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਕੌਮੀ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਜਿਨ੍ਹਾਂ ਨੇ ਆਪਣੀ ਸਾਰੀ ਜਿੰਦਗਾਨੀ ਕੌਮ-ਪੰਥ ਦੀ ਸੇਵਾ ਵਿੱਚ ਲਾਈ ਹੈ, ਉਹਨਾਂ ਦੇ ਸ਼ਹੀਦੀ ਅਸਥਾਨ ਤੋਂ ਗੁਰੂ ਮਹਾਰਾਜ ਜੀ ਦੇ ਅੱਗੇ ਅਰਦਾਸ ਕਰਕੇ ਪੰਜਾਬ ਦੇ ਸਾਰੇ ਵਿਦਿਅਕ ਅਦਾਰਿਆਂ ਵਿੱਚ ਜਨ-ਗਨ-ਮਨ ਦੀ ਥਾਂ "ਦੇਹ ਸਿਵਾ ਬਰੁ ਮੋਹਿ ਇਹੈ" ਦਾ ਗਾਇਨ ਕਰਵਾਉਣ ਲਈ ਅਰਦਾਸ ਕਰਕੇ ਮੁਹਿਮ ਸ਼ੁਰੂ ਕੀਤੀ ਗਈ ।ਕੈਨੇਡਾ ਦੀ ਧਰਤੀ ਤੇ ਸ਼ੁਰੂ ਹੋਈ ਇਸ ਮੁਹਿਮ ਨੂੰ ਸਭ ਸੰਗਤ ਨੇ ਭਰਵਾਂ ਸਹਿਯੋਗ ਦਿੱਤਾ ਅਤੇ ਪੰਜਾਬ ਵਿੱਚ ਵੀ ਜਥੇਬੰਦੀਆਂ ਨੇ ਇਸ ਨਾਲ ਹਾਮੀ ਭਰੀ ਅਤੇ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਹਵਾਲਾ ਦਿੱਤਾ । ਇਸ ਮੌਕੇ ਗੁਰਦੁਆਰਾ ਸਾਹਿਬ ਦੇ ਸਕੱਤਰ ਭਾਈ ਗੁਰਮੀਤ ਸਿੰਘ ਤੁਰ ਨੇ ਦੱਸਿਆ ਕਿ ਇਹ ਸਮੇਂ ਦੀ ਲੋੜ ਹੈ ਜਦੋਂ ਬ੍ਰਾਹਮਣਵਾਦ ਰੂਪੀ ਅਜਗਰ ਅਤੇ ਜਾਲਮੀ ਹਕੂਮਤ ਸਾਨੂੰ ਮਾਨਸਿਕ ਪੱਧਰ ਤੇ ਗੁਲਾਮ ਬਣਾਉਣਾ ਚਾਉਂਦੀ ਹੈ ਅਤੇ ਧਰਮ ਨਾਲੋਂ ਤੋੜਨਾ ਚਾਉਂਦੀ ਹੈ ਅਜੋਕੇ ਸਮੇਂ ਵਿਚ ਲੋੜ ਹੈ ਕਿ ਕੌਮ ਦੁਸ਼ਮਣ ਦਾ ਗਾਨ ਪੜ੍ਹਨ ਦੀ ਥਾਂ ਆਪਣੀ ਗੁਰਬਾਣੀ ਦਾ ਗਾਇਨ ਕਰੇ ਅਤੇ ਗੁਰੂ ਪੰਥ ਨਾਲ ਜੁੜੇ । ਉਹਨਾਂ ਕਿਹਾ ਕਿ ਇਸ ਨਾਲ ਕੌਮ ਦੇ ਨਾਲ ਬੱਚਿਆਂ ਦਾ ਗੁਰਬਾਣੀ ਨਾਲ ਪ੍ਰੇਮ ਵਧੇਗਾ ਜੋ ਨਿੱਜੀ ਜੀਵਨ ਦੇ ਨਾਲ ਨਾਲ ਚੱਲ ਰਹੇ ਅਤੇ ਆਉਣ ਵਾਲੇ ਸੰਘਰਸ਼ ਵਿੱਚ ਵੀ ਲਾਭਦਾਇਕ ਹੋਵੇਗਾ । ਇਸ ਮੌਕੇ ਭਾਈ ਗੁਰਮੀਤ ਸਿੰਘ ਤੂਰ, ਗੁਰਮੀਤ ਸਿੰਘ ਗਿੱਲ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਅਵਤਾਰ ਸਿੰਘ ਖਹਿਰਾ, ਜੈਗ ਸਿੱਧੂ, ਭਾਈ ਭਾਈ ਰਜਿੰਦਰ ਸਿੰਘ ਨੱਤ, ਭਾਈ ਦਲਜੀਤ ਸਿੰਘ, ਭਾਈ ਚਰਨਜੀਤ ਸਿੰਘ ਸਮੇਤ ਵਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

# ਭਗਵੰਤ ਮਾਨ ਅਕਾਲ ਤਖ਼ਤ ਸਾਹਿਬ ਦੀ ਥਾਂ ਅਕਾਲ ਤਖਤ ਸਾਹਿਬ ਸਕੱਤਰੇਤ ਅੱਗੇ ਪੇਸ਼ ਹੋਕੇ ਨਿਮਰਤਾ ਨਾਲ ਦੇਣ ਸਪੱਸ਼ਟੀਕਰਨ: ਸਰਨਾ

### ਭਗਵੰਤ ਮਾਨ ਅਭਿਆਸੀ ਸਿੱਖ ਨਹੀਂ ਹੈ, ਇਸ ਲਈ ਸਥਾਪਿਤ ਸਿੱਖ ਮਰਿਆਦਾ ਦੀ ਲੋੜ



ਨਵੀਂ ਦਿੱਲੀ, 5 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਅਕਾਲੀ ਮੁਖੀ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਕਿਹਾ ਹੈ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਅਕਾਲ ਤਖ਼ਤ ਸਾਹਿਬ ਦੀ ਬਜਾਏ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਅੱਗੇ ਪੇਸ਼ ਹੋਣਾ ਚਾਹੀਦਾ ਹੈ, ਅਤੇ ਸਿੱਖ ਸੰਸਥਾਗਤ ਅਖੰਡਤਾ ਬਾਰੇ ਆਪਣੀਆਂ ਵਾਰ-ਵਾਰ ਜਨਤਕ ਟਿੱਪਣੀਆਂ 'ਤੇ ਪੂਰੀ ਨਿਮਰਤਾ ਨਾਲ ਆਪਣਾ ਸਪੱਸ਼ਟੀਕਰਨ ਦੇਣਾ ਚਾਹੀਦਾ ਹੈ। ਮੀਡੀਆ ਨੂੰ ਜਾਰੀ ਕੀਤੇ ਇੱਕ ਬਿਆਨ ਵਿੱਚ, ਪੰਥਕ ਆਗੂ ਨੇ ਕਿਹਾ ਕਿ ਕਿਉਂਕਿ ਮਾਨ ਇੱਕ ਅਭਿਆਸੀ ਸਿੱਖ ਨਹੀਂ ਹੈ, ਇਸ ਲਈ ਸਥਾਪਿਤ ਸਿੱਖ ਮਰਿਆਦਾ ਦੀ ਲੋੜ ਹੈ ਕਿ ਕੋਈ ਵੀ ਸਪੱਸ਼ਟੀਕਰਨ ਅਕਾਲ ਤਖ਼ਤ ਸਾਹਿਬ ਸਕੱਤਰੇਤ ਵਿਖੇ ਪੇਸ਼ ਕੀਤਾ ਜਾਵੇ ਨਾ ਕਿ ਇਸਦੇ ਪਵਿੱਤਰ ਸਥਾਨ ਅਕਾਲ ਤਖਤ ਸਾਹਿਬ ਉਪਰ । ਉਨ੍ਹਾਂ ਅੱਗੇ ਕਿਹਾ ਕਿ ਅਜਿਹਾ ਪ੍ਰੋਟੋਕੋਲ ਸਿੱਖ ਸੰਸਥਾਵਾਂ ਦੀ ਸ਼ਾਨ ਅਤੇ ਅਨੁਸ਼ਾਸਨ ਨੂੰ ਬਣਾਈ ਰੱਖਣ ਲਈ ਮੌਜੂਦ ਹੈ। ਸਰਦਾਰ ਸਰਨਾ ਨੇ ਅਕਾਲ ਤਖ਼ਤ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਮੁੱਖ ਮੰਤਰੀ ਨੂੰ ਸ਼੍ਰੋਮਣੀ ਕਮੇਟੀ ਦੀ ਗੋਲਕ ਜਾਂ ਦਾਨ ਭੇਟਾਂ ਨੂੰ ਨਿਸ਼ਾਨਾ ਬਣਾਉਣ ਵਾਲੀਆਂ ਵਾਰ-ਵਾਰ ਅਤੇ ਇਤਰਾਜ਼ਯੋਗ ਟਿੱਪਣੀਆਂ ਲਈ ਤਲਬ ਕਰਨ ਦੇ ਫੈਸਲੇ 'ਤੇ ਪ੍ਰਤੀਕਿਰਿਆ ਦੇ ਰਹੇ ਸਨ। ਜਥੇਦਾਰ ਨੇ ਇਹ ਵੀ ਕਿਹਾ ਹੈ ਕਿ ਮਾਨ ਦੀਆਂ ਟਿੱਪਣੀਆਂ ਸਿੱਖ ਰਹਿਤ ਮਰਿਆਦਾ 'ਤੇ ਹਮਲਾ ਸੀ, ਜਿਸਨੂੰ ਪਿਛਲੀ ਸਦੀ ਵਿੱਚ ਕੋਡੀਫਾਈ ਕੀਤਾ ਗਿਆ ਸੀ। ਸਰਦਾਰ ਸਰਨਾ ਨੇ ਕਿਹਾ ਮੁੱਖ ਮੰਤਰੀ ਨੂੰ ਇਸ ਮਾਮਲੇ ਨੂੰ ਸੰਜਮ ਅਤੇ ਸਤਿਕਾਰ ਨਾਲ ਵਿਚਾਰਨਾ ਚਾਹੀਦਾ ਹੈ। ਜੇਕਰ ਉਨ੍ਹਾਂ ਕੋਲ ਕੋਈ ਸਪੱਸ਼ਟੀਕਰਨ ਹੈ, ਤਾਂ ਇਹ ਸਿੱਖ ਨਿਯਮਾਂ ਅਤੇ ਨਿਮਰਤਾ ਨਾਲ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਰਾਜਨੀਤਿਕ ਅਹੁਦਾ ਕਿਸੇ ਨੂੰ ਵੀ ਸਿੱਖ ਸੰਸਥਾਵਾਂ ਦੇ ਸਮੂਹਿਕ ਅਨੁਸ਼ਾਸਨ ਤੋਂ ਉੱਪਰ ਨਹੀਂ ਰੱਖਦਾ। ਸਰਦਾਰ ਸਰਨਾ ਨੇ ਅੱਗੇ ਕਿਹਾ ਕਿ ਜਨਤਕ ਕਾਰਜਕਰਤਾਵਾਂ ਨੂੰ ਸਿੱਖ ਧਾਰਮਿਕ ਅਭਿਆਸਾਂ ਅਤੇ ਪ੍ਰਬੰਧਨ ਨਾਲ ਜੁੜੇ ਮਾਮਲਿਆਂ 'ਤੇ ਬੋਲਦੇ ਸਮੇਂ ਸਾਵਧਾਨ ਰਹਿਣਾ ਚਾਹੀਦਾ ਹੈ, ਖਾਸ ਕਰਕੇ ਜਦੋਂ ਅਜਿਹੀਆਂ ਟਿੱਪਣੀਆਂ ਸੰਗਤ ਵਿੱਚ ਗਲਤਫਹਿਮੀ ਪੈਦਾ ਕਰਨ ਦਾ ਜੋਖਮ ਰੱਖਦੀਆਂ ਹਨ।

# ਜ਼ਿੰਦਗੀ ਦੀ ਗਿਣਤੀ ਮਿਣਤੀ ਦਾ ਪਤਾ ਨਹੀਂ, ਭਾਰ ਈਰਖਾ ਦਾ ਮਣਾਂ ਮੂੰਹੀ ਚੁੱਕੀ ਫਿਰਦੇ ਹਾਂ



ਇਨਸਾਨੀ ਜ਼ਿੰਦਗੀ ਇਕ ਅਜਿਹੀ ਯਾਤਰਾ ਹੈ ਜਿਸ ਦੀ ਕੋਈ ਪੱਕੀ ਗਿਣਤੀ-ਮਿਣਤੀ ਨਹੀਂ। ਕੌਣ ਕਿੰਨਾ ਸਮਾਂ ਜੀਉਂਦਾ ਰਹੇਗਾ, ਕਦੋਂ ਤੇ ਕਿਵੇਂ ਜੀਵਨ-ਯਾਤਰਾ ਸੰਪੂਰਣ ਹੋਵੇਗੀ, ਇਹ ਕਿਸੇ ਨੂੰ ਵੀ ਪਤਾ ਨਹੀਂ। ਪਰ ਹੈਰਾਨੀ ਇਸ ਗੱਲ ਦੀ ਹੈ ਕਿ ਅਸੀਂ ਇਸ ਛੋਟੀ ਜਿਹੀ ਜ਼ਿੰਦਗੀ ਵਿੱਚ ਵੀ ਈਰਖਾ, ਮਾਣ, ਹੰਕਾਰ ਅਤੇ ਨਫ਼ਰਤ ਦਾ ਮਣਾਂ ਮੂੰਹੀਂ ਭਾਰ ਨਾਲ ਮੂੰਹੀ ਚੁੱਕੇ ਫਿਰਦੇ ਹਾਂ।

1. **ਜੀਵਨ ਦੀ ਅਸਥਿਰਤਾ** : ਜੀਵਨ ਬਹੁਤ ਅਸਥਿਰ ਹੈ। ਜਿਵੇਂ ਮੌਸਮ ਵਿੱਚ ਅਚਾਨਕ ਤਬਦੀਲੀ ਆ ਜਾਂਦੀ ਹੈ, ਉਸੇ ਤਰ੍ਹਾਂ ਇਨਸਾਨੀ ਸਾਹ ਵੀ ਬਿਨਾਂ ਕਿਸੇ ਚੇਤਾਵਨੀ ਦੇ ਰੁੱਕ ਸਕਦੇ ਹਨ। ਹਰ ਰੋਜ਼ ਅਸੀਂ ਅਖ਼ਬਾਰਾਂ ਜਾਂ ਖ਼ਬਰਾਂ ਵਿੱਚ ਵੇਖਦੇ ਹਾਂ ਕਿ ਪੂਰੀ ਤਰ੍ਹਾਂ ਤੰਦਰੁਸਤ ਲੱਗਣ ਵਾਲੇ ਨੌਜਵਾਨ ਵੀ ਅਚਾਨਕ ਇਸ ਸੰਸਾਰ ਨੂੰ ਛੱਡ ਕੇ ਅਕਾਲ ਚਲਾਣਾ ਕਰ ਜਾਂਦੇ ਹਨ। ਜਦੋਂ ਜ਼ਿੰਦਗੀ ਦੇ ਅੰਤ ਦਾ ਕੋਈ ਨਿਸ਼ਿਚਤ ਸਮਾਂ ਹੀ ਨਹੀਂ, ਤਾਂ ਫਿਰ ਅਸੀਂ ਕਿਉਂ ਆਪਸ ਵਿੱਚ ਮਾਣ-ਹੰਕਾਰ ਤੇ ਈਰਖਾ ਦੇ ਜ਼ਿਹਰ ਨਾਲ ਰੰਗੇ ਰਹਿੰਦੇ ਹਾਂ ?

2. **ਈਰਖਾ ਤੇ ਹੰਕਾਰ ਦੇ ਨੁਕਸਾਨ** : ਈਰਖਾ (ਜਲਨ) ਇਨਸਾਨ ਦੇ ਅੰਦਰੋਂ ਸ਼ਾਂਤੀ ਖੋਹ ਲੈਂਦੀ ਹੈ। ਜਿਵੇਂ ਕੋਈ ਦਿਮਾਗੀ ਸਿਉਂਕ ਹੋਵੇ ਜੋ ਹੌਲੀ-ਹੌਲੀ ਅੰਦਰੋਂ ਮਨੁੱਖ ਨੂੰ ਖਾ ਜਾਂਦੀ ਹੈ। ਉਦਾਹਰਨ ਲਈ, ਜੇ ਕਿਸੇ ਨੂੰ ਆਪਣੇ ਸੰਗੀ ਸਾਥੀਆਂ ਜਾਂ ਗੁਆਂਢੀਆਂ ਦੀ ਤਰੱਕੀ ਦੇਖ ਕੇ ਖੁੱਸ਼ ਹੋਣ ਦੀ ਬਜਾਏ ਉਸ ਨਾਲ ਹੀ ਈਰਖਾ ਹੋ ਜਾਏ ਅਤੇ ਉਹ ਇਸੇ ਈਰਖਾ ਦੇ ਚੱਲਦਿਆਂ ਆਪਣਾ ਸੁੱਖ ਚੈਨ ਗਵਾ ਬੈਠਦਾ ਹੈ। ਹੰਕਾਰ (ਮਾਣ) ਦਾ ਹਾਲ ਵੀ ਇਹੀ ਹੈ। ਜਿਹੜਾ ਮਨੁੱਖ ਆਪਣੇ ਅਹੁਦੇ, ਦੌਲਤ ਜਾਂ ਸ਼ਕਤੀ ਦਾ ਮਾਣ ਕਰਦਾ ਹੈ, ਉਹ ਭੁੱਲ ਜਾਂਦਾ ਹੈ ਕਿ ਇਹ ਸਭ ਕੁਝ ਅਸਥਾਈ ਹੈ। ਅੱਜ ਜਿਸ ਦੇ ਕੋਲ ਹੈ, ਕੱਲ੍ਹ ਨਹੀਂ ਵੀ ਹੋ ਸਕਦਾ।

3. **ਨਿਮਰਤਾ ਤੇ ਪਿਆਰ ਦੀ ਲੋੜ** : ਜੇ ਇਨਸਾਨ ਸਮਝ ਲਵੇ ਕਿ ਜ਼ਿੰਦਗੀ ਇਕ ਛੋਟੀ ਜਿਹੀ ਸਾਹਾਂ ਵਾਲੀ ਮਾਲਾ ਦੀ ਗਿਣਤੀ ਮਿਣਤੀ ਹੈ ਤਾਂ ਉਹ ਕਦੇ ਵੀ ਈਰਖਾ ਅਤੇ ਹੰਕਾਰ ਦੀ ਥੈਲੀ ਨਹੀਂ ਚੁੱਕੇਗਾ। ਇਸ ਦੀ ਬਜਾਏ ਉਹ ਪਿਆਰ, ਸਹਿਯੋਗ ਅਤੇ ਨਿਮਰਤਾ ਨਾਲ ਜੀਉਂਣ ਦੀ ਕੋਸ਼ਿਸ਼ ਕਰੇਗਾ। ਉਦਾਹਰਨ ਲਈ, ਜੇ ਕਿਸੇ ਵਿਦਿਆਰਥੀ ਨੂੰ ਆਪਣੀ ਜਮਾਤ ਦੇ ਦੂਜੇ ਵਿਦਿਆਰਥੀਆਂ ਦੀ ਕਾਮਯਾਬੀ ਦੇਖ ਕੇ ਉਸ ਨਾਲ ਈਰਖਾ ਕਰਨ ਦੀ ਥਾਂ ਉਸ ਤੋਂ ਸਿੱਖਣ ਦੀ ਸੋਚ ਹੋਵੇ ਤਾਂ ਉਹ ਆਪਣਾ ਭਵਿੱਖ ਵੀ ਸੁਧਾਰ ਸਕਦਾ ਹੈ। ਉਸੇ ਤਰ੍ਹਾਂ, ਜੇ ਕਿਸਾਨ ਆਪਣੀ ਫ਼ਸਲ ਦੀ ਘੱਟ ਪੈਦਾਵਾਰ ਹੋਣ ਕਰਕੇ ਦੂਜੇ ਕਿਸਾਨ ਦੀ ਫ਼ਸਲ ਦੀ ਵਧੀਆ ਪੈਦਾਵਾਰ ਦੇਖ ਕੇ ਜਲਨ ਨਾ ਕਰੇ ਬਲਕਿ ਉਸ ਕੋਲੋਂ ਖੇਤੀ ਦੀਆਂ ਨਵੀਆਂ ਤਕਨੀਕਾਂ ਸਿੱਖ ਲਵੇ ਤਾਂ ਦੋਵੇਂ ਲਈ ਭਲਾਈ ਹੋ ਸਕਦੀ ਹੈ।

4. **ਅਧਿਆਤਮਿਕ ਨਜ਼ਰੀਆ** : ਗੁਰਬਾਣੀ ਵਿੱਚ ਵੀ ਸਿੱਖਿਆ ਦਿੱਤੀ ਗਈ ਹੈ ਕਿ ਈਰਖਾ, ਮਾਣ, ਹੰਕਾਰ ਤੇ ਕ੍ਰੋਧ ਜੀਵਨ ਦੇ ਵੈਰੀ ਹਨ। ਜਿਹੜਾ ਇਨਸਾਨ ਇਨ੍ਹਾਂ ਵੈਰੀਆਂ ਨੂੰ ਛੱਡ ਦਿੰਦਾ ਹੈ, ਉਹੀ ਅਸਲ ਖੁਸ਼ੀ ਵਾਲੀ ਜ਼ਿੰਦਗੀ ਜੀ ਸਕਦਾ ਹੈ। ਜ਼ਿੰਦਗੀ ਦੇ ਸਾਹਾਂ ਦੀ ਕੋਈ ਪੱਕੀ ਗਿਣਤੀ ਮਿਣਤੀ ਨਹੀਂ ਹੈ। ਇਹ ਹਰ ਪਲ ਘੱਟ ਰਹੀ ਹੈ। ਫਿਰ ਅਸੀਂ ਈਰਖਾ, ਮਾਣ ਅਤੇ ਹੰਕਾਰ ਦਾ ਮਣਾਂ ਮੂੰਹੀਂ ਭਾਰ ਨਾਲ ਕਿਉਂ ਫਿਰਦੇ ਹਾਂ ? ਜੇ ਅਸੀਂ ਇਨ੍ਹਾਂ ਨਕਾਰਾਤਮਕ ਭਾਵਨਾਵਾਂ ਨੂੰ ਛੱਡ ਕੇ ਨਿਮਰਤਾ, ਸਹਿਯੋਗ ਅਤੇ ਪਿਆਰ ਨਾਲ ਜੀਵਨ ਬਤੀਤ ਕਰੀਏ, ਤਾਂ ਨਾ ਸਿਰਫ਼ ਸਾਡੀ ਆਪਣੀ ਜ਼ਿੰਦਗੀ ਸੁੱਖਮਈ ਹੋਵੇਗੀ ਸਗੋਂ ਸਮਾਜ ਵਿੱਚ ਵੀ ਮਿਲਾਪ ਅਤੇ ਖੁਸ਼ਹਾਲੀ ਵਧੇਗੀ।

**-ਡਾ. (ਆਨਰੇਰੀ) ਸੁਰਿੰਦਰਪਾਲ ਸਿੰਘ**
**ਵਿਗਿਆਨ ਅਧਿਆਪਕ ਸ੍ਰੀ ਅੰਮ੍ਰਿਤਸਰ ਸਾਹਿਬ ਪੰਜਾਬ।**

ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਹੋਵੇਗਾ ਪਠਲਾਵਾ ਸੰਸਥਾ ਦਾ

# 28ਵਾਂ ਸਲਾਨਾ ਸਹਾਇਤਾ ਵੰਡ ਸਮਾਗਮ : ਇੰਦਰਜੀਤ ਸਿੰਘ ਵਾਰੀਆ





**ਏਕ ਨੂਰ ਸਵੈ ਸੇਵੀ ਸੰਸਥਾ** ਪਠਲਾਵਾ ਦੀ ਇਕ ਮਹੱਤਵਪੂਰਨ ਮੀਟਿੰਗ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ ਜੀ ਦੀ ਰਹਿਨੁਮਾਈ ਹੇਠ, ਵਾਰੀਆ ਪਰਿਵਾਰ ਦੇ ਗ੍ਰਹਿ ਪਿੰਡ ਪਠਲਾਵਾ ਵਿਖੇ ਪਾਰਕ ਵਿਚ ਹੋਈ ਜਿਸ ਵਿਚ ਸੰਸਥਾ ਦੇ ਜਨਰਲ ਹਾਊਸ ਨੂੰ ਮੁਖ਼ਾਤਿਬ ਹੁੰਦਿਆਂ ਸ ਇੰਦਰਜੀਤ ਸਿੰਘ ਵਾਰੀਆ ਨੇ ਆਖਿਆ ਕਿ ਇਸ ਵਾਰ ਸੰਸਥਾ ਦਾ ਇਹ ਅਠਾਈਵਾਂ ਸਲਾਨਾ ਸਹਾਇਤਾ ਵੰਡ ਸਮਾਗਮ ਜੋਂ ਗੜ੍ਹਸ਼ੰਕਰ ਤਹਿਸੀਲ ਦੇ ਪਿੰਡ ਐਮਾਂ ਜਟਾਂ ਵਿਖੇ 11 ਫਰਵਰੀ ਨੂੰ ਹੋਣ ਜਾ ਰਿਹਾ ਹੈ , ਨੌਵੇਂ ਪਾਤਸ਼ਾਹ ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਜੀ ਅਤੇ ਉਹਨਾਂ ਦੇ ਨਾਲ ਦਿਲੀ ਦੇ ਚਾਂਦਨੀ ਚੌਕ ਵਿਚ ਜ਼ਬਰ ਤੇ ਜ਼ੁਲਮ ਦਾ ਟਾਕਰਾ ਕਰਦਿਆਂ ਸ਼ਹੀਦ ਹੋਣ ਵਾਲੇ ਗੁਰੂ ਦੇ ਪਿਆਰੇ ਸਿੰਘ ਭਾਈ ਮਤੀ ਦਾਸ, ਭਾਈ ਸਤੀ ਦਾਸ,ਅਤੇ ਭਾਈ ਦਿਆਲਾ ਜੀ ਦੀ 350 ਸਾਲਾ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਹੋਵੇਗਾ । ਇਸ ਸੰਦਰਭ ਵਿਚ ਵਧੇਰੇ ਜਾਣਕਾਰੀ ਸਾਂਝੀ ਕਰਦਿਆਂ ਸੰਸਥਾ ਦੇ ਪ੍ਰਧਾਨ ਸ ਪ੍ਰਮਜੀਤ ਸਿੰਘ ਸੂਰਾਪੁਰ, ਜਨਰਲ ਸਕੱਤਰ ਮਾ ਤਰਲੋਚਨ ਸਿੰਘ ਪਠਲਾਵਾ, ਕਾਰਜਕਾਰੀ ਪ੍ਰਧਾਨ ਸ ਬਲਵੀਰ ਸਿੰਘ ਯੂ ਕੇ ਸਾਹਿਬ, ਸੰਦੀਪ ਕੁਮਾਰ ਗੌੜ ,ਉਪ ਪ੍ਰਧਾਨ ਸ੍ਰੀ ਸਤੀਸ਼ ਕੁਮਾਰ ਐਮਾਂ ਜਟਾਂ ਅਤੇ ਸੰਸਥਾ ਦੇ ਮੁੱਖ ਬੁਲਾਰੇ ਲੈਕਚਰਾਰ ਤਰਸੇਮ ਪਠਲਾਵਾ ਨੇ ਸਾਂਝੇ ਤੌਰ ਤੇ ਆਖਿਆ ਕਿ ਇਸ ਸਮਾਗਮ ਵਿੱਚ ਲੋੜਵੰਦ ਗਰੀਬ ਸਮਾਜ ਦੀਆਂ ਬਹੂ ਬੇਟੀਆਂ ਨੂੰ ਰੁਜਗਾਰ ਦੇ ਲਾਇਕ ਬਨਾਉਣ ਹਿੱਤ ਸਿਲਾਈ ਮਸ਼ੀਨਾਂ, ਸ਼ਰੀਰਕ ਤੌਰ ਤੇ ਅਪੰਗ ਵਿਅਕਤੀਆਂ ਨੂੰ ਟਰਾਈਸਾਈਕਲ/ ਵੀਹਲ ਚੇਅਰਾਂ ਦਿਤੀਆਂ ਜਾਣਗੀਆਂ ਇਸ ਤੋਂ ਇਲਾਵਾ ਸਮਾਜ ਸੇਵਾ ਦੇ ਖੇਤਰ ਵਿਚ ਵਿਲੱਖਣ ਭੂਮਿਕਾ ਨਿਭਾਉਣ ਵਾਲੇ ਸਮਾਜ਼ ਸੇਵੀ ਅਤੇ ਸੰਸਥਾਵਾਂ ਦਾ ਸਨਮਾਨ ਵੀ ਕੀਤਾ ਜਾਵੇਗਾ, ਨੌਵੇਂ ਪਾਤਸ਼ਾਹ ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹੀਦੀ ,ਜੀਵਨ, ਸਿਖਿਆਵਾਂ ਅਤੇ ਸਬੰਧੀ ਅਜ਼ਾਦ ਰੰਗ ਮੰਚ, ਕਲਾ ਭਵਨ ਫਗਵਾੜਾ ਵਲੋਂ ਬੀਬਾ ਕੁਲਵੰਤ ਦੀ ਨਿਰਦੇਸ਼ਨਾਂ ਹੇਠ ਤਿਆਰ, ਗੁਰੂ ਤੇਗ. ਬਹਾਦਰ ਬੋਲਿਆ, ਪ੍ਰੋਗਰਾਮ ਦਾ ਮੰਚਨ ਕੀਤਾ ਜਾਵੇਗਾ । ਗੁਰੂ ਜੀ ਦੀ ਜੀਵਨੀ ਅਤੇ ਸਿਖਿਆਵਾਂ ਆਧਾਰਤ ਧਾਰਮਿਕ ਕਿਤਾਬਾਂ ਦਾ ਲੰਗਰ ਵੀ ਸਮਾਗਮ ਦਾ ਵਿਸ਼ੇਸ਼ ਆਕਰਸ਼ਨ ਹੋਵੇਗਾ।

ਲੋੜਵੰਦ ਸਮਾਜ ਨੂੰ ਅਪੀਲ ਕਰਦਿਆਂ ਬੁਲਾਰਿਆਂ ਨੇ ਆਖਿਆ ਕਿ ਉਪਰੋਕਤ ਸਹਾਇਤਾ ਪ੍ਰਾਪਤ ਕਰਨ ਲਈ ਲੋੜਵੰਦ ਸਮਾਜ 20 ਜਨਵਰੀ ਤੱਕ ਆਪਣੀਆਂ ਅਰਜੀ ਸੰਸਥਾ ਨੂੰ ਭੇਜ ਸਕਦੇ ਹਨ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸੰਸਥਾ ਦੇ ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ ਸਾਹਿਬ,ਉਪ ਚੇਅਰਮੈਨ ਸ ਕੈਪਟਨ ਜੋਗਾ ਸਿੰਘ, ਪਰਵਿੰਦਰ ਸਿੰਘ ਰਾਣਾ, ਪ੍ਰੋ ਚਰਨਜੀਤ ਸਿੰਘ ਪੋਸੀ, ਆਤਮਾਂ ਸਿੰਘ ਸੂਰਾਪੁਰ, ਸਤੀਸ਼ ਕੁਮਾਰ ਐਮਾਂ ਜਟਾਂ,ਮਾ ਰਮੇਸ਼ ਕੁਮਾਰ ਪਠਲਾਵਾ,ਡਾ ਕੁਲਦੀਪ ਰਾਜ ਬੰਗਾ, ਮੀਡੀਆ ਇੰਚਾਰਜ ਹਰਜੀਤ ਸਿੰਘ ਜੀਤਾ, ਰਜਿੰਦਰ ਸਿੰਘ ਜਿੰਦਾ, ਬਲਜੀਤ ਸਿੰਘ, ਰਣਜੀਤ ਸਿੰਘ ਰਾਜੂ, ਪ੍ਰੈਸ ਸਕੱਤਰ ਜੀ ਚੰਨੀ ਪਠਲਾਵਾ, ਇੰਦਰਜੀਤ ਸਿੰਘ ਜਗੈਤ ਇਸਤਰੀ ਵਿੰਗ ਦੇ ਚੇਅਰਪਰਸਨ ਸ੍ਰੀਮਤੀ ਕੁਲਵਿੰਦਰ ਕੌਰ ਵਾਰੀਆ, ਮੈਡਮ ਬਲਵਿੰਦਰ ਕੌਰ ਪਠਲਾਵਾ, ਸਾਰਿਕਾ ਸੋਨੀ ਸੁਜੋਂ, ਮੈਡਮ ਰਜਿੰਦਰ ਕੌਰ ਜਗੈਤ,ਦੀਪ ਚੰਦ ਬਰੇਲੀ ਹਾਜਿਰ ਸਨ

**-ਵਿਸ਼ੇਸ਼ ਰਿਪੋਰਟ ਹਰਪ੍ਰੀਤ ਸਿੰਘ ਪਠਲਾਵਾ**

ਟਰੱਸਟ ਸਦਾਵਰਤ ਪੰਚਾਇਤੀ ਨੇ

# 101 ਗਰੀਬ ਲੋੜਵੰਦ ਪਰਿਵਾਰਾਂ ਨੂੰ ਵੰਡਿਆ ਰਾਸ਼ਨ



ਫ਼ਿਰੋਜ਼ਪੁਰ, 05 ਜਨਵਰੀ (ਮਨੋਹਰ ਲਾਲ) :— ਟਰੱਸਟ ਸਦਾਵਰਤ ਪੰਚਾਇਤੀ ਨੇ 101 ਗਰੀਬ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ। ਇਸ ਮੌਕੇ ਤੇ ਟਰੱਸਟ ਸਦਾਵਰਤ ਪੰਚਾਇਤੀ ਦੇ ਅਹੁਦੇਦਾਰ ਸ੍ਰੀ ਅਸ਼ਵਨੀ ਮੌਂਗਾ ਪ੍ਰਧਾਨ, ਉਮ ਪ੍ਰਕਾਸ਼ ਕੈਸ਼ੀਅਰ, ਡੀ.ਕੇ ਬਜਾਜ, ਰਜਨੀਸ਼ ਕਪੂਰ ਸਾਬਕਾ ਮੈਨੇਜਰ ਪੰਜਾਬ ਨੈਸ਼ਨਲ ਬੈਂਕ ਹਾਜ਼ਰ ਸਨ। ਇਸ ਮੌਕੇ ਤੇ ਸਭ ਤੋਂ ਪਹਿਲਾਂ ਪ੍ਰਮਾਤਮਾ ਅੱਗੇ ਅਰਦਾਸ ਬੇਨਤੀ ਕੀਤੀ ਜਿਨ੍ਹਾਂ ਨੇ ਇਹ ਟਰੱਸਟ ਆਪਣੀਆਂ ਜਾਇਦਾਦਾਂ ਇਸ ਟਰੱਸਟ ਨੂੰ ਦਾਨ ਦੇ ਕੇ ਬਨਾਇਆ, 1914 ਵਿਚ ਪ੍ਰਮਾਤਮਾ ਉਨ੍ਹਾਂ ਦੀ ਆਤਮਾ ਨੂੰ ਸ਼ਾਂਤੀ ਬਖਸ਼ੇ। ਇਸ ਮੌਕੇ ਤੇ ਸ੍ਰੀ ਅਸ਼ਵਨੀ ਮੌਂਗਾ ਪ੍ਰਧਾਨ ਨੇ ਬੋਲਦਿਆਂ ਕਿਹਾ ਕਿ ਅਸੀਂ ਹਰ ਮਹੀਨੇ ਇਨ੍ਹਾਂ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਦੇ ਹਾਂ, ਕਿਉਂਕਿ ਮਨੁੱਖਤਾ ਦੀ ਸੇਵਾ ਇਕ ਸੱਚੀ ਸੁੱਚੀ ਸੇਵਾ ਹੈ, ਸਾਨੂੰ ਸਮਾਜ ਭਲਾਈ ਦੇ ਕੇਸਾਂ ਵਿਚ ਵੱਧ ਚੜ੍ਹ ਕੇ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ ਤੇ ਓਮ ਪ੍ਰਕਾਸ਼ ਕੈਸ਼ੀਅਰ ਨੇ ਬੋਲਦਿਆਂ ਕਿਹਾ ਕਿ ਟਰੱਸਟ ਸਦਾ ਵਰਤ 111 ਸਾਲਾਂ ਤੋਂ ਲਗਾਤਾਰ ਹੀ ਮਨੁੱਖਤਾ ਦੀ ਸੇਵਾ ਕਰਦਾ ਆ ਰਿਹਾ ਹੈ ਅਤੇ ਹਰ ਆਫਤ ਦੇ ਟਾਈਮ ਹਮੇਸ਼ਾ ਮੂਹਰਲੀ ਕਤਾਰ ਵਿਚ ਖੜ੍ਹਦਾ ਹੈ। ਇਸ ਮੌਕੇ ਤੇ ਸ੍ਰੀ ਰਜਨੀਸ਼ ਕਪੂਰ ਨੇ ਬੋਲਦਿਆਂ ਕਿਹਾ ਕਿ ਸਾਨੂੰ ਲੋੜਵੰਦਾਂ ਦੀ ਸੇਵਾ ਦੇ ਨਾਲ—ਨਾਲ ਸਾਨੂੰ ਉਨ੍ਹਾਂ ਗਰੀਬ ਬੱਚਿਆਂ ਜਿਹੜੇ ਕਿ ਗਰੀਬੀ ਕਰਕੇ ਪੜ੍ਹ ਨਹੀਂ ਸਕਦੇ, ਉਨ੍ਹਾਂ ਦੀ ਮੱਦਦ ਪਹਿਲ ਦੇ ਆਧਾਰ ਤੇ ਕਰਨੀ ਚਾਹੀਦੀ ਹੈ, ਕਿਉਂਕਿ ਜਿਹੜਾ ਬੱਚਾ ਤੁਹਾਡੀ ਮੱਦਦ ਨਾਲ ਪੜ੍ਹ—ਲਿਖ ਜਾਂਦਾ ਹੈ, ਉਹ ਤੁਹਾਨੂੰ ਸਾਰੀ ਉਮਰ ਅਸੀਸਾਂ ਦਿੰਦਾ ਹੈ, ਪਰ ਕੁਝ ਇਹੋ ਜਿਹੇ ਇਨਸਾਨ ਹਨ ਜਿਹੜੇ ਫੀਸਾਂ ਦੇਣ ਲੱਗੇ ਆਪਣਾ ਨਾਮ ਸ਼ੋਅ ਨਹੀਂ ਕਰਦੇ ਅਤੇ ਕੁਝ ਲੋਕ 10 ਰੁਪਏ ਦੀ ਚੀਜ ਦੇ ਕੇ ਆਪਣੀ ਫੋਟੋ ਅਖਬਾਰਾਂ ਅਤੇ ਚੈਨਲਾਂ ਵਿਚ ਲੁਆਉਂਦੇ ਹਨ, ਜਿਨ੍ਹਾਂ ਦਾ ਇਕੋ—ਇਕ ਹੀ ਮਕਸਦ ਹੁੰਦਾ ਹੈ ਕਿ ਸਾਡੇ ਨਾਮ ਦੀ ਲੋਕ ਪ੍ਰਸੰਸਾ ਕਰਨ। ਇਸ ਮੌਕੇ ਤੇ ਸ੍ਰੀ ਡੀ.ਕੇ ਬਜਾਜ ਨੇ ਕਿਹਾ ਕਿ ਇਹ ਜ਼ਰੂਰੀ ਨਹੀਂ ਕਿ ਲੋੜਵੰਦ ਗਰੀਬ ਪਰਿਵਾਰਾਂ ਵਿਚ ਹੀ ਹਨ, ਜਦ ਕਿ ਕੁਝ ਜਨਰਲ ਪਰਿਵਾਰ ਵੀ ਤੰਗੀ ਤੁਰਸ਼ੀ ਵਿਚ ਬਹੁਤ ਔਖੇ ਦਿਨ ਕੱਟ ਰਹੇ ਹਨ, ਸਾਨੂੰ ਉਨ੍ਹਾਂ ਪਰਿਵਾਰਾਂ ਦੀ ਵੀ ਮੱਦਦ ਕਰਨੀ ਚਾਹੀਦੀ ਹੈ।


# ਵੱਕਾਰੀ ਜੰਬਰ ਬਸਤੀ ਜ਼ੋਨ ਤੋਂ ਜਿੱਤੇ ਬਲਾਕ ਸੰਮਤੀ ਮੈਂਬਰ ਗੁਰਦਿੱਤ ਸਿੰਘ ਦਾ ਹਰਸਿਮਰਤ ਕੌਰ ਬਾਦਲ ਵੱਲੋਂ ਸਨਮਾਨ



**ਤਲਵੰਡੀ ਸਾਬੋ, 05 ਜਨਵਰੀ (ਗੁਰਜੰਟ ਸਿੰਘ ਨਥੇਹਾ)**- ਪਿਛਲੇ ਦਿਨਾਂ 'ਚ ਮੁਕੰਮਲ ਹੋਈਆਂ ਜਿਲ੍ਹਾ ਪ੍ਰੀਸ਼ਦ/ਬਲਾਕ ਸੰਮਤੀ ਚੋਣਾਂ ਦੇ ਨਤੀਜਿਆਂ ਮੁਤਾਬਿਕ ਕੈਬਨਿਟ ਰੈਂਕ ਪ੍ਰਾਪਤ ਹਲਕਾ ਵਿਧਾਇਕਾ ਬਲਜਿੰਦਰ ਕੌਰ ਦੇ ਜੱਦੀ ਪਿੰਡ ਜਗਾ ਰਾਮ ਤੀਰਥ 'ਤੇ ਆਧਾਰਿਤ ਬਲਾਕ ਸੰਮਤੀ ਦੇ ਜੰਬਰ ਬਸਤੀ ਜ਼ੋਨ ਤੋਂ ਸੱਤਾਧਿਰ ਦੇ ਉਮੀਦਵਾਰ ਨੂੰ ਹਰਾ ਕੇ ਬਲਾਕ ਸੰਮਤੀ ਮੈਂਬਰ ਬਣੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਆਗੂ ਗੁਰਦਿੱਤ ਸਿੰਘ (ਬੂਟਾ ਮੈਂਬਰ) ਦਾ ਅੱਜ ਬਠਿੰਡਾ ਦੇ ਅਕਾਲੀ ਸੰਸਦ ਮੈਂਬਰ ਬੀਬਾ ਹਰਸਿਮਰਤ ਕੌਰ ਬਾਦਲ ਸਾਬਕਾ ਕੇਂਦਰੀ ਮੰਤਰੀ ਵੱਲੋਂ ਸਨਮਾਨ ਕੀਤਾ ਗਿਆ। ਇੱਥੋਂ ਜਾਰੀ ਪ੍ਰੈੱਸ ਬਿਆਨ ਰਾਹੀਂ ਅਕਾਲੀ ਦਲ ਦੀ ਮੀਡੀਆ ਟੀਮ ਨੇ ਦੱਸਿਆ ਕਿ ਬਠਿੰਡਾ ਦੇ ਗੁਰਦੁਆਰਾ ਹਾਜ਼ੀਰਤਨ ਸਾਹਿਬ ਵਿਖੇ ਅਕਾਲੀ ਦਲ ਦੇ ਜੇਤੂ ਜਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਮੈਂਬਰਾਂ ਦੇ ਸਨਮਾਨ ਸਮਾਰੋਹ ਮੌਕੇ ਹਲਕਾ ਤਲਵੰਡੀ ਸਾਬੋ ਦੇ ਸਭ ਤੋਂ ਵੱਕਾਰੀ ਬਲਾਕ ਸੰਮਤੀ ਜ਼ੋਨ ਜੰਬਰ ਬਸਤੀ ਤੋਂ ਸ਼ਾਨਦਾਰ ਜਿੱਤ ਹਾਸਲ ਕਰਨ ਵਾਲੇ ਗੁਰਦਿੱਤ ਸਿੰਘ ਨੂੰ ਬੀਬਾ ਬਾਦਲ ਨੇ ਵਧਾਈ ਦਿੰਦਿਆਂ ਉਨ੍ਹਾਂ ਦੀ ਜਿੱਤ ਨੂੰ ਸਮੁੱਚੇ ਅਵਾਮ ਦੀ ਜਿੱਤ ਕਰਾਰ ਦਿੱਤਾ। ਇੱਥੇ ਦੱਸਣਾ ਬਣਦਾ ਹੈ ਕਿ ਹਲਕਾ ਤਲਵੰਡੀ ਸਾਬੋ ਅੰਦਰ ਜਿਲ੍ਹਾ ਪ੍ਰੀਸ਼ਦ/ਬਲਾਕ ਸੰਮਤੀ ਚੋਣਾਂ ਦੌਰਾਨ ਅਕਾਲੀ ਦਲ (ਬ) ਦੇ ਹਲਕਾ ਇੰਚਾਰਜ ਰਵੀਪ੍ਰੀਤ ਸਿੰਘ ਸਿੱਧੂ ਦੀ ਅਗਵਾਈ ਹੇਠ ਅਕਾਲੀ ਉਮੀਦਵਾਰਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 10 ਸੀਟਾਂ ਹਾਸਲ ਕੀਤੀਆਂ ਹਨ ਅਤੇ ਜੰਬਰ ਬਸਤੀ ਦੀ ਜਿੱਤ ਪਾਰਟੀ ਲਈ ਸਭ ਤੋਂ ਅਹਿਮ ਜਿੱਤ ਮੰਨੀ ਜਾਂਦੀ ਹੈ। ਉਕਤ ਸਨਮਾਨ ਮੌਕੇ ਹਲਕਾ ਇੰਚਾਰਜ ਰਵੀਪ੍ਰੀਤ ਸਿੰਘ ਸਿੱਧੂ ਤੋਂ ਇਲਾਵਾ ਅਕਾਲੀ ਦਲ ਸਰਕਲ ਪ੍ਰਧਾਨ ਜਸਵਿੰਦਰ ਸਿੰਘ ਜ਼ੈਲਦਾਰ ਵੀ ਮੌਜੂਦ ਦਿਖਾਈ ਦਿੱਤੇ।

# ਨਗਰ ਕੌਂਸਲ ਚੋਣਾਂ ਤੋਂ ਦੂਰ ਰਹੇਗਾ 'ਧੂਰੀ ਵਿਕਾਸ ਮੰਚ' - ਜੱਗੀ, ਚੌਧਰੀ, ਬਜਾਜ

## ਚੋਣਾਂ ਲੜ੍ਹਨ ਦੀਆਂ ਅਫ਼ਵਾਹਾਂ 'ਤੇ ਲਗਾਇਆ ਵਿਰਾਮ



ਧੂਰੀ( ਰਣਜੀਤ ਸਿੰਘ ਪੇਧਨੀ )- ਧੂਰੀ ਸ਼ਹਿਰ ਅਤੇ ਆਲੇ-ਦੁਆਲੇ ਦੇ ਖੇਤਰ ਦੀ ਬੇਹਤਰੀ ਅਤੇ ਜਨਤਕ ਮਸਲਿਆਂ ਲਈ ਲਗਾਤਾਰ ਸੰਘਰਸ਼ਸ਼ੀਲ ਸੰਸਥਾ 'ਧੂਰੀ ਵਿਕਾਸ ਮੰਚ (ਰਜਿ:), ਧੂਰੀ' ਨੇ ਆਗਾਮੀ ਨਗਰ ਕੌਂਸਲ ਚੋਣਾਂ ਦੇ ਸਬੰਧ ਵਿੱਚ ਆਪਣੀ ਸਥਿਤੀ ਸਪੱਸ਼ਟ ਕਰ ਦਿੱਤੀ ਹੈ। ਮੰਚ ਦੇ ਚੇਅਰਮੈਨ ਜਗਸੀਰ ਸਿੰਘ ਜੱਗੀ ਢੀਂਡਸਾ, ਉੱਪ ਚੇਅਰਮੈਨ ਐਡਵੋਕੇਟ ਰਾਜੇਸ਼ਵਰ ਚੌਧਰੀ ਅਤੇ ਸਕੱਤਰ ਜਨਰਲ ਹੰਸ ਰਾਜ ਬਜਾਜ ਨੇ ਅੱਜ ਇੱਕ ਅਹਿਮ ਬਿਆਨ ਜਾਰੀ ਕਰਦਿਆਂ ਕਿਹਾ ਕਿ ਮੰਚ ਵੱਲੋਂ ਚੋਣਾਂ ਲੜਨ ਬਾਰੇ ਫੈਲਾਈਆਂ ਜਾ ਰਹੀਆਂ ਸਾਰੀਆਂ ਗੱਲਾਂ ਮਹਿਜ਼ ਅਫ਼ਵਾਹਾਂ ਦੱਸਦਿਆਂ ਵਿਰਾਮ ਲਗਾ ਦਿੱਤਾ ਹੈ।

ਆਗੂਆਂ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਧੂਰੀ ਵਿਕਾਸ ਮੰਚ ਇੱਕ ਗੈਰ-ਸਿਆਸੀ ਅਤੇ ਲੋਕ-ਭਲਾਈ ਨੂੰ ਸਮਰਪਿਤ ਸੰਸਥਾ ਹੈ। ਉਨ੍ਹਾਂ ਕਿਹਾ, "ਸਾਡੀ ਟੀਮ ਦਾ ਮਕਸਦ ਸਿਆਸੀ ਕੁਰਸੀਆਂ ਪ੍ਰਾਪਤ ਕਰਨਾ ਨਹੀਂ, ਸਗੋਂ ਧੂਰੀ ਨਿਵਾਸੀਆਂ ਦੀਆਂ ਮੁਸ਼ਕਲਾਂ ਨੂੰ ਹੱਲ ਕਰਵਾਉਣਾ ਹੈ। ਮੰਚ ਦੀ ਟੀਮ ਨਗਰ ਕੌਂਸਲ ਚੋਣਾਂ ਵਿੱਚ ਕੋਈ ਹਿੱਸਾ ਨਹੀਂ ਲਵੇਗੀ।÷

ਆਗੂਆਂ ਨੇ ਸੰਸਥਾ ਦੇ ਕਾਰਜਾਂ ਬਾਰੇ ਚਾਨਣਾ ਪਾਉਂਦਿਆਂ ਦੱਸਿਆ ਕਿ ਇਲਾਕੇ ਦੀਆਂ ਲਟਕਦੀਆਂ ਮੰਗਾਂ ਨੂੰ ਸਰਕਾਰ ਤੱਕ ਪਹੁੰਚਾਉਣਾ, ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਰਾਬਤਾ ਬਣਾ ਕੇ ਸ਼ਹਿਰ ਦੀਆਂ ਮੁਸ਼ਕਲਾਂ ਦਾ ਨਿਪਟਾਰਾ ਕਰਨਾ ਅਤੇ ਸਿਹਤ, ਸਿੱਖਿਆ ਅਤੇ ਬੁਨਿਆਦੀ ਢਾਂਚੇ ਦੇ ਸੁਧਾਰ ਲਈ ਦਬਾਅ ਬਣਾਉਣਾ ਮੰਚ ਦਾ ਮੁੱਖ ਉਦੇਸ਼ ਹੈ।

ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸੋਸ਼ਲ ਮੀਡੀਆ ਜਾਂ ਹੋਰ ਥਾਵਾਂ 'ਤੇ ਚੱਲ ਰਹੀਆਂ ਗੁੰਮਰਾਹਕੁੰਨ ਖ਼ਬਰਾਂ 'ਤੇ ਵਿਸ਼ਵਾਸ ਨਾ ਕਰਨ। ਉਨ੍ਹਾਂ ਦੁਹਰਾਇਆ ਕਿ ਮੰਚ ਭਵਿੱਖ ਵਿੱਚ ਵੀ ਸਿਆਸਤ ਤੋਂ ਦੂਰ ਰਹਿ ਕੇ ਕੇਵਲ ਸਮਾਜ ਸੇਵਾ ਅਤੇ ਸ਼ਹਿਰ ਦੇ ਵਿਕਾਸ ਲਈ ਕੰਮ ਕਰਦਾ ਰਹੇਗਾ। ਇਸ ਮੌਕੇ ਮੰਚ ਦੇ ਹੋਰ ਮੈਂਬਰਾਂ ਨੇ ਵੀ ਸਹਿਮਤੀ ਜਤਾਉਂਦਿਆਂ ਕਿਹਾ ਕਿ ਉਨ੍ਹਾਂ ਦੀ ਤਾਕਤ ਲੋਕਾਂ ਦਾ ਵਿਸ਼ਵਾਸ ਹੈ, ਨਾ ਕਿ ਕੋਈ ਸਿਆਸੀ ਅਹੁਦਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰਦੁਆਰਾ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਤਾਰਾਗੜ੍ਹ ਵਿਖੇ

# ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ



ਜੰਡਿਆਲਾ ਗੁਰੂ 5 ਜਨਵਰੀ ( ਕੁਲਵੰਤ ਸਿੰਘ ਵਿਰਦੀ ) ਬਲਾਕ ਜੰਡਿਆਲਾ ਗੁਰੂ ਤੋਂ ਥੋੜੀ ਦੂਰੀ ਤੇ ਪੈਂਦੇ ਪਿੰਡ ਤਾਰਾਗੜ੍ਹ ਵਿਖੇ ਸਥਿਤ ਗੁਰਦੁਆਰਾ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਵਿਖੇ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਪ੍ਰਕਾਸ ਪੁਰਬ ਨੂੰ ਸਮਰਪਿਤ ਤਿੰਨ ਰੋਜ ਤੋਂ ਆਰੰਭ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ! ਅਤੇ ਗ੍ਰੰਥੀ ਸਿੰਘ ਗਿਆਨੀ ਕੁਲਵੰਤ ਸਿੰਘ ਜੀ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ਅਤੇ ਹੁਕਮਨਾਮੇ ਤੋਂ ਉਪਰੰਤ ਫੁੱਲਾਂ ਨਾਲ ਸੱਜੀ ਪਾਲਕੀ ਸਾਹਿਬ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੁਭਾਏਮਾਨ ਕੀਤਾ ਗਿਆ ਅਤੇ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜਾਂ ਪਿਆਰਿਆ ਦੀ ਅਗਵਾਈ ਵਿੱਚ ਜੈਕਾਰਿਆਂ ਦੀ ਗੂੰਜ ਨਾਲ ਵਿਸਾਲ ਨਗਰ ਕੀਰਤਨ ਸਜਾਇਆ ਗਿਆ ! ਨਗਰ ਕੀਰਤਨ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਤੋਂ ਆਰੰਭ ਹੋ ਕਿ ਪਿੰਡ ਦੀ ਪ੍ਰਕਰਮਾ ਕਰਦਾ ਹੋਇਆ ਗੁਰਦੁਆਰਾ ਬਾਬਾ ਸੋਹਣ ਸਿੰਘ ਗੁਰਦੁਆਰਾ ਸਿੰਘ ਸਭਾ,, ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਵਿਖੇ ਪਹੁੰਚਿਆ ਜਿਥੇ ਗੁਰਦੁਆਰਾ ਸਾਹਿਬ ਦੀਆਂ ਪ੍ਰਬੰਧਕ ਕਮੇਟੀਆਂ ਪ੍ਰਧਾਨ ਸੁੱਖਾ ਸਿੰਘ, ਮਹਿੰਦਰ ਸਿੰਘ ਪੁੱਤਰ ਦਇਆ ਸਿੰਘ, ਪ੍ਰਧਾਨ ਦਿਲਬਾਗ ਸਿੰਘ ਸਾਬਕਾ ਸਰਪੰਚ, ਜਥੇਦਾਰ ਅਮੀਰ ਸਿੰਘ ,ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਬਾਬਾ ਸੁੱਖਾ ਸਿੰਘ, ਬਾਬਾ ਮਨਜੀਤ ਸਿੰਘ, ਡਾਕਟਰ ਦੀਦਾਰ ਸਿੰਘ, ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕੀਤਾ ਗਿਆ ਅਤੇ ਗ੍ਰੰਥੀ ਸਿੰਘ ਬਾਬਾ ਕੁਲਵੰਤ ਸਿੰਘ ਜੀ ਨੂੰ ਸਿਰਪਾਓ ਭੇਟ ਕੀਤਾ ਗਿਆ ਅਤੇ ਪ੍ਰਭਾਤ ਫੇਰੀ ਸੰਗਤ ਨੂੰ ਅਤੇ ਨਗਰ ਕੀਰਤਨ ਵਿੱਚ ਸੇਵਾ ਨਿਭਾ ਰਹੇ ਸੇਵਾਦਾਰਾਂ ਨੂੰ ਸਿਰਪਾਓ ਪਾ ਕਿ ਸਨਮਾਨ ਦਿੱਤਾ ਗਿਆ ਅਤੇ ਵੱਖ-ਵੱਖ ਪੜਾਵਾਂ ਤੇ ਨਗਰ ਨਿਵਾਸੀਆਂ ਵੱਲੋਂ ਫਲ ਫਰੂਟ ਕੜਾਹ ਪ੍ਰਸ਼ਾਦ ਬੱਚਿਆਂ ਨੂੰ ਫਰੂਟੀਆਂ ਅਤੇ ਕਾਪੀ ਪੈਨ ਦੇ ਲੰਗਰ ਵਰਤਾਏ ਗਏ ਨਗਰ ਕੀਰਤਨ ਪਿੰਡ ਤਾਰਾਗੜ੍ਹ ਦੀ ਪ੍ਰਕਰਮਾ ਕਰਦਾ ਹੋਇਆ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ ਦੇਰ ਸ਼ਾਮ ਨੂੰ ਗੁਰਦੁਆਰਾ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਵਿਖੇ ਸੰਪੂਰਨ ਹੋਇਆ ! ਜਿਥੇ ਗ੍ਰੰਥੀ ਸਿੰਘ ਗਿਆਨੀ ਕੁਲਵੰਤ ਸਿੰਘ ਜੀ ਵੱਲੋਂ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਸੰਪੂਰਨਤਾ ਦੀ ਅਰਦਾਸ ਬੇਨਤੀ ਕੀਤੀ ਗਈ ! ਨਗਰ ਕੀਰਤਨ ਵਿੱਚ ਸੰਗਤ ਵਲੋਂ ਗੁਰੂ ਸਾਹਿਬ ਜੀ ਦੀ ਵਡਿਆਈ ਅਤੇ ਧੁਰ ਕੀ ਬਾਣੀ ਇਲਾਹੀ ਬਾਣੀ ਦੇ ਸ਼ਬਦ ਗਾਇਨ ਕਰਕੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ! ਇਸ ਮੌਕੇ ਜਥੇਦਾਰ ਬਲਵਿੰਦਰ ਸਿੰਘ, ਗੁਰਜੀਤ ਸਿੰਘ, ਬਲਕਾਰ ਸਿੰਘ, ਭੁਪਿੰਦਰ ਸਿੰਘ, ਮਿਲਖਾ ਸਿੰਘ, ਭਾਈ ਦਵਿੰਦਰ ਸਿੰਘ, ਭਾਈ ਲਵਪ੍ਰੀਤ ਸਿੰਘ ਲੱਡੂ ,ਟਵਿੰਕਲ ਸਿੰਘ, ਜਥੇਦਾਰ ਗੁਰਦੇਵ ਸਿੰਘ, ਸਰਵਣ ਸਿੰਘ, ਸਰਪੰਚ ਦੇ ਪਤੀ ਜਗਮੋਹਨ ਸਿੰਘ, ਪ੍ਰਿਥੀਪਾਲ ਸਿੰਘ ਗੋਲਡੀ, ਬੀਬੀ ਰੁਪਿੰਦਰ ਕੌਰ, ਪਲਵਿੰਦਰ ਸਿੰਘ ਪਿੰਦੀ, ਗੁਰਦੀਪ ਸਿੰਘ , ਗੁਰਨੂਰ ਸਿੰਘ, ਰਾਹੁਲਪ੍ਰੀਤ ਸਿੰਘ ,ਭਾਈ ਸੁਖਮਨਦੀਪ ਸਿੰਘ ,ਐਡਵੋਕੇਟ ਬਿਕਰਮਜੀਤ ਸਿੰਘ, ਮਨਜੀਤ ਸਿੰਘ ਅਤੇ ਭਾਰੀ ਗਿਣਤੀ ਵਿੱਚ ਨਗਰ ਨਿਵਾਸੀਆ ਵੱਲੋਂ ਹਾਜਰੀਆਂ ਭਰੀਆਂ ਗਈਆਂ !

**ਨਗਰ ਨਿਵਾਸੀ ਸੰਗਤਾਂ ਨੇ ਹਰਜੱਸ ਸਰਵਨ ਕਰਕੇ ਨਗਰ ਕੀਰਤਨ ਵਿੱਚ ਆਪਣੀ ਹਾਜਰੀ ਲਗਵਾਈ**

### ਨਵੇਂ ਸਾਲ ਦੀ ਆਮਦ ਤੇ ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੇ

# ਬਲਾਈਂਡ ਹੋਮ ਮਖੂ ਗੇਟ ਵਿਖੇ ਕੀਤੀ ਮੀਟਿੰਗ




ਫ਼ਿਰੋਜ਼ਪੁਰ, 05 ਜਨਵਰੀ (ਮਨੋਹਰ ਲਾਲ) :— ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਦੀ ਮੀਟਿੰਗ ਬਲਾਈਡ ਹੋਮ ਮੱਖੂ ਗੇਟ ਫ਼ਿਰੋਜ਼ਪੁਰ ਸ਼ਹਿਰ ਵਿਖੇ ਹੋਈ। ਇਸ ਮੀਟਿੰਗ ਦੀ ਪ੍ਰਧਾਨਗੀ ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਦੇ ਡਾ: ਦੀਵਾਨ ਚੰਦ ਸੁਖੀਜਾ ਚੇਅਰਮੈਨ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿਚ ਕਈ ਵਿਚਾਰ—ਵਟਾਂਦਰੇ ਹੋਏ ਜਿਵੇਂ ਕਿ ਪੈਸਿਆਂ ਦਾ ਹਿਸਾਬ—ਕਿਤਾਬ ਅਤੇ ਹੋਰ ਵੀ ਸ਼ਹਿਰ ਦੀ ਸਮੱਸਿਆ ਬਾਰੇ ਅਤੇ ਸਮਾਜ ਭਲਾਈ ਦੇ ਕੰਮਾਂ ਬਾਰੇ ਵਿਚਾਰ ਵਟਾਂਦਰਾ ਕੀਤਾ, ਜਿਸ ਬਾਰੇ ਜਲਦੀ ਹੀ ਰੂਪ—ਰੇਖਾ ਤਿਆਰ ਕੀਤੀ ਜਾਵੇਗੀ। ਇਸ ਮੌਕੇ ਤੇ ਵੱਖ—ਵੱਖ ਆਗੂਆਂ ਨੇ ਆਪਣੇ ਵਿਚਾਰ ਪੇਸ਼ ਕੀਤੇ। ਅਖੀਰ ਵਿਚ ਡਾ: ਦੀਵਾਨ ਚੰਦ ਸੁਖੀਜਾ ਨੇ ਸਭ ਤੋਂ ਪਹਿਲਾਂ ਨਵੇਂ ਸਾਲ ਦੀ ਵਧਾਈ ਦਿੱਤੀ ਅਤੇ ਕਿਹਾ ਕਿ ਇਸ ਵੇਲੇ ਸ਼ਹਿਰ ਦੀਆਂ ਕਈ ਸਮੱਸਿਆ ਹਨ, ਜਿਨ੍ਹਾਂ ਨੂੰ ਜਲਦੀ ਹੀ ਜ਼ਿਲ੍ਹਾ ਪ੍ਰਸ਼ਾਸਨ ਦੇ ਧਿਆਨ ਵਿਚ ਲਿਆਂਦਾ ਜਾਵੇਗਾ। ਇਸ ਮੌਕੇ ਤੇ ਡਾ: ਦੀਵਾਨ ਚੰਦ ਸੁਖੀਜਾ ਚੇਅਰਮੈਨ, ਰਮੇਸ਼ ਬਜਾਜ ਸੀਨੀਅਰ ਵਾਈਸ ਪ੍ਰਧਾਨ, ਪਰਵੀਨ ਧਵਨ ਜਨਰਲ ਸਕੱਤਰ, ਅਮਰਨਾਥ, ਸਤਪਾਲ ਖੁਰਾਣਾ, ਸ਼ਾਮ ਬਿਹਾਰੀ, ਪੁਸ਼ਪਲਤਾ, ਰਾਮ ਕਿਸ਼ੋਰ ਕੋਆਰਡੀਨੇਟਰ, ਅਮਰਨਾਥ ਗੁਪਤਾ, ਸਤਪਾਲ ਖੁਰਾਣਾ, ਅਵਿਨਾਸ਼ ਤਲਵਾੜ, ਮਨੋਹਰ ਲਾਲ ਪੱਤਰਕਾਰ ਹਾਜ਼ਰ ਸਨ। ਇਸ ਮੌਕੇ ਤੇ ਚਾਹ—ਪਾਣੀ ਅਤੇ ਮਿਠਾਈਆਂ ਵੰਡੀਆਂ ਗਈਆਂ।

# ਫੈਡਰੇਸ਼ਨ ਮਹਿਤਾ ਨੇ ਗੁਰਪੁਰਬ ਨੂੰ ਸਮਰਪਿਤ ਲਾਇਆ ਚਾਹ—ਪਕੌੜਿਆਂ ਦਾ ਲੰਗਰ



ਫ਼ਿਰੋਜ਼ਪੁਰ, 05 ਜਨਵਰੀ (ਮਨੋਹਰ ਲਾਲ) :— ਦਸਵੇਂ ਪਾਤਸ਼ਾਹ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀਆਂ ਤਰੀਕਾਂ ਨੂੰ ਲੈ ਕੇ ਭਾਵੇਂ ਕੌਮ ਵਿਚ ਦੁਬਿਧਾ ਬਣੀ ਹੋਈ ਹੈ, ਪਰ ਸੰਗਤਾਂ ਨੇ ਆਪਣੀ ਸ਼ਰਧਾ ਅਨੁਸਾਰ ਆਪਣੇ ਪੱਧਰ ਤੇ ਇਹ ਪੁਰਬ ਮਨਾ ਰਹੀਆਂ ਹਨ, ਫ਼ਿਰੋਜ਼ਪੁਰ ਦੇ ਬਹੁਤੇ ਹਿੱਸਿਆਂ ਵਿਚ ਇਹ ਪ੍ਰਕਾਸ਼ ਪੁਰਬ ਅੱਜ ਮਨਾਇਆ ਜਾ ਰਿਹਾ ਹੈ। ਇਸ ਪ੍ਰਕਾਸ਼ ਪੁਰਬ ਦੇ ਸਬੰਧ ਵਿਚ ਅੱਜ ਸਿੱਖ ਕੌਮ ਦੀ ਸੰਘਰਸ਼ਸ਼ੀਲ ਜਥੇਬੰਦੀ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਨੇ ਵੀ ਇਸ ਪ੍ਰਕਾਸ਼ ਪੁਰਬ ਦੇ ਸਬੰਧ ਵਿਚ ਮਖੂ ਗੇਟ ਦੇ ਆਰ.ਐਸ.ਡੀ ਕਾਲਜ ਵਿਖੇ ਚਾਹ ਅਤੇ ਪਕੌੜਿਆਂ ਦਾ ਲੰਗਰ ਲਗਾ ਕੇ ਆਪਣੀ ਸ਼ਰਧਾ ਦਾ ਪ੍ਰਗਟਾਵਾ ਕੀਤਾ, ਜਿਸ ਵਿਚ ਕਈ ਸੈਂਕੜੇ ਲੋਕਾਂ ਨੇ ਇਹ ਲੰਗਰ ਛਕਿਆ। ਫੈਡਰੇਸ਼ਨ ਮਹਿਤਾ ਦੇ ਵਰਕਰ ਸਵੇਰ ਤੋਂ ਹੀ ਇਸ ਲੰਗਰ ਦੀ ਤਿਆਰੀ ਵਿਚ ਲੱਗੇ ਹੋਏ ਸਨ, ਜਿਨ੍ਹਾਂ ਨੇ ਸਮੁੱਚੀਆਂ ਸੰਗਤਾਂ ਸਮੇਤ ਰਾਹਗੀਰਾਂ ਨੂੰ ਇਹ ਲੰਗਰ ਅਤੁੱਟ ਵਰਤਾਇਆ। ਇਸਮੌਕੇ ਫੈਡਰੇਸ਼ਨ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜ਼ਸਪਾਲ ਸਿੰਘ, ਕੌਮੀ ਜਨਰਲ ਸਕੱਤਰ ਉਡੀਕ ਸਿੰਘ ਕੁੰਡੇ, ਕੌਮੀ ਮੀਤ ਪ੍ਰਧਾਨ ਮਨਜੀਤ ਸਿੰਘ ਔਲਖ, ਜ਼ਿਲ੍ਹਾ ਪ੍ਰਧਾਨ ਸ਼ਹਿਰੀ ਡਾ: ਗੁਰਮੀਤ ਸਿੰਘ ਬਲਾਕ ਪ੍ਰਧਾਨ ਕਿਰਨਦੀਪ ਸਿੰਘ ਪੱਲਾ, ਜ਼ਸਬੀਰ ਸਿੰਘ ਜੱਸ, ਕਾਲਜ ਇਕਾਈ ਪ੍ਰਧਾਨ ਸੁਖਦੀਪ ਸਿੰਘ ਸੰਧੂ, ਜ਼ੋਬਨਪ੍ਰੀਤ ਸਿੰਘ, ਬਲਾਕ ਪ੍ਰਧਾਨ ਗੁਰਵਰਪ੍ਰੀਤ ਸਿੰਘ ਢਿੱਲੋਂ, ਲਕਸ਼ਪ੍ਰੀਤ ਸਿੰਘ, ਫਤਹਿ ਸਿੰਘ, ਗੁਰਪ੍ਰੀਤ ਸਿੰਘ, ਕੁਲਦੀਪ ਸਿੰਘ ਨੰਢਾ, ਸੁਰਜੀਤ ਸਿੰਘ ਸੰਧੂ ਸਮੇਤ ਹੋਰ ਵੀ ਕਈ ਆਗੂ ਹਾਜ਼ਰ ਸਨ।

# ਬਲਤੇਜ ਪੰਨੂ ਸ਼੍ਰੋਮਣੀ ਕਮੇਟੀ ਪ੍ਰਧਾਨ 'ਤੇ ਝੂਠੇ ਇਲਜ਼ਾਮ ਬੰਦ ਕਰੇ- ਮੁੱਖ ਸਕੱਤਰ ਸ. ਮੰਨਣ



**ਸ੍ਰੀ ਅੰਮ੍ਰਿਤਸਰ, 5 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ 328 ਪਾਵਨ ਸਰੂਪਾਂ ਦੇ ਮਾਮਲੇ ਵਿੱਚ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਕੀਤੀਆਂ ਜਾ ਰਹੀਆਂ ਤਥਹੀਣ ਟਿੱਪਣੀਆਂ ਦਾ ਕਰੜਾ ਨੋਟਸ ਅਜਿਹੀਆਂ ਹਰਕਤਾਂ ਬੰਦ ਕਰਨ ਦੀ ਚੇਤਾਵਨੀ ਦਿੱਤੀ ਹੈ। ਜਾਰੀ ਇੱਕ ਬਿਆਨ ਵਿੱਚ ਸ. ਕੁਲਵੰਤ ਸਿੰਘ ਮੰਨਣ ਨੇ ਆਖਿਆ ਕਿ ਲੰਘੇ ਦਿਨ ਆਪ ਆਗੂ ਬਲਤੇਜ ਪੰਨੂ ਵੱਲੋਂ ਸਿੱਖ ਸੰਸਥਾ ਦੇ ਮੁਖੀ ਉੱਤੇ ਝੂਠੇ ਇਲਜ਼ਾਮ ਲਗਾਏ ਗਏ ਹਨ, ਜਿਸ ਨੂੰ ਪ੍ਰਵਾਨ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਬਲਤੇਜ ਪੰਨੂ ਵੱਲੋਂ ਇਹ ਕਹਿਣਾ ਕਿ 328 ਪਾਵਨ ਸਰੂਪਾਂ ਨਾਲ ਸੰਬੰਧਿਤ ਇੱਕ ਡਾਇਰੀ ਸ਼੍ਰੋਮਣੀ ਕਮੇਟੀ ਪ੍ਰਧਾਨ ਪਾਸ ਹੈ, ਇਹ ਸਿਖਰਲਾ ਝੂਠ ਅਤੇ ਸੰਗਤਾਂ ਨੂੰ ਗੁਮਰਾਹ ਕਰਨ ਵਾਲੀ ਹਰਕਤ ਹੈ। ਸ. ਮੰਨਣ ਨੇ ਸਪਸ਼ਟ ਤੌਰ 'ਤੇ ਕਿਹਾ ਕਿ ਜੇਕਰ ਸ਼੍ਰੋਮਣੀ ਕਮੇਟੀ ਪ੍ਰਧਾਨ ਪਾਸ ਅਜਿਹੀ ਕਿਸੇ ਡਾਇਰੀ ਦਾ ਸਬੂਤ ਬਲਤੇਜ ਪੰਨੂ ਕੋਲ ਹੈ, ਤਾਂ ਉਹ ਜਨਤਕ ਕਰੇ ਨਹੀਂ ਤਾਂ ਇਸ ਦੀ ਮੁਆਫੀ ਮੰਗੇ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਸੰਗਤ ਨੂੰ ਦੇਣ ਦਾ ਪ੍ਰਬੰਧਕੀ ਵਿਧੀ ਵਿਧਾਨ ਹੈ, ਜਿਸ ਵਿੱਚ ਅਜਿਹੀ ਡਾਇਰੀ ਦੀ ਕੋਈ ਵਿਵਸਥਾ ਨਹੀਂ ਹੈ। ਇਸ ਲਈ ਬਲਤੇਜ ਪੰਨੂ ਵੱਲੋਂ ਸੰਗਤ ਨੂੰ ਗੁਮਰਾਹ ਕੀਤਾ ਜਾਣਾ ਕੇਵਲ ਸਿਆਸਤ ਹੈ। ਸ. ਮੰਨਣ ਨੇ ਕਿਹਾ ਕਿ ਬਲਤੇਜ ਪੰਨੂ ਆਪਣੇ ਦਾਇਰੇ ਵਿੱਚ ਰਹੇ ਅਤੇ ਆਪਣੇ ਸਿਆਸੀ ਅਕਾਵਾਂ ਨੂੰ ਖੁਸ਼ ਕਰਨ ਲਈ ਸਿੱਖ ਸੰਸਥਾ ਪ੍ਰਤੀ ਮਨਘੜਤ ਗੱਲਾਂ ਨਾ ਕਰੇ। ਜੇਕਰ ਉਸ ਨੇ ਅੱਗੇ ਤੋਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸਮੇਤ ਕਿਸੇ ਵੀ ਅਹੁਦੇਦਾਰ ਤੇ ਝੂਠੇ ਇਲਜ਼ਾਮ ਲਗਾਉਣ ਦੀ ਹਰਕਤ ਕੀਤੀ ਤਾਂ ਉਸ ਨੂੰ ਬਖਸ਼ਿਆ ਨਹੀਂ ਜਾਵੇਗਾ।

# 'ਆਪ' ਸਰਪੰਚ ਦੇ ਕਤਲ ਮਗਰੋਂ ਤਰਨਤਾਰਨ ਪੁਲਸ ਨੇ ਕਰ'ਤਾ ਵੱਡਾ ਐਨਕਾਊਂਟਰ



**ਤਰਨਤਾਰਨ, 5 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਫਤਿਹਾਬਾਦ ਦੇ ਨਜ਼ਦੀਕ ਤਰਨਤਾਰਨ ਪੁਲਸ ਅਤੇ ਬਦਮਾਸ਼ਾਂ ਵਿਚਕਾਰ ਜ਼ਬਰਦਸਤ ਮੁਕਾਬਲਾ ਹੋਇਆ। ਇਸ ਦੌਰਾਨ ਪੁਲਸ ਦੀ ਜਵਾਬੀ ਫਾਇਰਿੰਗ ਵਿੱਚ ਦੋ ਮੁਲਜ਼ਮ ਜ਼ਖ਼ਮੀ ਹੋ ਗਏ। ਜਾਣਕਾਰੀ ਮੁਤਾਬਕ, ਜਦੋਂ ਪੁਲਸ ਪਾਰਟੀ ਨੇ ਮੋਟਰਸਾਈਕਲ 'ਤੇ ਸਵਾਰ ਦੋ ਸ਼ੱਕੀ ਵਿਅਕਤੀਆਂ ਨੂੰ ਰੁਕਣ ਦਾ ਇਸ਼ਾਰਾ ਕੀਤਾ ਤਾਂ ਉਨ੍ਹਾਂ ਵੱਲੋਂ ਪੁਲਸ 'ਤੇ ਹਮਲਾ ਕਰ ਦਿੱਤਾ ਗਿਆ। ਹਮਲੇ ਦੇ ਜਵਾਬ 'ਚ ਪੁਲਸ ਨੇ ਫਾਇਰਿੰਗ ਕੀਤੀ, ਜਿਸ ਨਾਲ ਦੋਵੇਂ ਮੁਲਜ਼ਮ ਜ਼ਖ਼ਮੀ ਹੋ ਗਏ। ਜ਼ਖ਼ਮੀ ਮੁਲਜ਼ਮਾਂ ਦੀ ਪਛਾਣ ਸੁੱਖਪ੍ਰੀਤ ਸਿੰਘ ਅਤੇ ਲਵਪ੍ਰੀਤ ਸਿੰਘ ਵਜੋਂ ਹੋਈ ਹੈ, ਜਿਨ੍ਹਾਂ ਨੂੰ ਇਲਾਜ ਲਈ ਹਸਪਤਾਲ ਭੇਜਿਆ ਗਿਆ ਹੈ। ਪੁਲਸ ਨੇ ਦੋਵਾਂ ਦੇ ਕਬਜ਼ੇ ਵਿੱਚੋਂ ਦੋ ਪਿਸਤੌਲ ਅਤੇ ਇੱਕ ਮੋਟਰਸਾਈਕਲ ਵੀ ਬਰਾਮਦ ਕੀਤੀ ਹੈ। ਇਸ ਸਬੰਧੀ ਐੱਸਐੱਸਪੀ ਸੁਰਿੰਦਰ ਲਾਂਬਾ ਨੇ ਦੱਸਿਆ ਕਿ ਦੋਵੇਂ ਮੁਲਜ਼ਮ ਫਿਰੌਤੀ ਮੰਗਣ ਦੀਆਂ ਵਾਰਦਾਤਾਂ ਨਾਲ ਜੁੜੇ ਹੋਏ ਹਨ। ਮਾਮਲੇ ਦੀ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਇਨ੍ਹਾਂ ਦੋਵੇ ਮੁਲਜ਼ਮਾਂ 'ਚ ਇੱਕ ਮੁਲਜ਼ਮ ਕੁੱਝ ਦਿਨ ਪਹਿਲਾਂ ਕਸਬਾ ਫਤਿਆਬਾਦ ਵਿਖੇ ਫਿਰੌਤੀ ਦੇ ਮਾਮਲੇ ਵਿੱਚ ਦੁਕਾਨ 'ਤੇ ਗੋਲੀਆਂ ਚਲਾਉਣ ਦੇ ਮਾਮਲੇ ਵਿੱਚ ਨਾਮਜ਼ਦ ਹੈ। ਐੱਸਐੱਚਓ ਪ੍ਰਭਜੀਤ ਸਿੰਘ ਨੇ ਦੱਸਿਆ ਕਿ ਇਸ ਸਬੰਧੀ ਥਾਣਾ ਗੋਇੰਦਵਾਲ ਸਾਹਿਬ ਵਿਖੇ ਮਾਮਲਾ ਦਰਜ ਕਰ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।

## ਸਟੇਟ ਏਜੰਸੀਆਂ ਅਤੇ ਚਮਚੇ ਹੀ ਸਿੱਖ ਆਗੂਆਂ ਦੀ ਚਾਲਕ ਸ਼ਕਤੀ ਬਣ ਚੁੱਕੇ ਹਨ

# ਅਜਿਹੇ ਆਗੂਆਂ ਤੋ ਸਿੱਖ ਕਿਹੜੇ ਉਜਲ ਭਵਿੱਖ ਦੀ ਆਸ ਲਾਈ ਬੈਠੇ ਹਨ



**ਭਾਈ ਅਮਰੀਕ ਸਿੰਘ ਮੁਕਤਸਰ**

**ਮੈ ਆਪਣੀਆਂ** ਲਿਖਤਾਂ ਵਿੱਚ ਪਹਿਲਾਂ ਵੀ ਕਈ ਵਾਰ ਕਹਿ ਚੁੱਕਾ ਹਾਂ ਕਿ ਇਸ ਵਕਤ ਸਿੱਖ ਰਾਜਨੀਤੀ ਵਿੱਚ ਬੌਧਿਕਤਾ ,ਇਮਾਨਦਾਰੀ ਅਤੇ ਕਿਰਦਾਰ ਲੱਗਭੱਗ ਗਾਇਬ ਹੋ ਗਏ ਹਨ ।ਜਦੋ ਅਸੀ ਰਾਜਨੀਤੀ ਸ਼ਬਦ ਦੀ ਬਜਾਏ ਸਿੱਖ ਰਾਜਨੀਤੀ ਸ਼ਬਦ ਦੀ ਵਰਤੋ ਕਰਦੇ ਹਾਂ ਤਾਂ ਇਸ ਦਾ ਅਰਥ ਇਹ ਹੋਣਾ ਚਾਹੀਦਾ ਕਿ ਉਹ ਪ੍ਰੈਕਟਿਸ ਜਿਸ ਦਾ ਆਧਾਰ ਸਿੱਖ ਨੈਤਿਕਤਾ ਹੋਵੇ ।ਪਰ ਕੀ ਅਸੀਂ ਆਪਣੇ ਆਲੇ-ਦੁਆਲੇ ਅਤੇ ਆਪਣੇ ਅੰਦਰ ਝਾਤ ਮਾਰ ਕੇ ਇਹ ਕਹਿ ਸਕਦੇ ਹਾਂ ਕਿ ਪੰਥ ਅਤੇ ਧਰਮ ਦੇ ਨਾਮ ਉੱਪਰ ਜੋ ਖੇਡ ਖੇਡੀ ਜਾ ਰਹੀ ਹੈ ,ਕੀ ਉਸ ਸਭ ਕੁੱਝ ਵਿੱਚ ਰੱਤੀ ਭਰ ਵੀ ਸਿੱਖ ਨੈਤਿਕਤਾ ਨਜ਼ਰ ਆਉਂਦੀ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਪਬਲਿਕ ਲਾਇਫ ਦੀ ਦੁਰਦਸ਼ਾ ਨੂੰ ਸਮਝਦੇ ਹੋਏ ਹੀ ਮੈਂ ਕਈ ਸਾਲ ਪਹਿਲਾਂ ਆਪਣੀ ਬੇਬੱਸੀ ਮਹਿਸੂਸ ਕਰਦੇ ਹੋਏ ਹਰੇਕ ਤਰ੍ਹਾਂ ਦੀਆਂ ਸਰਗਰਮੀਆਂ ਤੋਂ ਲਾਂਬੇ ਹੋ ਗਿਆ ਸੀ ।ਪਰ ਕੁੱਝ ਮਹੀਨਿਆਂ ਤੋਂ ਸ਼ੋਸ਼ਲ ਮੀਡੀਏ ਉੱਪਰ ਸਰਗਰਮੀ ਨੇ ਕਈ ਪੁਰਾਣੇ ਸਬੰਧਾਂ ਨੂੰ ਮੁੜ ਬਹਾਲ ਕੀਤਾ ਅਤੇ ਕਈ ਨਵੀ ਪੀੜ੍ਹੀ ਦੇ ਸਰਗਮਰ ਕਾਰਕੁੰਨਾਂ ਨਾਲ ਸੰਪਰਕ ਦੇ ਸਬੱਬ ਬਣੇ ।ਕਈ ਸੱਜਣਾਂ ਨੇ ਸਲਾਹ ਦਿੱਤੀ ਕਿ ਤੁਸੀ ਆਪਣੇ ਤਜਰਬੇ ਨੂੰ ਵਰਤ ਕੇ ਇਸ ਸਥਿਤੀ ਵਿੱਚ ਕੋਈ ਸਾਰਥਕ ਰੋਲ ਨਿਭਾਉਣ ਦੀ ਕੋਸ਼ਿਸ਼ ਕਰੋ ।ਅਸੀ ਸਾਰੇ ਸਮਾਜਿਕ ਜੀਵ ਹਾਂ ਅਤੇ ਸਾਡਾ ਆਲਾ-ਦੁਆਲਾ ਹੀ ਸਾਨੂੰ ਉਤਸ਼ਾਹਤ ਅਤੇ ਨਿਰ-ਉਤਸ਼ਾਹਤ ਕਰਦਾ ਹੈ ।ਮੈ ਕਈ ਸੱਜਣਾਂ ਦੀਆਂ ਦਿੱਤੀਆਂ ਸਲਾਹਾਂ ਤੋ ਉਤਸ਼ਾਹਤ ਹੋ ਕੁੱਝ ਚਾਰਾਜੋਈਆਂ ਕੀਤੀਆ ।ਇਸ ਦੌਰਾਨ ਸਿੱਖ ਰਾਜਨੀਤੀ ਅਤੇ ਧਰਮ ਦੇ ਖੇਤਰ ਵਿੱਚ ਸਰਗਰਮ ਬਹੁਤ ਸਾਰੇ ਆਗੂਆਂ ਅਤੇ ਕਾਰਕੁੰਨਾਂ ਨਾਲ ਸਲਾਹ ਮਸ਼ਵਰੇ ਅਤੇ ਗੱਲ-ਬਾਤਾਂ ਦੇ ਅਨੇਕਾਂ ਮੌਕੇ ਮਿਲੇ ।ਇਸ ਤਾਜ਼ਾ ਤਜਰਬੇ ਤੋ ਮੈਨੂੰ ਇਹ ਅਹਿਸਾਸ ਹੋਇਆ ਕਿ ਜਿਸ ਦੁਰਦਸ਼ਾ ਨੂੰ ਦੇਖਦਿਆਂ ਮੈਂ ਸਰਗਰਮ ਜੀਵਨ ਤੋਂ ਲਾਂਬੇ ਹੋਇਆ ਸੀ ,ਮੌਜੂਦਾ ਸਥਿਤੀ ਉਸ ਤੋਂ ਬਦਤਰ ਅਤੇ ਨਾਜ਼ਕ ਹੈ ।

ਇਸ ਦੁਰਦਸ਼ਾ ਲਈ ਕਿਰਦਾਰ ,ਇਮਾਨਦਾਰੀ ਅਤੇ ਸਿਆਸੀ ਸੋਝੀ ਦੀ ਕਮੀ ਤੋਂ ਇਲਾਵਾ ਕੁੱਝ ਹੋਰ ਖ਼ਤਰਨਾਕ ਰੁਝਾਨ ਬੁਰੀ ਹੱਦ ਤੱਕ ਸਿੱਖ ਰਾਜਨੀਤੀ ਅਤੇ ਧਰਮ ਦੇ ਖੇਤਰ ਉੱਪਰ ਭਾਰੂ ਨਜ਼ਰ ਆਏ ।ਸਾਡੇ ਆਗੂਆਂ ਨਾਲ ਹੋਈਆਂ ਗੱਲਬਾਤਾਂ ਰਾਹੀਂ ਮੈਨੂੰ ਇਹ ਪਤਾ ਲੱਗ ਸਕਿਆ ਕਿ ਅੱਜ ਕੱਲ ਸਾਡੇ ਆਗੂਆਂ ਦੀਆਂ ਨੀਤੀਆਂ ਅਤੇ ਫੈਸਲਿਆਂ ਉੱਪਰ ਕਿਹੜੇ ਤੱਤ ਸਭ ਤੋ ਜ਼ਿਆਦਾ ਅਸਰਅੰਦਾਜ਼ ਹੁੰਦੇ ਹਨ ।ਇੱਕ ਧੜੇ ਵਲੋ ਕਿਸੇ ਦੂਜੇ ਧੜੇ ਬਾਰੇ ਆਪਣਾ ਨਜ਼ਰੀਆ ਸਥਾਪਤ ਕਰਨ ਪਿੱਛੇ ਕਿਹੜੇ ਕਾਰਨ ਹੁੰਦੇ ਹਨ ।ਮੈਂ ਇੱਥੇ ਕਿਸੇ ਧੜੇ ਜਾਂ ਆਗੂ ਦਾ ਨਾਮ ਲੈ ਕੇ ਆਪਣੇ ਲਈ ਮੁਸ਼ਕਲਾਂ ਖੜੀਆਂ ਕੀਤੇ ਬਿਨਾਂ ਇਹ ਦਾਅਵਾ ਕਰ ਸਕਦਾ ਹਾਂ ਕਿ ਜੋ ਮੈਂ ਕਹਿਣ ਜਾ ਰਿਹਾ ਹਾਂ ਉਹ ਸਭ ਸਿੱਖ ਆਗੂਆਂ ਅਤੇ ਧੜਿਆਂ ਉੱਪਰ ਸੌ ਪ੍ਰਤੀਸ਼ਤ ਢੁੱਕਦਾ ਹੈ ।

ਇਸ ਵਕਤ ਸਿੱਖ ਰਾਜਨੀਤੀ ਅਤੇ ਧਰਮ ਦੇ ਖੇਤਰ ਦੀ ਹਰ ਸਰਗਰਮੀ ਪਿੱਛੇ ਮੁੱਖ ਚਾਲਕ ਸ਼ਕਤੀ 'ਰਾਜਸੀ ਚਮਚੇ'ਅਤੇ ਸਟੇਟ ਏਜੰਸੀਆਂ ਹਨ ।ਸਾਡੇ ਧਰਮ ਅਤੇ ਰਾਜਨੀਤੀ ਨਾਲ ਜੁੜਿਆ ਹਰੇਕ ਆਗੂ ਚਾਹੇ ਉਹ ਇਮਾਨਦਾਰ ਜਾਂ ਬੇਈਮਾਨ ਹੋਵੇ ,ਪਰ ਉਸ ਦੇ ਫੈਸਲੇ ,ਨੀਤੀਆਂ ਅਤੇ ਦੂਸਰਿਆਂ ਨਾਲ ਸਬੰਧਾਂ ਉੱਪਰ ਜਿਆਦਾਤਰ ਅਸਰ ਉਹ ਆਪਣੇ ਦੁਆਲੇ ਜੁੜੇ ਚਮਚਿਆਂ ਅਤੇ ਸਟੇਟ ਏਜੰਸੀਆਂ ਦੀ ਭਾਰੀ ਭਰਮਾਰ ਤੋ ਕਬੂਲਦਾ ਹੈ ।ਚਮਚੇ ਅਤੇ ਚਾਪਲੂਸੀ ਇਸ ਵਕਤ ਸਾਡੇ ਹਰੇਕ ਆਗੂ ਦੀ ਮਨ-ਭਾਉਂਦੀ ਖ਼ੁਰਾਕ ਹੈ ।ਜਿੱਥੇ ਸਟੇਟ ਕਿਸੇ ਆਗੂ ਨੂੰ ਸਿੱਧਾ ਆਪਣੇ ਚੁਗਲ ਵਿੱਚ ਫਸਾਉਣ ਤੋ ਅਸਮਰਥ ਹੁੰਦੀ ਹੈ ,ਉੱਥੇ ਏਜੰਸੀਆਂ ਚਮਚਿਆਂ ਦੀ ਵਰਤੋ ਕਰਕੇ ਅਜਿਹੇ ਆਗੂਆਂ ਤੋ ਮਨਭਾਉਦੇ ਫੈਸਲੇ ਕਰਵਾਉਣ ਦੀਆਂ ਸ਼ਾਜਿਸਾਂ ਵਰਤਦੀਆਂ ਹਨ ।ਸਟੇਟ ਏਜੰਸੀਆਂ ਇਹਨਾਂ ਆਗੂਆਂ ਤੋਂ ਗਲਤ ਫੈਸਲੇ ਕਰਵਾਉਣ ਅਤੇ ਇੱਕ ਦੂਜੇ ਪ੍ਰਤੀ ਮਤਭੇਦ ਵਧਾਉਣ ਲਈ ਅਕਸਰ ਅਫਵਾਹਾਂ ਅਤੇ ਚਮਚਿਆਂ ਰਾਹੀ ਗਲਤਫਹਿਮੀਆਂ ਨੂੰ ਉਤਸ਼ਾਹਤ ਕਰਦੀਆਂ ਹਨ ।ਇਸ ਤੋਂ ਇਲਾਵਾ ਅੱਜ ਕੱਲ ਸਾਡੇ ਆਗੂ ਅਕਸਰ ਹੀ ਆਈ.ਬੀ (ਸੈਂਟਰਲ ਗੁਪਤਚਰ ਏਜੰਸੀ) ਦੇ ਅਫਸਰਾਂ ਨਾਲ ਸਲਾਹ ਮਸ਼ਵਰੇ ਕਰਦੇ ਦੇਖੇ ਜਾ ਸਕਦੇ ਹਨ ।ਕਈ ਸੀਨੀਅਰ ਆਗੂ ਜਦ ਮੈਨੂੰ ਕੋਈ ਗੱਲ ਦੱਸਦੇ ਸਨ ਤਾਂ ਜਦੋ ਮੈ ਉਹਨਾਂ ਨੂੰ ਉਸ ਗੱਲ ਦਾ ਸ੍ਰੋਤ ਪੁੱਛਦਾ ਸੀ ਤਾਂ ਉਹ ਬੇਝਿਜਕ ਹੋ ਕੇ ਜਵਾਬ ਦਿੰਦੇ ਸਨ ਕਿ "ਮੈਨੂੰ ਆਹ ਆਈ.ਬੀ .ਦੇ ਇੱਕ ਸੀਨੀਅਰ ਅਫਸਰ ਨੇ ਦੱਸਿਆ " ।ਜਦੋ ਮੈਂ ਕਈ ਆਗੂਆਂ ਨੂੰ ਇਹ ਸਵਾਲ ਕੀਤਾ ਕਿ ਤੁਸੀ ਭਾਰਤ ਸਰਕਾਰ ਦੀਆਂ ਏਜੰਸੀਆਂ ਉੱਤੇ ਕਦੋਂ ਤੋਂ ਵਿਸ਼ਵਾਸ ਕਰਨਾ ਸ਼ੁਰੂ ਕਰ ਦਿੱਤਾ ,ਤਾਂ ਉਹਨਾਂ ਕੋਲ ਕੋਈ ਜਵਾਬ ਨਹੀ ਹੁੰਦਾ ਸੀ ।

ਮੇਰਾ ਇਹ ਕਹਿਣ ਦਾ ਮਤਲਬ ਇਹ ਵੀ ਨਹੀਂ ਕਿ ਸਾਡੇ ਸਾਰੇ ਆਗੂ ਵਿੱਕੇ ਹੋਏ ਹਨ ।ਪਰ ਜਿਹੜੇ ਆਗੂ ਉੱਤੇ ਕਿਸੇ ਸੁਹਿਰਦ ਅਤੇ ਸਮਝਦਾਰ ਸਿੱਖ ਨਾਲੋ ਚਮਚਿਆਂ ਅਤੇ ਸਟੇਟ ਏਜੰਸੀਆਂ ਦੀ ਕਹੀ ਗੱਲ ਜ਼ਿਆਦਾ ਅਸਰ ਕਰਦੀ ਹੋਵੇ ,ਅਜਿਹੇ ਆਗੂ ਸਾਡੇ ਲਈ ਉੱਜਲ ਭਵਿੱਖ ਦੇ ਸਿਰਜਕ ਕਿਵੇਂ ਹੋ ਸਕਦੇ ਹਨ ।ਇੱਥੇ ਇੱਕ ਗੱਲ ਮੈ ਹੋਰ ਦੱਸਣੀ ਚਾਹੁੰਦਾ ਹਾਂ ਕਿ ਇਹ ਰੁਝਾਨ ਕੇਵਲ ਭਾਰਤ ਵਿੱਚ ਹੀ ਸਾਡੀ ਬਰਬਾਦੀ ਦਾ ਕਾਰਨ ਨਹੀ ਬਣ ਰਹੇ ਸਗੋ ਵਿਦੇਸ਼ਾਂ ਵਿੱਚ ਵੀ ਇਹੋ ਹਾਲ ਹੈ ।ਵਿਦੇਸ਼ਾਂ ਵਿੱਚ ਭਾਰਤੀ ਅੰਬੈਸੀਆਂ ਇਸ ਨੀਤੀ ਨੂੰ ਬੜੀ ਸਫਲਤਾ ਨਾਲ ਚਲਾ ਰਹੀਆਂ ਹਨ ।

## ਵੇਨੇਜ਼ੂਏਲਾ ਤੋਂ ਹੱਥ ਹਟਾਓ

# ਸਾਮਰਾਜਵਾਦੀ ਹਮਲਾਵਰ ਨੀਤੀਆਂ ਦਾ ਵਿਰੋਧ

ਇੰਡੀਆਨ ਵਰਕਰਜ਼ ਐਸੋਸੀਏਸ਼ਨ (ਗ੍ਰੇਟ ਬ੍ਰਿਟੇਨ) ਨੇ ਸੰਯੁਕਤ ਰਾਜ ਅਮਰੀਕਾ ਵੱਲੋਂ ਵੇਨੇਜ਼ੂਏਲਾ ਖ਼ਿਲਾਫ਼ ਕੀਤੀ ਜਾ ਰਹੀ ਫੌਜੀ ਦਖ਼ਲਅੰਦਾਜ਼ੀ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਸੰਸਥਾ ਦਾ ਕਹਿਣਾ ਹੈ ਕਿ ਇਹ ਕਾਰਵਾਈ ਇਕ ਸੰਪ੍ਰਭੂ ਦੇਸ਼ ਖ਼ਿਲਾਫ਼ ਖੁੱਲ੍ਹਾ ਸਾਮਰਾਜਵਾਦੀ ਹਮਲਾ ਹੈ, ਜੋ ਅੰਤਰਰਾਸ਼ਟਰੀ ਕਾਨੂੰਨ ਦੀ ਉਲੰਘਣਾ ਹੈ।

ਇੰਡੀਆਨ ਵਰਕਰਜ਼ ਐਸੋਸੀਏਸ਼ਨ (ਗ੍ਰੇਟ ਬ੍ਰਿਟੇਨ) ਦੇ ਜਨਰਲ ਸਕੱਤਰ ਸ਼ੀਤਲ ਸਿੰਘ ਨੇ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਦੀ ਅਗਵਾਈ ਹੇਠ ਕੀਤੀ ਜਾ ਰਹੀ ਫੌਜੀ ਦਖ਼ਲਅੰਦਾਜ਼ੀ ਬੇਹੱਦ ਖ਼ਤਰਨਾਕ ਹੈ ਅਤੇ ਇਹ ਲਾਤੀਨੀ ਅਮਰੀਕਾ ਸਮੇਤ ਪੂਰੀ ਦੁਨੀਆ ਵਿੱਚ ਅਮਨ ਅਤੇ ਸਥਿਰਤਾ ਲਈ ਗੰਭੀਰ ਖ਼ਤਰਾ ਪੈਦਾ ਕਰਦੀ ਹੈ।

ਉਨ੍ਹਾਂ ਕਿਹਾ ਕਿ "ਲੋਕਤੰਤਰ", "ਸੁਰੱਖਿਆ" ਜਾਂ "ਆਤੰਕਵਾਦ ਵਿਰੋਧ" ਵਰਗੀਆਂ ਝੂਠੀਆਂ ਦਲੀਲਾਂ ਦੇ ਨਾਂ 'ਤੇ ਕੀਤੀਆਂ ਜਾਣ ਵਾਲੀਆਂ ਦਖ਼ਲਅੰਦਾਜ਼ੀਆਂ ਅਸਲ ਵਿੱਚ ਸਰਕਾਰਾਂ ਨੂੰ ਬਦਲਣ, ਕੁਦਰਤੀ ਸਰੋਤਾਂ 'ਤੇ ਕਬਜ਼ਾ ਕਰਨ ਅਤੇ ਭੂ-ਰਾਜਨੀਤਕ ਦਬਦਬਾ ਕਾਇਮ ਕਰਨ ਦੀ ਸਾਜ਼ਿਸ਼ ਹੁੰਦੀਆਂ ਹਨ।

ਐਸੋਸੀਏਸ਼ਨ ਦਾ ਸਪਸ਼ਟ ਮਤ ਹੈ ਕਿ ਵੇਨੇਜ਼ੂਏਲਾ ਦੇ ਲੋਕਾਂ ਨੂੰ ਆਪਣਾ ਭਵਿੱਖ ਖੁਦ ਤੈਅ ਕਰਨ ਦਾ ਪੂਰਾ ਹੱਕ ਹੈ ਅਤੇ ਕਿਸੇ ਵੀ ਤਰ੍ਹਾਂ ਦੀ ਵਿਦੇਸ਼ੀ ਦਖ਼ਲਅੰਦਾਜ਼ੀ, ਦਬਾਅ ਜਾਂ ਫੌਜੀ ਜ਼ਬਰਦਸਤੀ ਕਬੂਲਯੋਗ ਨਹੀਂ।

ਸ਼ੀਤਲ ਸਿੰਘ ਨੇ ਚਿੰਤਾ ਜਤਾਈ ਕਿ ਪੱਛਮੀ ਤਾਕਤਾਂ ਬਿਨਾਂ ਸਜ਼ਾ ਦੇ ਡਰ ਤੋਂ ਫੌਜੀ ਹਮਲੇ ਅਤੇ ਆਰਥਿਕ ਪਾਬੰਦੀਆਂ ਲਗਾਉਂਦੀਆਂ ਆ ਰਹੀਆਂ ਹਨ, ਜਿਨ੍ਹਾਂ ਦਾ ਸਭ ਤੋਂ ਵੱਡਾ ਨੁਕਸਾਨ ਮਜ਼ਦੂਰ ਵਰਗ, ਗਰੀਬ ਲੋਕਾਂ ਅਤੇ ਕਮਜ਼ੋਰ ਵਰਗਾਂ ਨੂੰ ਹੁੰਦਾ ਹੈ, ਜਦਕਿ ਫਾਇਦਾ ਬਹੁਰਾਸ਼ਟਰੀ ਕੰਪਨੀਆਂ ਅਤੇ ਗਲੋਬਲ ਇਲਾਈਟ ਨੂੰ ਮਿਲਦਾ ਹੈ।

ਇੰਡੀਆਨ ਵਰਕਰਜ਼ ਐਸੋਸੀਏਸ਼ਨ (ਗ੍ਰੇਟ ਬ੍ਰਿਟੇਨ) ਵੱਲੋਂ ਮੰਗ ਕੀਤੀ ਗਈ ਹੈ:

ਵੇਨੇਜ਼ੂਏਲਾ ਵਿੱਚ ਹਰ ਤਰ੍ਹਾਂ ਦੀ ਫੌਜੀ ਦਖ਼ਲਅੰਦਾਜ਼ੀ ਤੁਰੰਤ ਖਤਮ ਕੀਤੀ ਜਾਵੇ

ਵੇਨੇਜ਼ੂਏਲਾ ਦੀ ਸੰਪ੍ਰਭੂਤਾ ਅਤੇ ਅੰਤਰਰਾਸ਼ਟਰੀ ਕਾਨੂੰਨ ਦਾ ਪੂਰਾ ਸਨਮਾਨ ਕੀਤਾ ਜਾਵੇ

ਆਮ ਲੋਕਾਂ ਨੂੰ ਸਜ਼ਾ ਦੇਣ ਵਾਲੀਆਂ ਆਰਥਿਕ ਪਾਬੰਦੀਆਂ ਤੁਰੰਤ ਹਟਾਈਆਂ ਜਾਣ

ਅਮਨ, ਸੰਵਾਦ ਅਤੇ ਅੰਤਰਰਾਸ਼ਟਰੀ ਏਕਜੁਟਤਾ ਲਈ ਪੱਕੀ ਵਚਨਬੱਧਤਾ ਦਿਖਾਈ ਜਾਵੇ

ਸੰਸਥਾ ਨੇ ਬ੍ਰਿਟਿਸ਼ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਸਾਮਰਾਜਵਾਦੀ ਫੌਜੀ ਨੀਤੀਆਂ ਤੋਂ ਸਪਸ਼ਟ ਤੌਰ 'ਤੇ ਦੂਰੀ ਬਣਾਵੇ ਅਤੇ ਅਮਨ, ਇਨਸਾਫ਼ ਅਤੇ ਦੇਸ਼ਾਂ ਦੇ ਆਤਮ-ਨਿਰਣੇ ਦੇ ਹੱਕ ਦੇ ਪੱਖ ਵਿੱਚ ਮਜ਼ਬੂਤੀ ਨਾਲ ਖੜ੍ਹੀ ਹੋਵੇ।

ਇੰਡੀਆਨ ਵਰਕਰਜ਼ ਐਸੋਸੀਏਸ਼ਨ (ਗ੍ਰੇਟ ਬ੍ਰਿਟੇਨ) ਨੇ ਵੇਨੇਜ਼ੂਏਲਾ ਦੇ ਲੋਕਾਂ ਨਾਲ ਅਤੇ ਦੁਨੀਆ ਭਰ ਵਿੱਚ ਸਾਮਰਾਜਵਾਦ, ਜੰਗ ਅਤੇ ਸ਼ੋਸ਼ਣ ਦੇ ਵਿਰੋਧ ਵਿੱਚ ਖੜ੍ਹੇ ਸਾਰੇ ਲੋਕਾਂ ਨਾਲ ਏਕਜੁਟਤਾ ਦਾ ਐਲਾਨ ਕੀਤਾ ਹੈ।

ਵੇਨੇਜ਼ੂਏਲਾ ਤੋਂ ਹੱਥ ਹਟਾਓ।
ਜੰਗ ਨਹੀਂ, ਅਮਨ ਚਾਹੀਦਾ ਹੈ।
ਅੰਤਰਰਾਸ਼ਟਰੀ ਏਕਜੁਟਤਾ ਜ਼ਿੰਦਾਬਾਦ।

— **ਇੰਡੀਆਨ ਵਰਕਰਜ਼ ਐਸੋਸੀਏਸ਼ਨ (ਗ੍ਰੇਟ ਬ੍ਰਿਟੇਨ)**

ਆਵਾਜ਼ਿ ਕੌਮ AWAZE QAUM International Newspaper & WEB TV

## Hands Off Venezuela – No to Imperialist Aggression

**THE ASIAN INDEPENDENT UK**

The Indian Workers Association (Great Britain) strongly condemns the military aggression carried out by the United States against the sovereign nation of Venezuela.

Sital Singh Gill, General Secretary of the Indian Workers Association (G.B).

The military intervention, authorised and led by the current President of the United States, Donald Trump, represents a dangerous and unlawful act of imperialism. Such actions violate international law, undermine national sovereignty, and pose a serious threat to peace and stability in Latin America and across the world.

The IWA rejects the false justifications of "democracy", "security", or "anti-drug operations" that are repeatedly used to disguise imperialist interventions, regime-change agendas, and the pursuit of geopolitical dominance and control over natural resources. The people of Venezuela alone have the right to decide their future, free from foreign interference, coercion, or military force.

We are deeply concerned that powerful Western states continue to act with impunity, ignoring the devastating human cost of military aggression and economic sanctions. These policies primarily harm working people, the poor, and the most vulnerable, while serving the interests




of multinational corporations and global elites.

The Indian Workers Association (Great Britain) calls for:

• An immediate end to all military aggression and foreign



Sital Singh Gill, General Secretary of the Indian Workers Association (G.B).

interference in Venezuela

• Full respect for Venezuelan sovereignty and international law

• The lifting of economic sanctions that punish ordinary people

• A commitment to peace, dialogue, and international solidarity

We also urge the British government to clearly distance itself from imperialist military actions and to stand firmly on the side of peace, justice, and the right of nations to self-determination.

The Indian Workers Association (Great Britain) stands in solidarity with the people of Venezuela and with all those worldwide who oppose imperialism, war, and exploitation.

Hands off Venezuela.
No to war.
Yes to peace and international solidarity.

— Indian Workers Association (Great Britain)